ਫੱਗਣ (ਸੰਮਤ ਨਾਨਕਸ਼ਾਹੀ ੫੫੧)
ਫਰਵਰੀ 2020

2/- ਰੁਪਏ
Vol. 92, Issue 2, February 2020

ਮਾਸਿਕ

# ਗੁਰਦੁਆਰਾ ਗਜ਼ਟ



## ਪ੍ਰਕਾਸ਼ ਅਸਥਾਨ ਸ੍ਰੀ ਗੁਰੂ ਨਾਨਕ ਦੇਵ ਜੀ

### ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਗਏ ਨਗਰ ਕੀਰਤਨ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕਰਨ ਲਈ ਲਿਜਾਂਦੇ ਹੋਏ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ। (1 ਜਨਵਰੀ)

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

| | |
|---|---|
| ਫੱਗਣ | ਨਾਨਕਸ਼ਾਹੀ ਸੰਮਤ ੫੫੧ |
| ਅੰਕ 2 | ਜਿਲਦ 92 |
| ਫਰਵਰੀ | 2020 |

ਸੰਪਾਦਕ : ਮਨਜੀਤ ਸਿੰਘ
ਐਸੋਸੀਏਟ ਸੰਪਾਦਕ : ਹਰਭਜਨ ਸਿੰਘ 'ਵਕਤਾ'

**ਸਹਾਇਤਾ**

| ਦੇਸ਼ | ਵਿਦੇਸ਼ |
|---|---|
| ਸਾਲਾਨਾ 20/- | ਸਾਲਾਨਾ 500/- |
| ਲਾਈਫ਼ 200/- | (ਹਵਾਈ ਡਾਕ) |

***Website : www.sgpc.net***
***E-mail : gurdwaragazette@gmail.com***
***info@sgpc.net***
***Phone: 0183-255 3956-60, Ext. 254***

## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇੱਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-68/10258 ਮਿਤੀ 20-6-67 ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

***ਪ੍ਰਤੀ ਕਾਪੀ 2/-ਰੁਪਏ***

# ਤਤਕਰਾ

| ਲੇਖ | ਪੰਨਾ |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਮਰਯਾਦਾ | 4 |
| ਇਤਿਹਾਸਕ ਦਿਹਾੜੇ | 5 |
| ਗੁਰਬਾਣੀ ਵਿਚਾਰ | 7 |
| ਸੰਪਾਦਕੀ | 8 |
| ਸ੍ਰੀ ਨਨਕਾਣਾ ਸਾਹਿਬ ਦਾ ਸ਼ਹੀਦੀ ਸਾਕਾ<br>*-ਭਾਈ ਗੋਬਿੰਦ ਸਿੰਘ ਲੌਂਗੋਵਾਲ* | 10 |
| ਵੱਡਾ ਘੱਲੂਘਾਰਾ<br>*-ਡਾ. ਹਰਬੰਸ ਸਿੰਘ* | 12 |
| ਕਰਤਾਰਪੁਰ ਸਾਹਿਬ<br>*-ਸ. ਤਲਵਿੰਦਰ ਸਿੰਘ ਬੁੱਟਰ* | 16 |
| ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਧਮਤਾਨ<br>*-ਬੀਬੀ ਸਿਮਰਨਜੀਤ ਕੌਰ* | 19 |
| ਸ਼੍ਰੋਮਣੀ ਕਮੇਟੀ ਖ਼ਬਰਨਾਮਾ | 23 |
| ਹਿਸਾਬ-ਕਿਤਾਬ | 58 |

## English Section

| | |
|---|---|
| Historical Events | 73 |
| Asht Ratnas- Eight Eminent Sikhs<br>*- S. Surjit Singh 'Gandhi'* | 75 |
| Kedli Chatti and Dumri (Jharkhand)<br>*-S. Jagmohan Singh Gill* | 78 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ

## ਮਹੀਨਾ ਫੱਗਣ

| | |
|---|---|
| * ਕਿਵਾੜ ਖੁੱਲ੍ਹਣ ਦਾ ਸਮਾਂ | ੨-੪੫ ਵਜੇ ਅੰਮ੍ਰਿਤ ਵੇਲੇ |
| * ਕੀਰਤਨ ਆਰੰਭ | ੨-੪੫ ਵਜੇ ਅੰਮ੍ਰਿਤ ਵੇਲੇ |
| * ਆਸਾ ਦੀ ਵਾਰ ਦਾ ਕੀਰਤਨ ਆਰੰਭ | ੩-੪੫ ਵਜੇ ਸਵੇਰੇ |
| * ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੪-੪੫ ਵਜੇ ਸਵੇਰੇ |
| * ਪਹਿਲਾ ਹੁਕਮਨਾਮਾ | ੫-੧੫ ਵਜੇ ਸਵੇਰੇ |
| * ਪਹਿਲੀ ਅਰਦਾਸ | ੫-੪੫ ਵਜੇ ਸਵੇਰੇ |
| * ਆਸਾ ਦੀ ਵਾਰ ਦੀ ਸਮਾਪਤੀ | ੬-੪੫ ਵਜੇ ਸਵੇਰੇ |
| * ਦੂਸਰੀ ਅਰਦਾਸ ਤੇ ਹੁਕਮਨਾਮਾ | ੬-੪੫ ਤੋਂ ੭-੦੦ ਵਜੇ ਸਵੇਰੇ |

* ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।

| | |
|---|---|
| * ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੯-੪੫ ਵਜੇ ਰਾਤ |
| * ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੧੦-੦੦ ਵਜੇ ਰਾਤ |
| * ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੧੫ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇੱਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

*ਸਕੱਤਰ,*
*ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬*
*ਫੋਨ : ੦੦੯੧-੧੮੩-੨੫੫੩੯੫੭,੫੮,੫੯*

# 16 ਫਰਵਰੀ ਤੋਂ 15 ਮਾਰਚ ਤਕ ਦੇ ਇਤਿਹਾਸਕ ਦਿਹਾੜੇ

| | |
|---|---|
| ੧੬ ਫਰਵਰੀ | ਗੁਰਦੁਆਰਿਆਂ ਦੇ ਪ੍ਰਬੰਧ ਸਬੰਧੀ ਕਾਨੂੰਨੀ ਖਰੜਾ ਬਣਾਉਣ ਲਈ ਅੰਗਰੇਜ਼ ਸਰਕਾਰ ਨੇ ਇਕ ਕਮੇਟੀ ਬਣਾਉਣ ਦਾ ਐਲਾਨ ਕੀਤਾ। (੧੬-੨-੧੯੨੧) |
| ੧੭ ਫਰਵਰੀ | ਸ੍ਰੀ ਮੁਕਤਸਰ ਸਾਹਿਬ ਦੇ ਗੁਰਦੁਆਰਿਆਂ ਦਾ ਪ੍ਰਬੰਧ ਸਿੱਖਾਂ ਨੇ ਸੰਭਾਲਿਆ। (੧੭-੨-੧੯੨੩) |
| ੧੮ ਫਰਵਰੀ | ਗੁਲੇਰ ਦੀ ਜੰਗ ਵਿਚ ਭਾਈ ਲਹਿਣਾ, ਭਾਈ ਸੰਗਤ ਰਾਏ ਤੇ ਭਾਈ ਹਨੂਮੰਤ ਨੇ ਸ਼ਹਾਦਤ ਪ੍ਰਾਪਤ ਕੀਤੀ। (੧੮-੨-੧੬੯੬) |
| ੨੦ ਫਰਵਰੀ | ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਵਿਖੇ ਮਹੰਤ ਨਰੈਣੂ ਦੇ ਆਦਮੀਆਂ ਵੱਲੋਂ ਗੋਲੀ ਚਲਾਏ ਜਾਣ ’ਤੇ ੧੫੦ ਦੇ ਕਰੀਬ ਸਿੱਖ ਸ਼ਹੀਦ ਹੋ ਗਏ। ਸ਼ਹੀਦ ਹੋਣ ਵਾਲਿਆਂ ਵਿਚ ਭਾਈ ਲਛਮਣ ਸਿੰਘ ਧਾਰੋਵਾਲੀ, ਭਾਈ ਦਲੀਪ ਸਿੰਘ, ਭਾਈ ਵਰਿਆਮ ਸਿੰਘ ਆਦਿ ਸ਼ਾਮਲ ਸਨ। (੨੦-੨-੧੯੨੧) |
| ੨੧ ਫਰਵਰੀ | (ੳ) ਸਰਕਾਰ ਨੇ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦਾ ਪ੍ਰਬੰਧ ਸਿੱਖਾਂ ਨੂੰ ਸੌਂਪ ਦਿੱਤਾ। (੨੧-੨-੧੯੨੧) |
| | (ਅ) ਜੈਤੋ ਵਿਖੇ ਪੁਲਿਸ ਫੋਰਸ ਵੱਲੋਂ ਸ਼ਹੀਦੀ ਜਥੇ ’ਤੇ ਫਾਇਰਿੰਗ ਦੌਰਾਨ ਲੱਗਭਗ ੧੦੦ ਸਿੰਘ ਸ਼ਹੀਦ ਹੋ ਗਏ ਅਤੇ ੨੦੦ ਦੇ ਕਰੀਬ ਜ਼ਖ਼ਮੀ ਹੋ ਗਏ। (੨੧-੨-੧੯੨੪) |
| | (ੲ) ਕਨੇਡੀਅਨ ਸ਼ਹੀਦੀ ਜਥੇ ਨੇ ਆਪਣੇ ਆਪ ਨੂੰ ਜੈਤੋ ਵਿਖੇ ਗ੍ਰਿਫ਼ਤਾਰੀ ਲਈ ਪੇਸ਼ ਕੀਤਾ। (੨੧-੨-੧੯੨੫) |
| ੨੫ ਫਰਵਰੀ | ਸਾਹਿਬਜ਼ਾਦਾ ਬਾਬਾ ਫ਼ਤਹਿ ਸਿੰਘ ਜੀ ਦਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਜਨਮ ਹੋਇਆ। (੨੫-੨-੧੬੯੯) |
| ੨੭ ਫਰਵਰੀ | ਅੰਗਰੇਜ਼ ਹਕੂਮਤ ਨੇ ਛੇ ਬੱਬਰ ਅਕਾਲੀ ਲਾਹੌਰ ਜੇਲ੍ਹ ਵਿਚ ਫਾਹੇ ਲਾ ਕੇ ਸ਼ਹੀਦ ਕਰ ਦਿੱਤੇ। (੨੭-੨-੧੯੨੬) |
| ੩ ਮਾਰਚ | ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਜੋਤੀ-ਜੋਤਿ ਸਮਾਏ। (੩-੩-੧੬੪੪) |
| ੫ ਮਾਰਚ | ਖ਼ਾਲਸਾ ਕਾਲਜ ਅੰਮ੍ਰਿਤਸਰ ਦੀ ਸਥਾਪਨਾ ਕੀਤੀ ਗਈ। (੫-੩-੧੮੯੨) |
| ੬ ਮਾਰਚ | ੧੮੮ ਸਿੱਖ ਕੈਦੀ ਜੋਧਪੁਰ ਦੀ ਜੇਲ੍ਹ ਤੋਂ ਰਿਹਾਅ ਹੋਏ। (੬-੩-੧੯੮੯) |
| ੯ ਮਾਰਚ | (ੳ) ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਡੁਮੇਲੀ (ਕਪੂਰਥਲੇ) ਆਏ। (੯-੩-੧੬੩੮) |
| | (ਅ) ਸਿੱਖਾਂ ਤੇ ਅੰਗਰੇਜ਼ਾਂ ਦਰਮਿਆਨ ਸੰਧੀ ਹੋਈ। (੯-੩-੧੮੪੬) |
| ੧੦ ਮਾਰਚ | ਸੂਬਾ ਲਾਹੌਰ ਦੇ ਮੁਗ਼ਲੀਆ ਸੈਨਾਪਤੀ ਲਖਪਤ ਰਾਏ ਨੇ ਇਕ ਹਜ਼ਾਰ ਤੋਂ ਵੱਧ ਸਿੱਖ ਕਤਲ ਕਰਵਾ ਦਿੱਤੇ, ਭਾਈ ਸਬੇਗ ਸਿੰਘ ਅਤੇ ਭਾਈ ਸ਼ਾਹਬਾਜ਼ ਸਿੰਘ ਨੂੰ ਚਰਖੜੀਆਂ 'ਤੇ ਚਾੜ੍ਹ ਕੇ ਸ਼ਹੀਦ ਕੀਤਾ ਗਿਆ । (੧੦-੩-੧੭੪੬) |

੧੧ ਮਾਰਚ ਸਿੱਖ ਫ਼ੌਜਾਂ ਨੇ ਸ. ਜੱਸਾ ਸਿੰਘ ਆਹਲੂਵਾਲੀਆ, ਬਾਬਾ ਬਘੇਲ ਸਿੰਘ ਤੇ ਸ. ਜੱਸਾ ਸਿੰਘ ਰਾਮਗੜ੍ਹੀਆ ਦੀ ਅਗਵਾਈ ਵਿਚ ਦਿੱਲੀ ਵਿਖੇ ਲਾਲ ਕਿਲ੍ਹੇ 'ਤੇ ਕੇਸਰੀ ਨਿਸ਼ਾਨ ਲਹਿਰਾਇਆ। (੧੧-੩-੧੭੮੩)

੧੨ ਮਾਰਚ ਸ. ਊਧਮ ਸਿੰਘ ਸੁਨਾਮ ਨੇ ਪੰਜਾਬ ਦੇ ਸਾਬਕਾ ਗਵਰਨਰ ਮਾਈਕਲ ਉਡਵਾਇਰ (ਜਲ੍ਹਿਆਂ ਵਾਲਾ ਬਾਗ਼, ਸ੍ਰੀ ਅੰਮ੍ਰਿਤਸਰ ਦੇ ਸਾਕੇ ੧੩-੪-੧੯੧੯ ਦੇ ਦੋਸ਼ੀ) ਨੂੰ ਲੰਡਨ ਵਿਖੇ ਗੋਲੀਆਂ ਮਾਰ ਕੇ ਖ਼ੂਨੀ ਸਾਕੇ ਦਾ ਬਦਲਾ ਲਿਆ। (੧੨-੩-੧੯੪੦)

੧੪ ਮਾਰਚ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਸ਼ਹੀਦ ਹੋਏ । (੧੪-੩-੧੮੨੨)

**ਧਰਮ ਪ੍ਰਚਾਰ ਕਮੇਟੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀਆਂ ਪ੍ਰਕਾਸ਼ਨਾਵਾਂ ਹੇਠ ਲਿਖੇ ਸਥਾਨਾਂ ਤੋਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ।**

* ਮੁੱਖ ਪ੍ਰਵੇਸ਼ ਦੁਆਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਚੌਂਕ ਘੰਟਾ-ਘਰ, ਸ੍ਰੀ ਅੰਮ੍ਰਿਤਸਰ।
* ਸ੍ਰੀ ਗੁਰੂ ਅਰਜਨ ਦੇਵ ਨਿਵਾਸ, ਸ੍ਰੀ ਅੰਮ੍ਰਿਤਸਰ।
* ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ, ਸ੍ਰੀ ਅੰਮ੍ਰਿਤਸਰ।
* ਗੁਰਦੁਆਰਾ ਪਾ: ੯ਵੀਂ ਬਾਬਾ ਬਕਾਲਾ (ਅੰਮ੍ਰਿਤਸਰ)।
* ਗੁਰਦੁਆਰਾ ਪਾ: ੯ਵੀਂ ਛੇਹਰਟਾ ਸਾਹਿਬ (ਅੰਮ੍ਰਿਤਸਰ)।
* ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, ਠੱਠਾ (ਤਰਨ ਤਾਰਨ)।
* ਸ੍ਰੀ ਦਰਬਾਰ ਸਾਹਿਬ, ਤਰਨ ਤਾਰਨ।
* ਗੁਰਦੁਆਰਾ ਸ੍ਰੀ ਗੋਇੰਦਵਾਲ ਸਾਹਿਬ (ਤਰਨ ਤਾਰਨ)।
* ਗੁਰਦੁਆਰਾ ਕੰਧ ਸਾਹਿਬ, ਬਟਾਲਾ (ਗੁਰਦਾਸਪੁਰ)।
* ਗੁਰਦੁਆਰਾ ਗਰਨਾ ਸਾਹਿਬ, ਬੋਦਲ (ਹੁਸ਼ਿਆਰਪੁਰ)।
* ਗੁਰਦੁਆਰਾ ਸੰਗ ਢੇਸੀਆਂ (ਜਲੰਧਰ)।
* ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ (ਕਪੂਰਥਲਾ)।
* ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ।
* ਗੁਰਦੁਆਰਾ ਭੱਠਾ ਸਾਹਿਬ, ਰੋਪੜ।
* ਗੁਰਦੁਆਰਾ ਸ੍ਰੀ ਚਮਕੌਰ ਸਾਹਿਬ (ਰੋਪੜ)।
* ਗੁਰਦੁਆਰਾ ਮੰਜੀ ਸਾਹਿਬ, ਆਲਮਗੀਰ (ਲੁਧਿਆਣਾ)।
* ਗੁਰਦੁਆਰਾ ਸ੍ਰੀ ਦੇਗਸਰ, ਕਟਾਣਾ (ਲੁਧਿਆਣਾ)।
* ਗੁਰਦੁਆਰਾ ਮੰਜੀ ਸਾਹਿਬ, ਕੋਟਾਂ (ਲੁਧਿਆਣਾ)।
* ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ, ਰਾਏਕੋਟ (ਲੁਧਿਆਣਾ)।
* ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ।
* ਗੁਰਦੁਆਰਾ ਦੂਖ ਨਿਵਾਰਨ ਸਾਹਿਬ, ਪਟਿਆਲਾ।
* ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ, ਸੰਗਰੂਰ।
* ਗੁਰਦੁਆਰਾ ਬਾਬਾ ਗਾਂਧਾ ਸਿੰਘ, ਬਰਨਾਲਾ।
* ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ)।
* ਗੁਰਦੁਆਰਾ ਪਾ: ੧੦ਵੀਂ, ਹਾਜੀ ਰਤਨ, ਬਠਿੰਡਾ।
* ਸ੍ਰੀ ਦਰਬਾਰ ਸਾਹਿਬ, ਮੁਕਤਸਰ।
* ਗੁਰਦੁਆਰਾ ਸ੍ਰੀ ਨਾਢਾ ਸਾਹਿਬ, ਪੰਚਕੂਲਾ (ਹਰਿਆਣਾ)।

**ਗੁਰਬਾਣੀ ਵਿਚਾਰ:**

# ਫਲਗੁਣਿ ਅਨੰਦ ਉਪਾਰਜਨਾ...

*ਫਲਗੁਣਿ ਅਨੰਦ ਉਪਾਰਜਨਾ ਹਰਿ ਸਜਣ ਪ੍ਰਗਟੇ ਆਇ॥*
*ਸੰਤ ਸਹਾਈ ਰਾਮ ਕੇ ਕਰਿ ਕਿਰਪਾ ਦੀਆ ਮਿਲਾਇ॥*
*ਸੇਜ ਸੁਹਾਵੀ ਸਰਬ ਸੁਖ ਹੁਣਿ ਦੁਖਾ ਨਾਹੀ ਜਾਇ॥*
*ਇਛ ਪੁਨੀ ਵਡਭਾਗਣੀ ਵਰੁ ਪਾਇਆ ਹਰਿ ਰਾਇ॥*
*ਮਿਲਿ ਸਹੀਆ ਮੰਗਲੁ ਗਾਵਹੀ ਗੀਤ ਗੋਵਿੰਦ ਅਲਾਇ॥*
*ਹਰਿ ਜੇਹਾ ਅਵਰੁ ਨ ਦਿਸਈ ਕੋਈ ਦੂਜਾ ਲਵੈ ਨ ਲਾਇ॥*
*ਹਲਤੁ ਪਲਤੁ ਸਵਾਰਿਓਨੁ ਨਿਹਚਲ ਦਿਤੀਅਨੁ ਜਾਇ॥*
*ਸੰਸਾਰ ਸਾਗਰ ਤੇ ਰਖਿਅਨੁ ਬਹੁੜਿ ਨ ਜਨਮੈ ਧਾਇ॥*
*ਜਿਹਵਾ ਏਕ ਅਨੇਕ ਗੁਣ ਤਰੇ ਨਾਨਕ ਚਰਣੀ ਪਾਇ॥*
*ਫਲਗੁਣਿ ਨਿਤ ਸਲਾਹੀਐ ਜਿਸ ਨੋ ਤਿਲੁ ਨ ਤਮਾਇ॥੧੩॥* (ਪੰਨਾ ੧੩੬)

ਸਿਆਲੀ ਰੁੱਤ ਦੀ ਕਰੜੀ ਸਰਦੀ ਪਿੱਛੋਂ ਬਹਾਰ ਫਿਰਨ 'ਤੇ ਫੱਗਣ ਦੇ ਮਹੀਨੇ ਵਿਚ ਲੋਕ ਹੋਲੀਆਂ ਦੇ ਰੰਗ-ਤਮਾਸ਼ਿਆਂ ਰਾਹੀਂ ਖ਼ੁਸ਼ੀਆਂ ਮਨਾਉਂਦੇ ਹਨ, ਪਰ ਫੱਗਣ ਵਿਚ (ਉਨ੍ਹਾਂ ਜੀਵ-ਇਸਤਰੀਆਂ ਦੇ ਅੰਦਰ) ਆਤਮਿਕ ਆਨੰਦ ਪੈਦਾ ਹੁੰਦਾ ਹੈ, ਜਿਨ੍ਹਾਂ ਦੇ ਹਿਰਦੇ ਵਿਚ ਸੱਜਣ-ਹਰੀ ਪਰਤੱਖ ਆ ਵੱਸਦਾ ਹੈ, ਪਰਮਾਤਮਾ ਨਾਲ ਮਿਲਣ ਵਿਚ ਸਹਾਇਤਾ ਕਰਨ ਵਾਲੇ ਸੰਤ-ਜਨ ਮਿਹਰ ਕਰਕੇ ਉਨ੍ਹਾਂ ਨੂੰ ਪ੍ਰਭੂ ਨਾਲ ਜੋੜ ਦਿੰਦੇ ਹਨ, ਉਨ੍ਹਾਂ ਦਾ ਹਿਰਦਾ (ਸੇਜ) ਸੁੰਦਰ ਬਣ ਜਾਂਦਾ ਹੈ, ਉਨ੍ਹਾਂ ਨੂੰ ਸਾਰੇ ਹੀ ਸੁਖ ਪ੍ਰਾਪਤ ਹੋ ਜਾਂਦੇ ਹਨ, ਫਿਰ ਦੁੱਖਾਂ ਲਈ (ਉਨ੍ਹਾਂ ਦੇ ਹਿਰਦੇ ਵਿਚ) ਕਿਤੇ ਰਤਾ ਥਾਂ ਨਹੀਂ ਰਹਿ ਜਾਂਦੀ । ਉਨ੍ਹਾਂ ਜੀਵ-ਇਸਤਰੀਆਂ ਦੀ ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ, ਜਦੋਂ ਉਨ੍ਹਾਂ ਨੂੰ ਹਰੀ-ਪ੍ਰਭੂ ਖਸਮ ਮਿਲ ਪੈਂਦਾ ਹੈ, ਉਹ ਸਤਸੰਗੀ ਸਹੇਲੀਆਂ ਨਾਲ ਰਲ਼ ਕੇ ਗੋਵਿੰਦ ਦੀ ਸਿਫ਼ਤਿ-ਸਾਲਾਹ ਦੇ ਗੀਤ ਅਲਾਪ ਕੇ ਆਤਮਿਕ ਆਨੰਦ ਪੈਦਾ ਕਰਨ ਵਾਲੀ ਗੁਰਬਾਣੀ ਗਾਂਦੀਆਂ ਹਨ। ਪਰਮਾਤਮਾ ਵਰਗਾ ਕੋਈ ਹੋਰ, ਉਸ ਦੀ ਬਰਾਬਰੀ ਕਰ ਸਕਣ ਵਾਲਾ ਕੋਈ ਦੂਜਾ ਉਨ੍ਹਾਂ ਨੂੰ ਕਿਤੇ ਦਿੱਸਦਾ ਹੀ ਨਹੀਂ।

ਉਸ ਪਰਮਾਤਮਾ ਨੇ (ਉਨ੍ਹਾਂ ਸਤ-ਸੰਗੀਆਂ ਦਾ) ਲੋਕ-ਪਰਲੋਕ ਸਵਾਰ ਦਿੱਤਾ ਹੈ, ਉਨ੍ਹਾਂ ਨੂੰ (ਆਪਣੇ ਚਰਨਾਂ ਵਿਚ ਲਿਵ-ਲੀਨਤਾ ਵਾਲੀ) ਐਸੀ ਥਾਂ ਬਖ਼ਸ਼ੀ ਹੈ, ਜੋ ਕਦੇ ਡੋਲਦੀ ਹੀ ਨਹੀਂ। ਪਰਮਾਤਮਾ ਨੇ ਸੰਸਾਰ-ਸਮੁੰਦਰ ਤੋਂ ਉਨ੍ਹਾਂ ਨੂੰ (ਹੱਥ ਦੇ ਕੇ) ਰੱਖ ਲਿਆ ਹੈ, ਜਨਮਾਂ ਦੇ ਗੇੜ ਵਿਚ ਮੁੜ ਉਨ੍ਹਾਂ ਦੀ ਦੌੜ-ਭੱਜ ਨਹੀਂ ਹੁੰਦੀ।

ਹੇ ਨਾਨਕ! (ਆਖ-) ਸਾਡੀ ਇਕ ਜੀਭ ਹੈ, ਪ੍ਰਭੂ ਦੇ ਅਨੇਕਾਂ ਹੀ ਗੁਣ ਹਨ (ਅਸੀਂ ਉਨ੍ਹਾਂ ਨੂੰ ਬਿਆਨ ਕਰਨ ਜੋਗੇ ਨਹੀਂ ਹਾਂ, ਪਰ) ਜਿਹੜੇ ਜੀਵ ਉਸ ਦੀ ਚਰਨੀਂ ਪੈਂਦੇ ਹਨ, (ਉਸ ਦਾ ਆਸਰਾ ਤੱਕਦੇ ਹਨ) ਉਹ (ਸੰਸਾਰ-ਸਮੁੰਦਰ ਤੋਂ) ਤਰ ਜਾਂਦੇ ਹਨ।

ਫੱਗਣ ਦੇ ਮਹੀਨੇ ਵਿਚ (ਹੋਲੀਆਂ ਆਦਿ ਵਿੱਚੋਂ ਅਨੰਦ ਲੱਭਣ ਦੇ ਥਾਂ) ਸਦਾ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਜਿਸ ਨੂੰ (ਆਪਣੀ ਵਡਿਆਈ ਕਰਵਾਉਣ ਦਾ) ਰਤਾ-ਭਰ ਭੀ ਲਾਲਚ ਨਹੀਂ ਹੈ (ਇਸ ਵਿਚ ਸਾਡਾ ਹੀ ਭਲਾ ਹੈ) ॥੧੩॥ ■

ਸੰਪਾਦਕੀ...

# ਜ਼ੁਲਮਾਂ ਦੀ ਹਨੇਰੀ 'ਚ ਸਿੱਖੀ ਦੀ ਚਮਕ

ਸਿੱਖ ਕੌਮ ਦਾ ਇਤਿਹਾਸ ਵਿਲੱਖਣ ਹੈ। ਇਸ ਦਾ ਹਰ ਪੰਨਾ ਸ਼ਾਨਾਮੱਤਾ ਹੈ। ਦੁਨੀਆ ਦੇ ਧਾਰਮਿਕ ਇਤਿਹਾਸ ਅੰਦਰ ਸਿੱਖ ਇਤਿਹਾਸ ਦੀ ਗੌਰਵਤਾ ਸਿੱਖਾਂ ਵੱਲੋਂ ਹੱਕ, ਸੱਚ ਤੇ ਮਨੁੱਖੀ ਕਦਰਾਂ-ਕੀਮਤਾਂ ਲਈ ਸਮੇਂ-ਸਮੇਂ ਦਿੱਤੀਆਂ ਗਈਆਂ ਸ਼ਹਾਦਤਾਂ ਕਰਕੇ ਹੋਰ ਵੀ ਜ਼ਿਆਦਾ ਉੱਭਰਦੀ ਹੈ। ਸਿੱਖ ਇਤਿਹਾਸ ਦੇ ਪੰਨੇ ਫਰੋਲਿਆਂ ਇਸ ਗੱਲ ਦਾ ਅਹਿਸਾਸ ਹੁੰਦਾ ਹੈ ਕਿ ਸਿੱਖਾਂ 'ਤੇ ਹੋਏ ਜ਼ੁਲਮਾਂ ਦੀ ਸੂਚੀ ਅਤਿਅੰਤ ਲੰਮੀ ਹੈ। ਸਿੱਖਾਂ ਦੀਆਂ ਸ਼ਹਾਦਤਾਂ ਦੇ ਗਵਾਹ ਸ਼ਹੀਦੀ ਸਾਕੇ ਆਪਣੀ ਵਿਥਿਆ ਆਪ ਬਿਆਨ ਕਰਦੇ ਹਨ। ਜ਼ੁਲਮਾਂ ਦੇ ਕਹਿਰੀ ਦੌਰ ਵਿਚ ਸਿੱਖੀ ਹੋਰ ਵੀ ਵੱਧ ਚਮਕੀ। ਇਹ ਗੁਰੂ ਸਾਹਿਬ ਦੀ ਕਿਰਪਾ ਹੀ ਸੀ ਕਿ ਸਿੱਖਾਂ ਨੂੰ ਖ਼ਤਮ ਕਰਨ ਦੀ ਨੀਅਤ ਨਾਲ ਆਈਆਂ ਸ਼ਕਤੀਆਂ ਨੂੰ ਕਰਾਰਾ ਜਵਾਬ ਮਿਲਿਆ। ਰੱਬੀ ਰੰਗ ਵਿਚ ਰੰਗੇ ਸਿੱਖਾਂ ਨੇ ਮੌਤ ਨੂੰ ਮਖੌਲਾਂ ਕੀਤੀਆਂ ਤੇ ਆਪਣੀਆਂ ਜਾਨਾਂ ਤੋਂ ਪਹਿਲਾਂ ਆਪਣਾ ਧਰਮ ਸਮਝਿਆ। ਸਿੱਖੀ ਸਿਦਕ ਵਿਚ ਪੱਕੇ ਸੂਰਮਿਆਂ ਨੇ ਸਿਰਾਂ ਦੀ ਪਰਵਾਹ ਨਾ ਕੀਤੀ।

ਫਰਵਰੀ ਮਹੀਨੇ ਵਾਪਰੇ ਸਾਕਿਆਂ ਵਿਚ ਵੱਡਾ ਘੱਲੂਘਾਰਾ, ਸ੍ਰੀ ਨਨਕਾਣਾ ਸਾਹਿਬ ਦਾ ਸ਼ਹੀਦੀ ਸਾਕਾ ਅਤੇ ਜੈਤੋ ਦਾ ਮੋਰਚਾ ਉਹ ਦਿਹਾੜੇ ਹਨ, ਜੋ ਸਿੱਖ ਕੌਮ ਦੀ ਅਣਖ਼, ਇੱਜ਼ਤ, ਬਹਾਦਰੀ ਅਤੇ ਸਵੈ-ਮਾਣ ਨਾਲ ਜੁੜੇ ਹੋਏ ਹਨ। ਸਿੱਖਾਂ 'ਤੇ ਹੋਏ ਕਹਿਰ ਦੀ ਕਹਾਣੀ ਬਿਆਨ ਕਰਦਾ 'ਵੱਡਾ ਘੱਲੂਘਾਰਾ' ਸਿੱਖ ਇਤਿਹਾਸ ਦਾ ਉਹ ਪੰਨਾ ਹੈ, ਜਿਸ ਦਾ ਹਰ ਅੱਖਰ ਸਿੱਖਾਂ ਦੀ ਹਿੰਮਤ, ਦਲੇਰੀ, ਸਹਿਣਸ਼ੀਲਤਾ, ਧਰਮ ਪ੍ਰਤੀ ਸਮਰਪਣ ਭਾਵਨਾ ਨੂੰ ਪ੍ਰਗਟਾਉਂਦਾ ਹੈ। ਇਤਿਹਾਸ ਅਨੁਸਾਰ ਅਹਿਮਦ ਸ਼ਾਹ ਅਬਦਾਲੀ ਵੱਲੋਂ ਹਿੰਦੋਸਤਾਨ 'ਤੇ ਕੀਤੇ ਗਏ ਹਮਲਿਆਂ ਮੌਕੇ ਉਸ ਵੱਲੋਂ ਬੰਦੀ ਬਣਾਈਆਂ ਲੜਕੀਆਂ ਨੂੰ ਸਿੱਖਾਂ ਨੇ ਛੁਡਵਾਇਆ। ਸਿੱਖਾਂ ਪ੍ਰਤੀ ਅਬਦਾਲੀ ਅੰਦਰ ਭਾਰੀ ਰੋਹ ਸੀ ਅਤੇ ਉਸ ਦੀ ਨੀਅਤ ਸਿੱਖਾਂ ਨੂੰ ਸਬਕ ਸਿਖਾਉਣ ਦੀ ਸੀ। ਉਹ ਆਪਣੀ ਭਾਰੀ ਫੌਜ ਨਾਲ ੫ ਫਰਵਰੀ ੧੭੬੨ ਈਸਵੀ ਨੂੰ ਪਿੰਡ ਕੁੱਪ-ਰੋਹੀੜਾ ਜੋ ਮਲੇਰਕੋਟਲਾ ਤੋਂ ਕੁਝ ਦੂਰੀ 'ਤੇ ਸਥਿਤ ਹੈ, ਵਿਖੇ ਪਹੁੰਚਿਆ ਤੇ ਸਿੱਖਾਂ ਦੇ ਕਾਫਲੇ ਨੂੰ ਘੇਰ ਲਿਆ। ਇਹ ਉਹ ਸਮਾਂ ਸੀ ਜਦੋਂ ਸਿੱਖਾਂ ਦਾ ਕਾਫਲਾ ਲੜਨ ਲਈ ਬਿਲਕੁਲ ਤਿਆਰ ਨਹੀਂ ਸੀ। ਸਿੱਖਾਂ ਕੋਲ ਉਸ ਵਕਤ ਬਹੁਤੇ ਹਥਿਆਰ ਵੀ ਨਹੀਂ ਸਨ ਪਰ ਸਿੱਖਾਂ ਦੇ ਮਜ਼ਬੂਤ ਇਰਾਦਿਆਂ ਨੇ ਅਬਦਾਲੀ ਦੀਆਂ ਫੌਜਾਂ ਦਾ ਡਟ ਕੇ ਮੁਕਾਬਲਾ ਕੀਤਾ। ਸ. ਜੱਸਾ ਸਿੰਘ ਆਹਲੂਵਾਲੀਆ ਤੇ ਸ. ਚੜ੍ਹਤ ਸਿੰਘ ਸ਼ੁਕਰਚੱਕੀਆ ਆਦਿ ਜਰਨੈਲਾਂ ਦੀ ਅਗਵਾਈ ਵਿਚ ਸਿੱਖਾਂ ਦਾ ਕਾਫਲਾ ਦੁਸ਼ਮਣ ਦਾ ਟਾਕਰਾ ਕਰਦਾ ਰਿਹਾ। ਸਿੱਖਾਂ ਨੇ ਅਬਦਾਲੀ ਦੀਆਂ ਫੌਜਾਂ ਨੂੰ ਭਾਜੜ ਪਾਈ ਰੱਖੀ। ਪਰੰਤੂ ਇਸ ਘੱਲੂਘਾਰੇ ਵਿਚ ਬੱਚਿਆਂ, ਔਰਤਾਂ ਅਤੇ ਬਜ਼ੁਰਗਾਂ ਸਮੇਤ ਵੱਡੀ ਗਿਣਤੀ ਵਿਚ ਸਿੱਖਾਂ ਦਾ ਜਾਨੀ ਨੁਕਸਾਨ ਹੋਇਆ।

ਇਸੇ ਤਰ੍ਹਾਂ ਸ੍ਰੀ ਨਨਕਾਣਾ ਸਾਹਿਬ ਦਾ ਸ਼ਹੀਦੀ ਸਾਕਾ ਵੀ ਇੱਕ ਦਿਲ-ਕੰਬਾਊ ਘਟਨਾ ਹੈ। ਇਹ ਸਾਕਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਦੀ ਪਵਿੱਤਰਤਾ ਅਤੇ ਆਜ਼ਾਦੀ ਨਾਲ ਜੁੜਿਆ ਹੋਇਆ ਹੈ। ਸ੍ਰੀ ਨਨਕਾਣਾ ਸਾਹਿਬ ਸਿੱਖਾਂ ਲਈ ਅਤਿਅੰਤ ਪਵਿੱਤਰ ਅਤੇ ਸਤਿਕਾਰਤ ਹੈ। ਇਸ ਪਾਵਨ ਅਸਥਾਨ ਦੀ ਬੇਅਦਬੀ ਸਿੱਖ ਕਿਵੇਂ ਸਹਾਰ ਸਕਦੇ ਹਨ। ਉਸ ਵਕਤ ਸ੍ਰੀ ਨਨਕਾਣਾ ਸਾਹਿਬ 'ਤੇ ਮਹੰਤ ਨਰਾਇਣ ਦਾਸ ਕਾਬਜ਼ ਸੀ। ਉਸ ਵੱਲੋਂ ਗੁਰੂ-ਘਰ ਵਿਖੇ ਦਰਸ਼ਨ ਕਰਨ ਪੁੱਜਦੀਆਂ ਸੰਗਤਾਂ ਨਾਲ ਦੁਰਵਿਹਾਰ ਕੀਤਾ ਜਾਂਦਾ। ਮਹੰਤ ਦੀਆਂ ਆਪਹੁਦਰੀਆਂ ਕਾਰਨ ਜਦੋਂ ਸਿੱਖਾਂ ਦੇ ਸਬਰ ਦਾ ਪਿਆਲਾ ਭਰ ਗਿਆ ਤਾਂ, ਉਨ੍ਹਾਂ ਨੇ ਸ੍ਰੀ ਨਨਕਾਣਾ ਸਾਹਿਬ ਮਹੰਤ ਤੋਂ ਆਜ਼ਾਦ ਕਰਾਉਣ ਦਾ ਫੈਸਲਾ ਕੀਤਾ। ਮਹੰਤ ਨੇ ਸਿੱਖਾਂ

'ਤੇ ਹਮਲਾ ਕਰਨ ਦੀ ਨੀਅਤ ਨਾਲ ਗੁੰਡੇ ਇਕੱਠੇ ਕਰ ਲਏ। ਮਹੰਤ ਦੇ ਇਰਾਦੇ ਦਾ ਪਤਾ ਲੱਗਣ 'ਤੇ ਜੱਥੇ ਰੋਕਣ ਦਾ ਫੈਸਲਾ ਹੋਇਆ ਪਰ ਭਾਈ ਲਛਮਣ ਸਿੰਘ ਧਾਰੋਵਾਲੀ ਦੀ ਅਗਵਾਈ ਵਿਚ ਜੱਥਾ ਸ੍ਰੀ ਨਨਕਾਣਾ ਸਾਹਿਬ ਵਿਖੇ ਪੁੱਜ ਗਿਆ। ੨੦ ਫਰਵਰੀ ਨੂੰ ਮਹੰਤ ਦੇ ਗੁੰਡਿਆਂ ਵੱਲੋਂ ਸ਼ਾਂਤਮਈ ਸਿੱਖਾਂ ਉਤੇ ਹਮਲਾ ਕੀਤਾ ਗਿਆ। ਸਿੱਖ ਸ਼ਕਤੀ ਦਾ ਵੱਡਾ ਜਾਨੀ ਨੁਕਸਾਨ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬੀੜ ਨੂੰ ਗੋਲੀਆਂ ਲੱਗੀਆਂ। ਭਾਈ ਲਛਮਣ ਸਿੰਘ ਧਾਰੋਵਾਲੀ ਨੂੰ ਜੰਡ ਦੇ ਦਰੱਖਤ ਨਾਲ ਬੰਨ੍ਹ ਕੇ ਅੱਗ ਲਗਾ ਦਿੱਤੀ ਗਈ। ਇੰਝ ਅਨੇਕਾਂ ਕੁਰਬਾਨੀਆਂ ਤੋਂ ਬਾਅਦ ਸ੍ਰੀ ਨਨਕਾਣਾ ਸਾਹਿਬ ਦਾ ਪ੍ਰਬੰਧ ਪੰਥਕ ਹੱਥਾਂ ਵਿਚ ਆਇਆ। ਇਥੋਂ ਹੀ ਗੁਰਧਾਮਾਂ ਦੀ ਆਜ਼ਾਦੀ ਦੀ ਲਹਿਰ ਹੋਰ ਪ੍ਰਚੰਡ ਹੋਈ।

ਤੀਸਰੀ ਘਟਨਾ 'ਜੈਤੋ ਦੇ ਮੋਰਚੇ' ਦੀ ਹੈ ਜੋ ੨੧ ਫਰਵਰੀ ੧੯੨੪ ਨੂੰ ਵਾਪਰਿਆ। ਜੈਤੋ ਦੇ ਮੋਰਚੇ ਦਾ ਆਰੰਭ ਮਹਾਰਾਜਾ ਰਿਪੁਦਮਨ ਸਿੰਘ ਨਾਭਾ ਨੂੰ ਗੱਦੀਓਂ ਲਾਹੁਣ ਦੀ ਘਟਨਾ ਨਾਲ ਹੁੰਦਾ ਹੈ। ਇਸ ਨਾਲ ਸਿੱਖਾਂ ਵਿਚ ਰੋਸ ਦੀ ਲਹਿਰ ਪੈਦਾ ਹੋ ਗਈ। ਇਸੇ ਦੇ ਮੱਦੇਨਜ਼ਰ ਸਿੱਖਾਂ ਨੇ ਗੁਰਦੁਆਰਾ ਸ੍ਰੀ ਗੰਗਸਰ ਸਾਹਿਬ ਜੈਤੋ ਵਿਖੇ ਦੀਵਾਨ ਕਰ ਕੇ ਰੋਸ ਪ੍ਰਗਟ ਕੀਤਾ। ਸਰਕਾਰ ਵੱਲੋਂ ਰਿਆਸਤ ਨਾਭਾ ਦੇ ਮੁੱਖ ਪ੍ਰਬੰਧਕ ਰਾਹੀਂ ਗੁਰਦੁਆਰਾ ਸ੍ਰੀ ਗੰਗਸਰ ਸਾਹਿਬ ਵਿਖੇ ਸਮਾਗਮ ਕਰਨ 'ਤੇ ਪਾਬੰਦੀ ਲਗਾ ਦਿੱਤੀ ਗਈ। ਇਸ ਸਾਰੇ ਘਟਨਾਕ੍ਰਮ ਉਪਰੰਤ ਸਿੱਖ ਪੰਥ ਨੇ ਜੱਥੇ ਭੇਜ ਕੇ ਮਹਾਰਾਜਾ ਨਾਭਾ ਦੀ ਬਹਾਲੀ ਲਈ ਸੰਘਰਸ਼ ਆਰੰਭਿਆ। ਇਸੇ ਦੌਰਾਨ ਹੀ ਪੁੱਜੇ ਜੱਥਿਆਂ ਨੇ ਸ੍ਰੀ ਗੰਗਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰ ਦਿੱਤਾ ਪਰ ਰਿਆਸਤ ਦੀ ਪੁਲਿਸ ਨੇ ਜੱਥੇ ਦੇ ਸਿੰਘਾਂ ਅਤੇ ਪਾਠ ਕਰ ਰਹੇ ਅਖੰਡ ਪਾਠੀ ਸਿੰਘ ਨੂੰ ਗ੍ਰਿਫਤਾਰ ਕਰ ਲਿਆ, ਜਿਸ ਕਾਰਨ ਸ੍ਰੀ ਅਖੰਡ ਪਾਠ ਸਾਹਿਬ ਖੰਡਿਤ ਹੋ ਗਿਆ। ਪੰਥ ਵੱਲੋਂ ਲੰਮੇ ਸੰਘਰਸ਼ ਤੋਂ ਬਾਅਦ ਸ੍ਰੀ ਅਖੰਡ ਪਾਠ ਸਾਹਿਬ ਦੁਬਾਰਾ ਆਰੰਭ ਹੋ ਜਾਣ 'ਤੇ ਮੋਰਚਾ ਫਤਹਿ ਹੋਇਆ। ਇਸ ਮੋਰਚੇ ਵਿਚ ਸਿੱਖਾਂ ਨੂੰ ਵੱਡਾ ਜਾਨੀ ਨੁਕਸਾਨ ਉਠਾਉਣਾ ਪਿਆ।

ਸਿੱਖ ਕੌਮ ਵਿਰੁੱਧ ਵਾਪਰੇ ਘੱਲੂਘਾਰਿਆਂ ਅਤੇ ਸਾਕਿਆਂ ਦੌਰਾਨ ਸਿੱਖਾਂ ਦੀਆਂ ਬੇਮਿਸਾਲ ਸ਼ਹਾਦਤਾਂ ਨੇ ਕੌਮ ਅੰਦਰ ਸ਼ਹਾਦਤ ਦੇ ਜਜ਼ਬੇ ਨੂੰ ਹੋਰ ਵੀ ਪ੍ਰਚੰਡ ਕੀਤਾ। ਇਹ ਸਾਕੇ ਅਤੇ ਘੱਲੂਘਾਰੇ ਸਿੱਖ ਕੌਮ ਦੀ ਬਹਾਦਰੀ ਅਤੇ ਅਣਖ਼ ਨਾਲ ਜੁੜੇ ਹੋਏ ਹਨ ਅਤੇ ਅਜੋਕੇ ਸਮੇਂ ਵਿਚ ਵੀ ਸਿੱਖ ਕੌਮ ਨੂੰ ਆਪਣੇ ਧਰਮ ਅਤੇ ਪਰੰਪਰਾਵਾਂ ਦੀ ਰਖਵਾਲੀ ਲਈ ਅਗਵਾਈ ਦਿੰਦੇ ਹਨ। ਅੱਜ ਦੀ ਸਿੱਖ ਨੌਜਵਾਨੀ ਨੂੰ ਇਨ੍ਹਾਂ ਸਾਕਿਆ ਅਤੇ ਘੱਲੂਘਾਰਿਆਂ ਦੇ ਇਤਿਹਾਸ ਤੋਂ ਜਾਣੂੰ ਕਰਵਾਉਣਾ ਬੇਹੱਦ ਜ਼ਰੂਰੀ ਹੈ।

■


# ਧਾਰਮਿਕ ਪ੍ਰੀਖਿਆ

***ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਹਰ ਸਾਲ ਧਾਰਮਿਕ ਪ੍ਰੀਖਿਆ ਲੈ ਕੇ ਵਜ਼ੀਫੇ ਦਿੱਤੇ ਜਾਂਦੇ ਹਨ। ਇਹ ਪ੍ਰੀਖਿਆ ਹਰ ਸਾਲ ਅਕਤੂਬਰ-ਨਵੰਬਰ ਵਿਚ ਹੁੰਦੀ ਹੈ। ਇਸ ਪ੍ਰੀਖਿਆ ਵਿਚ ਸ਼ਾਮਲ ਹੋਣ ਦੇ ਚਾਹਵਾਨ ਵਿਦਿਆਰਥੀ ਸਕੱਤਰ, ਧਰਮ ਪ੍ਰਚਾਰ ਕਮੇਟੀ (ਸ਼੍ਰੋ: ਗੁ: ਪ੍ਰ: ਕਮੇਟੀ), ਸ੍ਰੀ ਅੰਮ੍ਰਿਤਸਰ ਨੂੰ ਲਿਖਣ।***

# ਸ੍ਰੀ ਨਨਕਾਣਾ ਸਾਹਿਬ ਦਾ ਸ਼ਹੀਦੀ ਸਾਕਾ

*-ਭਾਈ ਗੋਬਿੰਦ ਸਿੰਘ ਲੌਂਗੋਵਾਲ**

ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਸਿੱਖਾਂ ਦਾ ਉਹ ਮੁਕੱਦਸ ਅਸਥਾਨ ਹੈ, ਜਿਥੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਹੋਇਆ। ਗੁਰੂ ਸਾਹਿਬ ਜੀ ਦੇ ਆਗਮਨ ਸਮੇਂ ਇਹ ਨਗਰ ਰਾਏ ਭੋਇ ਦੀ ਤਲਵੰਡੀ ਕਰਕੇ ਜਾਣਿਆ ਜਾਂਦਾ ਸੀ। ਗੁਰੂ ਸਾਹਿਬ ਦੇ ਮੁਬਾਰਕ ਪ੍ਰਕਾਸ਼ ਤੋਂ ਬਾਅਦ ਇਸ ਦਾ ਨਾਮ ਸ੍ਰੀ ਨਨਕਾਣਾ ਸਾਹਿਬ ਕਰਕੇ ਮਸ਼ਹੂਰ ਹੋਇਆ। ਭਾਰਤ ਪਾਕਿਸਤਾਨ ਵੰਡ ਸਮੇਂ ਬੇਸ਼ੱਕ ਇਹ ਅਸਥਾਨ ਪਾਕਿਸਤਾਨ ਵਿਚ ਚਲਾ ਗਿਆ ਪਰ ਸਮੁੱਚੇ ਵਿਸ਼ਵ ਦੀਆਂ ਸੰਗਤਾਂ ਇਸ ਇਤਿਹਾਸਕ ਅਸਥਾਨ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਨਤਮਸਤਕ ਹੁੰਦੀਆਂ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ੨੦ ਫ਼ਰਵਰੀ ੧੯੨੧ ਨੂੰ ਵਾਪਰੇ ਸ਼ਹੀਦੀ ਸਾਕੇ ਨੂੰ 'ਸਾਕਾ ਨਨਕਾਣਾ ਸਾਹਿਬ' ਕਰਕੇ ਜਾਣਿਆ ਜਾਂਦਾ ਹੈ। ਇਸ ਸਾਕੇ ਸਮੇਂ ਵੱਡੀ ਗਿਣਤੀ ਵਿਚ ਸਿੱਖਾਂ ਦੀਆਂ ਸ਼ਹਾਦਤਾਂ ਹੋਈਆਂ। ਇਸ ਸਾਕੇ ਦੇ ਪਿਛੋਕੜ ਵਿਚ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ 'ਤੇ ਕਾਬਜ ਮਹੰਤ ਨਰੈਣੂ ਦੀਆਂ ਮਨ-ਮਾਨੀਆਂ ਅਤੇ ਅਯਾਸ਼ ਕਿਸਮ ਦੀਆਂ ਕਾਰਵਾਈਆਂ ਸਨ। ਅੰਗਰੇਜ਼ਾਂ ਦੇ ਪਿੱਠੂ ਇਸ ਮਹੰਤ ਨਰੈਣੂ ਦੇ ਮਾੜੇ ਚਾਲ-ਚਲਣ ਕਰਕੇ ਸੰਗਤ ਵਿਚ ਬੇਹੱਦ ਰੋਸ ਦੀ ਭਾਵਨਾ ਬਣ ਗਈ ਸੀ। ਇਸ ਅਯਾਸ਼ ਮਹੰਤ ਪਾਸੋਂ ਗੁਰਦੁਆਰਾ ਸਾਹਿਬ ਨੂੰ ਅਜ਼ਾਦ ਕਰਵਾਉਣ ਲਈ ਆਪਣੀਆਂ ਜਾਨਾਂ ਦੀ ਪ੍ਰਵਾਹ ਨਾ ਕੀਤੀ। ਸਾਕਾ ਨਨਕਾਣਾ ਸਾਹਿਬ ਦੌਰਾਨ ਸਿੱਖਾਂ ਨੂੰ ਅਣਗਿਣਤ ਕੁਰਬਾਨੀਆਂ ਤਾਂ ਦੇਣੀਆਂ ਹੀ ਪਈਆਂ ਪਰੰਤੂ ਇਸ ਸਾਕੇ ਤੋਂ ਬਾਅਦ ਜਿਥੇ ਇਸ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਪੰਥਕ ਹੱਥਾਂ ਵਿਚ ਆਇਆ, ਉਥੇ ਹੀ ਸਮੁੱਚਾ ਪੰਥ ਕੌਮੀ ਸੰਗਠਨ ਨਾਲ ਗੁਰਦੁਆਰਾ ਸਾਹਿਬਾਨ ਦੀ ਆਜ਼ਾਦੀ ਲਈ ਉਠ ਖੜ੍ਹਾ ਹੋਇਆ।

ਗੁਰਦੁਆਰੇ ਸਿੱਖਾਂ ਲਈ ਬੇਹੱਦ ਪਾਵਨ ਅਸਥਾਨ ਹਨ। ਇਹ ਸਿੱਖ ਜੀਵਨ-ਜਾਚ ਲਈ ਪ੍ਰੇਰਣਾ ਸਰੋਤ ਅਤੇ ਗੁਰਮਤਿ ਪ੍ਰਚਾਰ ਦਾ ਮੁੱਖ ਕੇਂਦਰ ਹਨ। ਮਹਾਰਾਜਾ ਰਣਜੀਤ ਸਿੰਘ ਨੇ ਆਪਣੇ ਸਾਸ਼ਨ ਦੌਰਾਨ ਗੁਰਦੁਆਰਾ ਸਾਹਿਬਾਨ ਦੇ ਨਾਮ ਜ਼ਮੀਨਾਂ ਤੇ ਜਗੀਰਾਂ ਆਦਿ ਲਗਵਾਈਆਂ ਅਤੇ ਗੁਰਦੁਆਰਾ ਸਾਹਿਬਾਨ ਦੀਆਂ ਨਵੀਆਂ ਇਮਾਰਤਾਂ ਵੀ ਤਿਆਰ ਕਰਵਾਈਆਂ। ਉਨ੍ਹਾਂ ਦੇ ਰਾਜ ਤੋਂ ਬਾਅਦ ਪੰਜਾਬ ਉਤੇ ਜਦੋਂ ਅੰਗਰੇਜ਼ਾਂ ਨੇ ਕਬਜ਼ਾ ਕੀਤਾ ਤਾਂ ਉਨ੍ਹਾਂ ਨੇ ਗੁਰਦੁਆਰਿਆਂ ਦੇ ਪ੍ਰਬੰਧਾਂ ਵਿਚ ਸਿੱਧਾ ਦਖ਼ਲ ਦੇਣਾ ਅਰੰਭ ਕਰ ਦਿੱਤਾ। ਉਸ ਸਮੇਂ ਗੁਰਦੁਆਰਿਆਂ ਦਾ ਪ੍ਰਬੰਧ ਮਹੰਤ, ਨਿਰਮਲੇ ਆਦਿ ਕਰਦੇ ਸਨ। ਅੰਗਰੇਜ਼ਾਂ ਦੀ ਸ਼ਹਿ ਹੇਠ ਮਹੰਤਾਂ ਨੇ ਗੁਰੂ ਘਰਾਂ ਅੰਦਰ ਮਨਮਾਨੀਆਂ ਦੇ ਨਾਲ-ਨਾਲ ਗੁਰਮਤਿ ਵਿਰੋਧੀ ਕਾਰਵਾਈਆਂ ਸ਼ੁਰੂ ਕਰ ਦਿੱਤੀਆਂ।

ਸ੍ਰੀ ਨਨਕਾਣਾ ਸਾਹਿਬ 'ਤੇ ਕਾਬਜ਼ ਮਹੰਤ ਨਰਾਇਣ ਦਾਸ ਗੁਰਮਤਿ ਵਿਰੋਧੀ ਕਾਰਵਾਈਆਂ ਕਾਰਨ ਬਹੁਤ ਬਦਨਾਮ ਹੋ ਚੁੱਕਾ ਸੀ। ਇਸ ਮਹੰਤ ਨੇ ਗੁਰਮਤਿ ਦੇ ਉਲਟ ਕੰਜਰੀਆਂ ਦਾ ਨਾਚ ਕਰਾਇਆ, ਜਿਸ ਦਾ ਸੰਗਤਾਂ ਨੇ ਬਹੁਤ ਬੁਰਾ ਮਨਾਇਆ। ਅਖ਼ਬਾਰਾਂ ਵਿਚ ਵੀ ਖ਼ਬਰਾਂ ਛਪੀਆਂ ਅਤੇ ਸਿੰਘ ਸਭਾਵਾਂ ਨੇ ਰੋਸ ਮਤੇ ਪਾਸ ਕੀਤੇ ਤੇ ਸਰਕਾਰ ਤੋਂ ਮਹੰਤ ਨੂੰ ਹਟਾਉਣ ਦੀ ਮੰਗ ਕੀਤੀ ਗਈ। ੧੯੧੮ ਈ: ਵਿਚ ਸਿੰਧ ਦਾ ਰਹਿਣ ਵਾਲਾ ਇਕ ਰਿਟਾਇਰ ਅਫ਼ਸਰ ਨਨਕਾਣਾ ਸਾਹਿਬ ਦੇ ਦਰਸ਼ਨਾਂ ਲਈ ਆਪਣੇ ਪਰਿਵਾਰ ਨਾਲ ਆਇਆ, ਮਹੰਤ ਨੇ ਉਸ ਦੇ ਪਰਿਵਾਰ ਨਾਲ ਦੁਰਵਿਵਹਾਰ ਕੀਤਾ। ਪੁਜਾਰੀਆਂ ਦੀਆਂ ਅਜਿਹੀਆਂ ਹਰਕਤਾਂ ਤੋਂ ਲੋਕ ਤੰਗ ਆ ਚੁੱਕੇ ਸਨ ਅਤੇ ਉਨ੍ਹਾਂ ਦੇ ਸਬਰ ਦਾ ਪਿਆਲਾ ਭਰ ਚੁੱਕਾ ਸੀ। ਅਕਤੂਬਰ

**ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

੧੯੨੦ ਈ. ਵਿਚ ਜ਼ਿਲ੍ਹਾ ਸ਼ੇਖੂਪੁਰਾ ਦੇ ਪਿੰਡ ਧਾਰੋਵਾਲੀ ਵਿਖੇ ਇਕ ਸਜੇ ਦੀਵਾਨ ਵਿਚ ਸੰਗਤਾਂ ਦੇ ਇਕੱਠ 'ਚ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ ਦੇ ਸੁਧਾਰ ਲਈ ਮਤਾ ਪਾਸ ਕੀਤਾ, ਜਿਸ ਦੀ ਜਾਣਕਾਰੀ ਮਹੰਤ ਨੂੰ ਵੀ ਪਹੁੰਚ ਗਈ ਸੀ। ਇਸ ਲਈ ਉਸ ਨੇ ਚਾਰ-ਪੰਜ ਸੌ ਭਾੜੇ ਦੇ ਆਦਮੀ ਆਪਣੀ ਰਾਖੀ ਲਈ ਸੱਦ ਲਏ।

੧੯੨੦ ਈ: ਨੂੰ ਕੱਤਕ ਦੀ ਪੂਰਨਮਾਸ਼ੀ ਦੇ ਮੇਲੇ 'ਤੇ ਮਹੰਤ ਨਰਾਇਣ ਦਾਸ ਨੇ ਚਾਰ-ਪੰਜ ਸੌ ਆਦਮੀਆਂ ਦਾ ਮੁਜ਼ਾਹਰਾ ਕੀਤਾ। ਸੰਗਤਾਂ ਵਿਚੋਂ ਜਿਸ ਉਤੇ ਵੀ ਅਕਾਲੀ ਹੋਣ ਦਾ ਸ਼ੱਕ ਪਿਆ, ਉਸ ਨੂੰ ਅੰਦਰ ਜਾਣ ਤੋਂ ਰੋਕ ਦਿੱਤਾ। ਇਸ ਪਿਛੋਂ ੨੩ ਜਨਵਰੀ ਅਤੇ ੬ ਫਰਵਰੀ ੧੯੨੧ ਈ: ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਉਤੇ ਇਸ ਸਬੰਧੀ ਵਿਚਾਰਾਂ ਹੋਈਆਂ। ਉਸ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸੁੰਦਰ ਸਿੰਘ ਰਾਮਗੜ੍ਹੀਆ ਤੇ ਮੀਤ ਪ੍ਰਧਾਨ ਹਰਬੰਸ ਸਿੰਘ ਵਲੋਂ ਕਮੇਟੀ ਦੀ ਰਾਏ ਅਨੁਸਾਰ ਮਹੰਤ ਦੇ ਨਾਮ ਉਸ ਦੇ ਆਚਰਣ ਸਬੰਧੀ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਸੁਧਾਰ ਲਈ ਖੁਲ੍ਹੀ ਚਿੱਠੀ ਲਿਖੀ ਗਈ। ਇਸ ਦੇ ਨਾਲ ਹੀ ਸ੍ਰੀ ਨਨਕਾਣਾ ਸਾਹਿਬ ਵਿਖੇ ਦੀਵਾਨ ਤੇ ਲੰਗਰ ਦੇ ਪ੍ਰਬੰਧ ਲਈ ਭਾਈ ਲਛਮਣ ਸਿੰਘ, ਸ. ਦਲੀਪ ਸਿੰਘ, ਸ. ਤੇਜਾ ਸਿੰਘ ਸਮੁੰਦਰੀ, ਸ. ਕਰਤਾਰ ਸਿੰਘ ਝੱਬਰ ਅਤੇ ਸ. ਬਖਸ਼ੀਸ਼ ਸਿੰਘ 'ਤੇ ਅਧਾਰਤ ਇਕ ਕਮੇਟੀ ਬਣਾ ਦਿੱਤੀ। ਇਨ੍ਹਾਂ ਤੋਂ ਇਲਾਵਾ ਹੋਰ ਪ੍ਰਮੁੱਖ ਸਿੱਖ ਵੀ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ ਸਬੰਧੀ ਸੰਗਤਾਂ ਨੂੰ ਜਾਗਰੂਕ ਕਰਦੇ ਰਹੇ। ਦੂਜੇ ਪਾਸੇ ਮਹੰਤ ਨਰਾਇਣ ਦਾਸ ਨੇ ੭ ਫਰਵਰੀ ਨੂੰ ਆਪਣੇ ਹਮਾਇਤੀਆਂ ਦੀ ਇਕੱਤਰਤਾ ਬੁਲਾਈ।

ਸਿੱਖ ਸੰਗਤਾਂ ਨੇ ਮਹੰਤ ਦੀਆਂ ਘਟੀਆਂ ਕਾਰਵਾਈਆਂ ਨੂੰ ਰੋਕਣ ਲਈ ੧੯ ਫਰਵਰੀ ਨੂੰ ਨਨਕਾਣਾ ਸਾਹਿਬ ਪਹੁੰਚਣ ਦਾ ਫੈਸਲਾ ਕੀਤਾ। ਸਿੱਖ ਸੰਗਤਾਂ ਦੇ ਮੁਖੀਆਂ ਨੇ ਅਕਾਲੀ ਅਖ਼ਬਾਰ ਦੇ ਦਫ਼ਤਰ ਵਿਚ ਫੈਸਲਾ ਕੀਤਾ ਕਿ ਕੋਈ ਪੱਕੀ ਤਰੀਕ ਨਿਸ਼ਚਿਤ ਕੀਤੇ ਬਿਨਾਂ ਕੋਈ ਜਥਾ ਨਨਕਾਣਾ ਸਾਹਿਬ ਨਾ ਜਾਵੇ। ਪਰ ਭਾਈ ਲਛਮਣ ਸਿੰਘ ਧਾਰੋਵਾਲੀ ਤੇ ਸ. ਕਰਤਾਰ ਸਿੰਘ ਝੱਬਰ ਆਪਣੇ-ਆਪਣੇ ਜਥੇ ਲੈ ਕੇ ਨਨਕਾਣਾ ਸਾਹਿਬ ਪੁੱਜਣਾ ਚਾਹੁੰਦੇ ਸਨ। ਦੋਹਾਂ ਜਥਿਆਂ ਨੂੰ ਰੋਕਣ ਦਾ ਯਤਨ ਕੀਤਾ। ਭਾਈ ਕਰਤਾਰ ਸਿੰਘ ਝੱਬਰ ਦਾ ਜਥਾ ਰੋਕ ਲਿਆ ਗਿਆ, ਪਰ ਭਾਈ ਲਛਮਣ ਸਿੰਘ ਦਾ ਜਥਾ ਨਾ ਰੁਕਿਆ ਅਤੇ ਇਹ ਜਥਾ ੨੦ ਫਰਵਰੀ ਨੂੰ ਨਨਕਾਣਾ ਸਾਹਿਬ ਪਹੁੰਚ ਗਿਆ। ਮਹੰਤ ਨਰਾਇਣ ਦਾਸ ਨੇ ਸਿੰਘਾਂ 'ਤੇ ਹਮਲੇ ਦੀ ਪੂਰੀ ਤਿਆਰੀ ਕੀਤੀ ਹੋਈ ਸੀ। ਜਦੋਂ ਸਿੰਘਾਂ ਦਾ ਜਥਾ ਗੁਰਦੁਆਰਾ ਸਾਹਿਬ ਵਿਚ ਦਾਖ਼ਲ ਹੋਇਆ ਤਾਂ ਮਹੰਤ ਨੇ ਬਾਹਰਲੇ ਦਰਵਾਜ਼ੇ ਬੰਦ ਕਰਵਾ ਦਿੱਤੇ ਅਤੇ ਉਸ ਦੇ ਭਾੜੇ ਦੇ ਗੁੰਡਿਆਂ ਨੇ ਸਿੰਘਾਂ ਪੁਰ ਵਾਰ ਕਰਨੇ ਸ਼ੁਰੂ ਕਰ ਦਿੱਤੇ, ਛੱਤ ਦੇ ਉਪਰੋਂ ਗੋਲੀਆਂ ਚਲਾਈਆਂ ਗਈਆਂ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠੇ ਸਿੰਘ ਨੂੰ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੀੜ ਵਿਚ ਕਈ ਗੋਲੀਆਂ ਲੱਗੀਆਂ। ਜ਼ਖਮੀ ਸਿੰਘਾਂ ਨੂੰ ਤੇਲ ਪਾ ਕੇ ਸਾੜਿਆ ਗਿਆ। ਇਸ ਖ਼ੂਨੀ ਸਾਕੇ ਸਬੰਧੀ ਸ. ਉਤਮ ਸਿੰਘ ਕਾਰਖਾਨੇ ਵਾਲਿਆਂ ਨੇ ਪੰਥਕ ਜਥੇਬੰਦੀ ਤੇ ਸਰਕਾਰੀ ਅਫ਼ਸਰਾਂ ਨੂੰ ਤਾਰਾਂ ਭੇਜੀਆਂ। ੨੧ ਫਰਵਰੀ ੧੯੨੧ ਈ: ਨੂੰ ਸਿੱਖ ਮੁਖੀ ਤੇ ਅਣਗਿਣਤ ਸੰਗਤਾਂ ਨਨਕਾਣਾ ਸਾਹਿਬ ਪੁੱਜੀਆਂ। ਉਸੇ ਦਿਨ ਸ਼ਾਮ ਨੂੰ ਸ੍ਰੀ ਨਨਕਾਣਾ ਸਾਹਿਬ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੱਥਾਂ ਵਿਚ ਆ ਗਿਆ। ੨੨ ਫਰਵਰੀ ਦੀ ਸ਼ਾਮ ਨੂੰ ਸ਼ਹੀਦ ਸਿੰਘਾਂ ਦਾ ਅੰਤਮ ਸੰਸਕਾਰ ਕਰ ਦਿੱਤਾ ਗਿਆ।

ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਨੇ ਸਿੱਖ ਜਗਤ 'ਚ ਰੋਹ ਤੇ ਜੋਸ਼ ਪੈਦਾ ਕਰ ਦਿੱਤਾ। ਸਿੱਖ ਸੰਗਤ ਨੇ ਸਮੂਹ ਗੁਰਦੁਆਰਾ ਸਾਹਿਬਾਨ ਨੂੰ ਪੰਥਕ ਪ੍ਰਬੰਧ ਹੇਠ ਲਿਆਉਣ ਲਈ ਜੱਦੋ-ਜਹਿਦ ਆਰੰਭ ਕਰ ਦਿੱਤੀ ਅਤੇ ਇਸ ਵਿਚ ਕਾਮਯਾਬੀ ਵੀ ਹਾਸਿਲ ਕੀਤੀ। ਇਸੇ ਦਾ ਹੀ ਨਤੀਜਾ ਹੈ ਕਿ ਅੱਜ ਸਿੱਖ ਸੰਗਤ ਵੱਲੋਂ ਜਮਹੂਰੀ ਢੰਗ ਨਾਲ ਚੁਣੇ ਹੋਏ ਨੁਮਾਇੰਦਿਆਂ ਦੁਆਰਾ ਗੁਰਧਾਮਾਂ ਦੇ ਪ੍ਰਬੰਧ ਨੂੰ ਗੁਰਮਤਿ ਅਨੁਸਾਰ ਚਲਾਇਆ ਜਾ ਰਿਹਾ ਹੈ।

■

# ਵੱਡਾ ਘੱਲੂਘਾਰਾ : ਇਤਿਹਾਸਕ ਪਰਿਪੇਖ

*-ਡਾ. ਹਰਬੰਸ ਸਿੰਘ**

ਅਠਾਰ੍ਹਵੀਂ ਸਦੀ ਦੀਆਂ ਪ੍ਰਮੁੱਖ ਘਟਨਾਵਾਂ ਵਿੱਚੋਂ 'ਛੋਟਾ ਘੱਲੂਘਾਰਾ' ਅਤੇ ਵੱਡਾ ਘੱਲੂਘਾਰਾ' ਦੀਆਂ ਦੋ ਘਟਨਾਵਾਂ ਇਤਿਹਾਸਿਕ ਦ੍ਰਿਸ਼ਟੀ ਤੋਂ ਬਹੁਤ ਅਹਿਮੀਅਤ ਰੱਖਦੀਆਂ ਹਨ। ਛੋਟਾ ਘੱਲੂਘਾਰਾ ਕਾਹਨੂੰਵਾਨ (ਗੁਰਦਾਸਪੁਰ) ਵਿਖੇ ਸੰਨ ੧੭੪੬ ਈ. ਵਿਚ ਵਾਪਰਿਆ ਜਦ ਕਿ ਵੱਡਾ ਘੱਲੂਘਾਰਾ ਫਰਵਰੀ ੧੭੬੨ ਈ. ਨੂੰ ਹੋਇਆ। ਇਕ ਅਨੁਮਾਨ ਅਨੁਸਾਰ ਇਸ ਦਿਨ ਤਕਰੀਬਨ ੩੦ ਹਜ਼ਾਰ ਸਿੰਘ, ਬੱਚੇ, ਬੱਚੀਆਂ ਤੇ ਬਜ਼ੁਰਗ ਸ਼ਹੀਦ ਕਰ ਦਿੱਤੇ ਗਏ। ਇਹ ਘੱਲੂਘਾਰਾ ਅਹਿਮਦ ਸ਼ਾਹ ਅਬਦਾਲੀ ਦੇ ਹਮਲੇ ਸਮੇਂ ਮਲੇਰਕੋਟਲੇ ਦੇ ਨੇੜੇ ਪਿੰਡ ਕੁੱਪ ਰੋਹੀੜਾ ਦੇ ਸਥਾਨ 'ਤੇ ਵਾਪਰਿਆ। ਹੁਣ ਇਨ੍ਹਾਂ ਸ਼ਹੀਦਾਂ ਦੀ ਯਾਦ ਵਿਚ ਇਸ ਥਾਂ 'ਤੇ ਇਕ ਗੁਰਦੁਆਰਾ ਸਾਹਿਬ ਸਥਾਪਿਤ ਹੈ। ਇਸ ਦੇ ਨੇੜੇ ਹੀ ਰੇਲਵੇ ਸਟੇਸ਼ਨ ਹੈ। ੧੪ ਜਨਵਰੀ, ੧੭੬੧ ਈ. ਨੂੰ ਪਾਨੀਪਤ ਦੀ ਤੀਜੀ ਲੜਾਈ ਵਿਚ ਮਰਹੱਟਿਆਂ ਨੂੰ ਕਰਾਰੀ ਹਾਰ ਦੇਣ ਮਗਰੋਂ ਹੁਣ ਅਹਿਮਦ ਸ਼ਾਹ ਅਬਦਾਲੀ ਨੇ ਆਪਣਾ ਧਿਆਨ ਸਿੱਖਾਂ ਵੱਲ ਮੋੜਿਆ ਜੋ ਦਲ ਖਾਲਸਾ ਦੀ ਸਥਾਪਤੀ ਮਗਰੋਂ ਦਿਨ-ਬ-ਦਿਨ ਪੰਜਾਬ ਵਿਚ ਸ਼ਕਤੀਸ਼ਾਲੀ ਹੁੰਦੇ ਜਾ ਰਹੇ ਸਨ। ਵੈਸੇ ਵੀ ਸਿੱਖਾਂ ਨੇ ਉਸ ਨੂੰ ਪਹਿਲੇ ਪੰਜ ਹਮਲਿਆਂ ਸਮੇਂ ਬੜਾ ਪ੍ਰੇਸ਼ਾਨ ਕੀਤਾ ਸੀ। ਕਾਬਲ ਤੋਂ ਆਉਂਦਿਆਂ ਤੇ ਕਾਬਲ ਵਾਪਸ ਪਰਤਦੇ ਸਮੇਂ ਸਿੱਖਾਂ ਦੇ ਦਸਤੇ ਉਨ੍ਹਾਂ 'ਤੇ ਹਮਲਾ ਕਰਕੇ ਉਨ੍ਹਾਂ ਦਾ ਮਾਲ-ਅਸਬਾਬ ਖੋਹ ਕੇ ਲੈ ਜਾਇਆ ਕਰਦੇ ਸਨ। ਪਾਨੀਪਤ ਦਾ ਜੇਤੂ ਅਹਿਮਦ ਸ਼ਾਹ ਅਬਦਾਲੀ ਸਿੱਖਾਂ ਨੂੰ ਅਜਿਹਾ ਸਬਕ ਸਿਖਾਉਣਾ ਚਾਹੁੰਦਾ ਸੀ ਕਿ ਉਹ ਮੁੜ ਪੰਜਾਬ ਦੇ ਵਿਚ ਸਿਰ ਨਾ ਚੁੱਕ ਸਕਣ।

ਇਸ ਮਕਸਦ ਲਈ ਉਸ ਨੇ ਸਭ ਤੋਂ ਪਹਿਲਾ ਕੰਮ ਇਹ ਕੀਤਾ ਕਿ ੧੭੬੧ ਈ. ਵਿਚ ਕਾਬਲ ਪਰਤਣ ਤੋਂ ਪਹਿਲਾਂ ਉਸ ਨੇ ਪੰਜਾਬ ਦੀਆਂ ਮਹੱਤਵਪੂਰਨ ਥਾਵਾਂ 'ਤੇ ਆਪਣੇ ਅਫ਼ਗਾਨ ਫੌਜਦਾਰਾਂ ਨੂੰ ਨਿਯੁਕਤ ਕੀਤਾ ਅਤੇ ਉਨ੍ਹਾਂ ਨੂੰ ਆਦੇਸ਼ ਜਾਰੀ ਕੀਤੇ ਕਿ ਜਿੱਥੇ ਵੀ ਕੋਈ ਸਿੱਖ ਨਜ਼ਰ ਆਵੇ ਉਸ ਨੂੰ ਮਾਰ ਦਿੱਤਾ ਜਾਵੇ। ਸਰਹਿੰਦ ਵਿਚ ਉਸ ਨੇ ਆਪਣੇ ਇਕ ਵੱਡੇ ਤੇ ਭਰੋਸੇਯੋਗ ਜਰਨੈਲ ਜ਼ੈਨ ਖਾਂ ਨੂੰ ਨਿਯੁਕਤ ਕੀਤਾ। ਜਲੰਧਰ ਦੁਆਬ ਵਿਚ ਸਾਅਦਾਤ ਯਾਰ ਖਾਂ ਅਤੇ ਸਦੀਕ ਖਾਂ ਅਫਰੀਦੀ ਨੂੰ ਅਤੇ ਲਾਹੌਰ ਵਿਚ ਉਬੈਦ ਖਾਂ ਨੂੰ ਨਿਯੁਕਤ ਕੀਤਾ ਗਿਆ। ਪਾਨੀਪਤ ਦੀ ਜੰਗ ਮਗਰੋਂ ਅਹਿਮਦ ਸ਼ਾਹ ਅਬਦਾਲੀ ਦੇ ਵਾਪਸ ਕੰਧਾਰ ਪਰਤਦਿਆਂ ਹੀ ਸਿੱਖ ਪੰਜਾਬ ਉੱਤੇ ਛਾ ਗਏ। ਉਨ੍ਹਾਂ ਸਰਹਿੰਦ ਅਤੇ ਹੋਰ ਇਲਾਕਿਆਂ ਨੂੰ ਜਿੱਤ ਕੇ ਅਫਗਾਨ-ਟਿਕਾਣਿਆਂ ਨੂੰ ਤਹਿਸ-ਨਹਿਸ ਕਰ ਦਿੱਤਾ। ਅਫਗਾਨਿਸਤਾਨ ਤੋਂ ਅਬਦਾਲੀ ਦੁਆਰਾ ਭੇਜੀ ਗਈ ੧੨,੦੦੦ ਫੌਜ ਨੂੰ ਵੀ ਉਨ੍ਹਾਂ ਲਾਹੌਰ ਦੇ ਨੇੜੇ ਹਰਾ ਕੇ ਮੈਦਾਨ ਛੱਡਣ 'ਤੇ ਮਜਬੂਰ ਕਰ ਦਿੱਤਾ। ਇੱਥੋਂ ਤਕ ਕਿ ਲਾਹੌਰ ਦੇ ਅਫਗਾਨ ਗਵਰਨਰ ਵੱਲੋਂ ਭੇਜੀ ਗਈ ਸੈਨਾ ਨੂੰ ਵੀ ਹਰਾ ਕੇ ਉਨ੍ਹਾਂ ਨੂੰ ਦੁਬਾਰਾ ਕਿਲ੍ਹੇ ਵਿਚ ਧੱਕ ਦਿੱਤਾ।

੧੭੬੧ ਈ. ਨੂੰ ਸ੍ਰੀ ਅੰਮ੍ਰਿਤਸਰ ਵਿਖੇ ਦੀਵਾਲੀ ਦੇ ਮੌਕੇ 'ਤੇ ਸਰਬੱਤ ਖਾਲਸੇ ਦਾ ਇਕੱਠ ਹੋਇਆ। ਇਸ ਮਹੱਤਵਪੂਰਨ ਇਕੱਠ ਸਮੇਂ ਗੁਰਮਤਾ ਪਾਸ ਹੋਇਆ ਕਿ ਜਿਹੜੇ ਲੋਕ ਅਫਗਾਨਾਂ ਦੀ ਮਦਦ ਕਰ ਰਹੇ ਹਨ ਜਾਂ ਸਿੱਖ-ਵਿਰੋਧੀ ਕਾਰਵਾਈਆਂ ਵਿਚ ਲੱਗੇ ਹੋਏ ਹਨ, ਉਨ੍ਹਾਂ ਨੂੰ ਉਨ੍ਹਾਂ ਦੇ ਪਾਪਾਂ ਦੀ ਸਜ਼ਾ ਦਿੱਤੀ ਜਾਵੇ। ਇਨ੍ਹਾਂ ਵਿਚ ਸਭ ਤੋਂ ਉੱਪਰ ਨਾਮ ਜੰਡਿਆਲੇ ਦੇ ਨਿਰੰਜਨੀਏ ਮਹੰਤ ਆਕਿਲ ਦਾਸ ਦਾ ਸੀ ਜੋ ਲਗਾਤਾਰ ਅਬਦਾਲੀ ਦੇ ਸੰਪਰਕ ਵਿਚ ਸੀ ਤੇ ਉਸ ਨੂੰ ਸਿੱਖਾਂ ਦੀ ਹਰ ਗਤੀਵਿਧੀ ਦੀ ਲਗਾਤਾਰ

**੩ਸੀ/੩੮, ਦੂਜੀ ਮੰਜ਼ਿਲ, ਨਿਊ ਰੋਹਤਕ ਰੋਡ, ਕਰੋਲ ਬਾਗ, ਨਵੀਂ ਦਿੱਲੀ-੫*

ਸੂਚਨਾ ਭੇਜ ਰਿਹਾ ਸੀ। ਇਸ ਤੋਂ ਪਹਿਲਾਂ ਵੀ ਜੰਡਿਆਲੇ ਦੇ ਹਰਿਭਗਤ ਨਿਰੰਜਨੀਏ ਨੇ ਭਾਈ ਤਾਰੂ ਸਿੰਘ ਬਾਰੇ ਲਾਹੌਰ ਦੇ ਸੂਬੇਦਾਰ ਜ਼ਕਰੀਆ ਖਾਂ ਨੂੰ ਗੁਪਤ ਰਿਪੋਰਟਾਂ ਭੇਜ ਕੇ ਪਕੜਵਾਇਆ ਅਤੇ ਭਾਈ ਤਾਰੂ ਸਿੰਘ ਨੂੰ ਸ਼ਹੀਦ ਕਰਵਾਉਣ ਵਿਚ ਉਸ ਦੀ ਮਦਦ ਕੀਤੀ ਸੀ। ਅਠਾਰ੍ਹਵੀਂ ਸਦੀ ਦੇ ਅੰਤ ਤਕ ਨਿਰੰਜਨੀਆਂ ਦਾ ਇਹੀ ਕਿਰਦਾਰ ਬਣਿਆ ਰਿਹਾ ਤੇ ਉਹ ਸਿੱਖ ਧਰਮ ਨੂੰ ਕੁਚਲ ਦੇਣ ਵਾਲੀ ਹਰ ਕਾਰਵਾਈ ਵਿਚ ਵਧ-ਚੜ੍ਹ ਕੇ ਹਿੱਸਾ ਲੈਂਦੇ ਰਹੇ। ਗੁਰਮਤਾ ਪਾਸ ਕਰਨ ਮਗਰੋਂ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਤੇ ਸਰਦਾਰ ਚੜ੍ਹਤ ਸਿੰਘ ਸ਼ੁਕਰਚੱਕੀਆ ਨੇ ਆਕਿਲ ਦਾਸ ਨੂੰ ਸੁਨੇਹਾ ਭਿਜਵਾਇਆ ਕਿ ਉਹ ਸਿੱਖ-ਵਿਰੋਧੀ ਕਾਰਵਾਈਆਂ ਤੋਂ ਬਾਜ ਆ ਜਾਵੇ ਤੇ ਖਾਲਸੇ ਦੀ ਅਧੀਨਗੀ ਪ੍ਰਵਾਨ ਕਰ ਲਵੇ। ਉਸ ਨੇ ਸਿੱਖਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਕਰਨ ਦੀ ਥਾਂ ਤੇਜ਼ ਰਫਤਾਰ ਹਰਕਾਰੇ ਰਾਹੀਂ ਇਸ ਗੱਲ ਦੀ ਸੂਚਨਾ ਆਪਣੇ 'ਮਾਲਕ' ਅਹਿਮਦ ਸ਼ਾਹ ਅਬਦਾਲੀ ਨੂੰ ਭੇਜ ਦਿੱਤੀ ਅਤੇ ਬੇਨਤੀ ਲਿਖ ਭੇਜੀ ਕਿ ਜੇ ਉਹ ਤੁਰੰਤ ਪੰਜਾਬ ਨਾ ਪਹੁੰਚਿਆ ਤਾਂ ਹਾਲਾਤ ਬਹੁਤ ਵਿਗੜ ਜਾਣਗੇ। ਆਕਿਲ ਦਾਸ ਦਾ ਇਹ ਸੁਨੇਹਾ ਮਿਲਣ ਤੋਂ ਪਹਿਲਾਂ ਹੀ ਅਬਦਾਲੀ ਕੰਧਾਰ ਤੋਂ ਚੱਲ ਚੁੱਕਾ ਸੀ। ਆਕਿਲ ਦਾਸ ਦਾ ਨੁਮਾਇੰਦਾ ਅਬਦਾਲੀ ਨੂੰ ਰੋਹਤਾਸ ਦੇ ਸਥਾਨ 'ਤੇ ਮਿਲਿਆ ਤੇ ਇਹ ਵੀ ਦੱਸਿਆ ਕਿ ਸਿੱਖ ਜੰਡਿਆਲੇ ਦੇ ਆਸ-ਪਾਸ ਘੇਰਾ ਪਾਈ ਬੈਠੇ ਹਨ। ਆਕਿਲ ਦਾਸ ਦਾ ਸੁਨੇਹਾ ਮਿਲਦਿਆਂ ਹੀ ਅਬਦਾਲੀ ਮੰਜ਼ਲਾਂ ਮਾਰਦਾ ਜੰਡਿਆਲੇ ਪਹੁੰਚ ਗਿਆ। ਜਦੋਂ ਉਹ ਜੰਡਿਆਲੇ ਪੁੱਜਾ ਤਾਂ ਉਸ ਨੂੰ ਪਤਾ ਲੱਗਾ ਕਿ ਸਿੱਖ ਆਪਣੀ ਵਹੀਰ ਨਾਲ ਪਹਿਲਾਂ ਹੀ ਮਲੇਰਕੋਟਲੇ ਵੱਲ ਚਲੇ ਗਏ ਹਨ ਤੇ ਇਸ ਵੇਲੇ ਉਹ ਮਲੇਰਕੋਟਲੇ ਤੋਂ ੯ ਕਿਲੋਮੀਟਰ ਦੂਰ ਪਿੰਡ ਕੁੱਪ ਵਿਖੇ ਠਹਿਰੇ ਹੋਏ ਹਨ। ਅਬਦਾਲੀ ਲਈ ਸਿੱਖਾਂ ਨੂੰ ਵੱਡੀ ਗਿਣਤੀ ਵਿਚ ਮਾਰ ਦੇਣ ਦਾ ਇਸ ਤੋਂ ਸੁਹਣਾ ਮੌਕਾ ਹੋਰ ਕੀ ਹੋ ਸਕਦਾ ਸੀ। ਉਹ ਸਿੱਖਾਂ ਉੱਪਰ ਹਮਲਾ ਕਰਨ ਤੋਂ ਪਹਿਲਾਂ ਪੂਰੀ ਤਿਆਰੀ ਕਰ ਲੈਣੀ ਚਾਹੁੰਦਾ ਸੀ। ਉਹ ਜੰਡਿਆਲੇ ਤੋਂ ਲਾਹੌਰ ਆਇਆ ਤੇ ਇੱਥੋਂ ਉਸ ਨੇ ਸਰਹਿੰਦ ਦੇ ਫੌਜਦਾਰ ਜ਼ੈਨ ਖਾਂ ਨੂੰ ਸੁਨੇਹਾ ਭੇਜਿਆ ਕਿ ਉਹ ਤੁਰੰਤ ਆਪਣੀ ਸੈਨਾ ਲੈ ਕੇ ਮਲੇਰਕੋਟਲੇ ਪਹੁੰਚ ਜਾਵੇ। ਉਸ ਨੂੰ ਇਹ ਵੀ ਆਦੇਸ਼ ਭੇਜਿਆ ਕਿ ਉਹ ਸਿੱਖਾਂ ਉੱਪਰ ਅਗਲੇ ਪਾਸਿਓਂ ਹਮਲਾ ਕਰੇਗਾ ਤੇ ਉਨ੍ਹਾਂ ਦਾ ਰਾਹ ਰੋਕੇਗਾ ਤੇ ਅਬਦਾਲੀ ਦੀ ਆਪਣੀ ਸੈਨਾ ਪਿੱਛੋਂ ਹਮਲਾ ਬੋਲ ਕੇ ਉਨ੍ਹਾਂ ਨੂੰ ਚੁਪਾਸਿਓਂ ਘੇਰ ਲਵੇਗੀ। ਇਹੋ ਜਿਹਾ ਆਦੇਸ਼ ਮਲੇਰਕੋਟਲੇ ਅਤੇ ਕਸੂਰ ਦੇ ਹਾਕਮਾਂ ਨੂੰ ਵੀ ਭੇਜਿਆ ਗਿਆ। ਆਪਣੀ ਸੈਨਾ ਦੀ ਅਗਵਾਈ ਉਹ ਆਪ ਕਰ ਰਿਹਾ ਸੀ। ਇਸ ਹਮਲੇ ਵਿਚ ਬਾਕੀ ਵੱਡੇ ਸਰਦਾਰ ਜੋ ਅਬਦਾਲੀ ਦੀ ਮਦਦ ਕਰ ਰਹੇ ਸਨ, ਉਹ ਸਨ:
ਮੁਰਤਜ਼ਾ ਖਾਂ, ਕਾਸਮ ਖਾਂ ਅਤੇ ਦੀਵਾਨ ਲੱਛਮੀ ਨਾਰਾਇਣ।

ਅਹਿਮਦ ਸ਼ਾਹ ਅਬਦਾਲੀ ੩ ਫਰਵਰੀ, ੧੭੬੨ ਈ. ਨੂੰ ਲਾਹੌਰ ਤੋਂ ਚੱਲਿਆ ਤੇ ਕੇਵਲ ਦੋ ਦਿਨਾਂ ਵਿਚ ੨੦੦ ਕਿਲੋਮੀਟਰ ਦਾ ਸਫ਼ਰ ਤੈਅ ਕਰਕੇ ਕੁੱਪ ਰੋਹੀੜੇ ਪਹੁੰਚ ਗਿਆ। ਉਸ ਦਿਨ ਫਰਵਰੀ ਮਹੀਨੇ ਦੀ ੫ ਤਰੀਕ ਸੀ। ਇੱਥੇ ੩੦,੦੦੦ ਤੋਂ ਵੱਧ ਸਿੱਖ ਬੱਚੇ, ਬਜ਼ੁਰਗ ਤੇ ਬੀਬੀਆਂ ਆਪਣੇ ਘਰ ਦੇ ਸਾਮਾਨ, ਰਸਦ-ਪਾਣੀ ਤੇ ਪਰਵਾਰਾਂ ਸਮੇਤ ਠਹਿਰੇ ਹੋਏ ਸਨ। ਸਿੱਖ ਸਰਦਾਰਾਂ ਨੂੰ ਵੀ ਇਹ ਅੰਦਾਜ਼ਾ ਨਹੀਂ ਸੀ ਕਿ ਅਬਦਾਲੀ ਇਤਨੇ ਥੋੜ੍ਹੇ ਸਮੇਂ ਵਿਚ ਉਨ੍ਹਾਂ 'ਤੇ ਆ ਪਏਗਾ। ਅਬਦਾਲੀ ਦੇ ਪਹੁੰਚਣ ਤੋਂ ਪਹਿਲਾਂ ਸਿੱਖਾਂ ਨੇ ਜ਼ੈਨ ਖਾਂ ਅਤੇ ਭੀਖਨ ਖਾਂ ਦੁਆਰਾ ਕੀਤੇ ਹਮਲਿਆਂ ਨੂੰ ਤਾਂ ਨਾਕਾਮਯਾਬ ਬਣਾ ਦਿੱਤਾ ਸੀ, ਪਰ ਅਬਦਾਲੀ ਦੀ ਵੱਡੀ ਸੈਨਾ ਦਾ ਮੁਕਾਬਲਾ ਕਰਨ ਲਈ ਨਾ ਤਾਂ ਉਨ੍ਹਾਂ ਕੋਲ ਪ੍ਰਾਪਤ ਸਾਧਨ ਹੀ ਸਨ ਤੇ ਨਾ ਹੀ ਉਨ੍ਹਾਂ ਨੂੰ ਸਮਾਂ ਮਿਲਿਆ ਸੀ ਕਿ ਉਹ ਆਪਣੇ ਜਥਿਆਂ ਨੂੰ ਸਹੀ ਢੰਗ ਨਾਲ ਮੁਕਾਬਲੇ ਲਈ ਤਿਆਰ ਕਰ ਸਕਦੇ।

ਖਾਲਸਾ ਦਲ ਦੀ ਅਗਵਾਈ ਸਰਦਾਰ ਜੱਸਾ ਸਿੰਘ ਆਹਲੂਵਾਲੀਆ, ਸਰਦਾਰ ਚੜ੍ਹਤ ਸਿੰਘ ਅਤੇ ਸਰਦਾਰ ਸ਼ਾਮ ਸਿੰਘ ਕਰੋੜਸਿੰਘੀਆ ਕਰ ਰਹੇ ਸਨ, ਪਰ ਐਸ ਵੇਲੇ ਸਭ ਤੋਂ ਵੱਡੀ ਸਮੱਸਿਆ ਵਹੀਰ ਨੂੰ ਬਚਾ ਕੇ ਸੁਰੱਖਿਅਤ ਥਾਂ 'ਤੇ ਪਹੁੰਚਾਉਣ ਦੀ ਸੀ। ਇਸ ਵਹੀਰ ਵਿਚ ਬਹੁਤੀ ਗਿਣਤੀ, ਬੱਚੇ, ਬੁੱਢੇ, ਬੀਬੀਆਂ ਤੇ ਲੜਾਈ ਨਾ ਕਰ ਸਕਣ ਵਾਲੇ ਵਿਅਕਤੀਆਂ ਦੀ ਸੀ, ਜੋ ਚਵ੍ਹਾਂ ਪਾਸਿਆਂ ਤੋਂ ਘਿਰ ਚੁੱਕੇ

ਸਨ। ਦਲ ਦੇ ਵੱਡੇ ਸਰਦਾਰਾਂ ਨੇ ਫੈਸਲਾ ਕੀਤਾ ਕਿ ਅਬਦਾਲੀ ਦੀਆਂ ਫੌਜਾਂ ਦਾ ਟਾਕਰਾ ਵੀ ਕਰੀਏ ਅਤੇ ਨਾਲ ਹੀ ਆਪਣਾ ਸਫ਼ਰ ਮਾਲਵੇ ਵੱਲ ਜਾਰੀ ਰੱਖੀਏ। ਵਹੀਰ ਨੂੰ ਸੁਰੱਖਿਅਤ ਥਾਂ 'ਤੇ ਪਹੁੰਚਾਉਣ ਦੀ ਸੇਵਾ ਕੈਥਲ ਦੇ ਵਕੀਲ ਸੰਗੂ ਸਿੰਘ, ਬਾਬਾ ਆਲਾ ਸਿੰਘ ਦੇ ਵਕੀਲ ਸੇਖੂ ਸਿੰਘ ਅਤੇ ਭਾਈ ਬੁੱਢਾ ਸਿੰਘ ਦੇ ਵਕੀਲ ਦੀ ਲਗਾਈ ਗਈ। ਅਜੇ ਇਸ ਵਹੀਰ ਨੇ ਤਿੰਨ ਮੀਲ ਦਾ ਪੰਧ ਵੀ ਨਹੀਂ ਸੀ ਮੁਕਾਇਆ ਕਿ ਭੀਖਣ ਖਾਂ ਮਲੇਰਕੋਟਲੇ ਦੀ ਸੈਨਾ ਉਨ੍ਹਾਂ 'ਤੇ ਆ ਕੇ ਟੁੱਟ ਪਈ। ਇਹ ਹਮਲਾ ਵੀ ਇੰਨਾ ਅਚਾਨਕ ਹੋਇਆ ਸੀ ਕਿ ਸਿੱਖਾਂ ਨੂੰ ਸੰਭਲਣ ਦਾ ਮੌਕਾ ਹੀ ਨਾ ਮਿਲਿਆ, ਪਰ ਉਨ੍ਹਾਂ ਨੇ ਫਿਰ ਵੀ ਯਥਾਸੰਭਵ ਸਮਤੋਲ ਬਣਾਉਣ ਦਾ ਜਤਨ ਕੀਤਾ। ਉਹ ਲੜੀ ਵੀ ਜਾਂਦੇ ਸਨ ਤੇ ਤੁਰੀ ਵੀ ਜਾਂਦੇ ਸਨ। ਕਦੇ-ਕਦੇ ਉਹ ਰੁਕ ਕੇ ਪਿੱਛਾ ਕਰ ਰਹੀਆਂ ਅਫ਼ਗਾਨ ਫੌਜਾਂ ਨਾਲ ਦੋ-ਦੋ ਹੱਥ ਵੀ ਕਰ ਲੈਂਦੇ:

*ਸ਼ਹੀਦ ਹੋਹਿਂ ਔ ਜ਼ਖ਼ਮੀ ਹੋਹਿਂ ਕਦੈ ਖੜੈਂ ਕਦ ਲੜੈਂ ਤੁਰੇਹਿ॥੯੨॥*

*(ਸ੍ਰੀ ਗੁਰ ਪੰਥ ਪ੍ਰਕਾਸ਼)*

ਪਰ ਵੈਰੀ-ਸੈਨਾ ਦੀ ਬਹੁ-ਗਿਣਤੀ ਸਾਹਮਣੇ ਉਨ੍ਹਾਂ ਦਾ ਖੜ੍ਹ ਕੇ ਜੰਗ ਕਰਨਾ ਸੰਭਵ ਨਹੀਂ ਸੀ ਹੋ ਪਾ ਰਿਹਾ, ਪਰ ਫਿਰ ਵੀ ਸਿੱਖ ਸਰਦਾਰ ਵਹੀਰ ਦੀ ਇਸ ਤਰ੍ਹਾਂ ਰੱਖਿਆ ਕਰ ਰਹੇ ਸਨ ਜਿਵੇਂ ਕੁੱਕੜੀ ਆਪਣੇ ਬੱਚਿਆਂ ਨੂੰ ਖੰਭਾਂ ਥੱਲੇ ਢੱਕ ਲੈਂਦੀ ਹੈ। ਭਾਈ ਰਤਨ ਸਿੰਘ ਭੰਗੂ ਹੋਰੀਂ ਲਿਖਦੇ ਹਨ:

*ਜਿਮ ਕਰ ਕੁਕੜੀ ਬਚਿਅਨ ਛੁਪਾਵੈ। ਫਿਲਾਇ ਪੰਖ ਦੁਇ ਤਰਫ ਰਖਾਵੈ।*
*ਇਮ ਖਾਲਸੇ ਨੈ ਬਹੀਰ ਛਪਾਯੋ। ਜੋ ਬਚ ਰਹਯੋ ਸੁ ਆਗੈ ਲਗਾਯੋ॥੨੪॥*

ਆਪਣੀ ਵਹੀਰ ਨੂੰ ਬਚਾਉਣ ਵਾਸਤੇ ਸਿੱਖ ਸਰਦਾਰਾਂ ਨੇ ਵਹੀਰ ਦੇ ਚਵ੍ਹਾਂ ਪਾਸੇ ਸੁਰੱਖਿਆ ਘੇਰਾ ਬਣਾ ਰੱਖਿਆ ਸੀ। ਇਸ ਘੇਰੇ ਨੂੰ ਤੋੜਨ ਵਾਸਤੇ ਅਹਿਮਦ ਸ਼ਾਹ ਅਬਦਾਲੀ ਨੇ ਵਜ਼ੀਰ ਸ਼ਾਹ ਵਲੀ ਖਾਂ ਨੂੰ ਭੇਜਿਆ, ਪਰ ਉਹ ਸਫ਼ਲ ਨਾ ਹੋਇਆ। ਫਿਰ ਅਬਦਾਲੀ ਨੇ ਆਪਣੇ ਵੱਡੇ ਜਰਨੈਲ ਜਹਾਨ ਖਾਂ ਨੂੰ ਹੋਰ ਫੌਜ ਦੇ ਕੇ ਭੇਜਿਆ ਤੇ ਹੁਕਮ ਦਿੱਤਾ ਕਿ ਇਸ ਵੇਲੇ ਘਿਰੇ ਹੋਏ ਸਿੱਖਾਂ ਵਿੱਚੋਂ ਇਕ ਵੀ ਬਚ ਕੇ ਨਾ ਜਾਵੇ। ਸਾਡੇ ਲਈ ਉਨ੍ਹਾਂ ਨੂੰ ਮਾਰ-ਮੁਕਾਉਣ ਦਾ ਇਹ ਸੁਨਹਿਰੀ ਮੌਕਾ ਹੈ। ਅਹਿਮਦ ਸ਼ਾਹ ਅਬਦਾਲੀ ਦੁਆਰਾ ਚੁੱਕੇ ਗਏ ਇਹ ਕਦਮ ਵੀ ਸਫਲ ਹੁੰਦੇ ਦਿਖਾਈ ਨਹੀਂ ਸਨ ਦੇ ਰਹੇ। ਵਹੀਰ ਨੂੰ ਬਚਾਈ ਰੱਖਣ ਵਾਸਤੇ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਅਤੇ ਸਰਦਾਰ ਚੜ੍ਹਤ ਸਿੰਘ ਪੂਰੀ ਵਾਹ ਲਗਾ ਰਹੇ ਸਨ। ਜਿੱਥੇ ਕਿਤੇ ਲੋੜ ਪੈਂਦੀ, ਉਹ ਘੋੜੇ ਨੂੰ ਅੱਡੀ ਲਗਾ ਕੇ ਉੱਥੇ ਪਹੁੰਚਦੇ। ਉਹ ਸਿੰਘਾਂ ਨੂੰ ਹੌਸਲਾ ਦੇਈ ਜਾ ਰਹੇ ਸਨ ਕਿ ਗੁਰੂ ਤੁਹਾਡੇ ਅੰਗ-ਸੰਗ ਹੈ, ਤੁਹਾਨੂੰ ਇਨ੍ਹਾਂ ਗਿਲਜ਼ਿਆਂ ਕੋਲੋਂ ਡਰਨ ਦੀ ਲੋੜ ਨਹੀਂ। ਤੁਰੀ ਜਾ ਰਹੀ ਵਹੀਰ ਨੂੰ ਇਹ ਆਸ ਸੀ ਕਿ ਕਿਸੇ ਨਾ ਕਿਸੇ ਪਿੰਡ ਤੋਂ ਉਨ੍ਹਾਂ ਨੂੰ ਮਦਦ ਜ਼ਰੂਰ ਮਿਲ ਜਾਵੇਗੀ, ਪਰ ਜਦੋਂ ਉਹ ਕਿਸੇ ਪਿੰਡ ਪਹੁੰਚਦੇ ਤਾਂ ਲੋਕ ਅਹਿਮਦ ਸ਼ਾਹ ਅਬਦਾਲੀ ਦੇ ਕਹਿਰ ਤੋਂ ਡਰਦੇ ਘਰਾਂ ਦੇ ਬੂਹੇ ਬੰਦ ਕਰ ਲੈਂਦੇ। ਭਾਈ ਰਤਨ ਸਿੰਘ (ਭੰਗੂ) ਲਿਖਦੇ ਹਨ:

*ਪਿੰਡ ਮੈਂ ਵੜਨ ਨ ਦੀਨੋ ਕੋਊ ਔਖੀ ਬਨੀ ਬਹੀਰ ਸੁ ਤੋਊ॥੧੧੫॥*

ਦੁਸ਼ਮਣ ਦੀਆਂ ਫੌਜਾਂ ਤੁਰੀ ਜਾ ਰਹੀ ਵਹੀਰ ਦਾ ਭਾਰੀ ਨੁਕਸਾਨ ਕਰੀ ਜਾ ਰਹੀਆਂ ਸਨ। ਵਹੀਰ ਕਈ ਮੀਲਾਂ ਵਿਚ ਫੈਲੀ ਹੋਈ ਸੀ ਤੇ ਵੈਰੀ ਸੈਨਿਕ ਉਨ੍ਹਾਂ ਦੇ ਕਮਜ਼ੋਰ ਹਿੱਸਿਆਂ 'ਤੇ ਹਮਲਾ ਬੋਲ ਕੇ ਉਨ੍ਹਾਂ ਨੂੰ ਕਤਲ ਕਰੀ ਜਾ ਰਹੇ ਸਨ। ਸਿੱਖਾਂ ਦਾ ਬਹੁਤ ਨੁਕਸਾਨ ਹੋ ਰਿਹਾ ਸੀ। ਸਾਰੀ ਅਫ਼ਗਾਨ ਸੈਨਾ ਇਨ੍ਹਾਂ 'ਤੇ ਟੁੱਟ ਕੇ ਪੈ ਗਈ। ਹਜ਼ਾਰਾਂ ਦੀ ਤਦਾਦ ਵਿਚ ਇਸਤਰੀਆਂ, ਬੱਚੇ ਤੇ ਬਜ਼ੁਰਗ ਕਤਲ ਕਰ ਦਿੱਤੇ ਗਏ। ਵਹੀਰ ਅਜੇ ਵੀ ਕਿਸੇ ਸੁਰੱਖਿਅਤ ਥਾਂ ਦੀ ਤਲਾਸ਼ ਵਿਚ ਸੀ। ਸ਼ਾਮ ਵੇਲੇ ਇਹ ਵਹੀਰ ਹਜ਼ਾਰਾਂ ਸਾਥੀ ਸ਼ਹੀਦ ਕਰਵਾ ਕੇ ਕੁਤਬਾ ਅਤੇ ਬਾਹਮਣੀ ਪਿੰਡਾਂ ਕੋਲ ਪਹੁੰਚੀ। ਉਨ੍ਹਾਂ ਨੂੰ ਆਸ ਸੀ ਕਿ ਇਹ ਪਿੰਡ ਉਨ੍ਹਾਂ ਦੀ ਸਹਾਇਤਾ ਲਈ ਅੱਗੇ ਆ ਜਾਣਗੇ। ਪਰ ਉਨ੍ਹਾਂ ਨੂੰ ਇਹ ਜਾਣਨ ਵਿਚ ਦੇਰ ਨਾ ਲੱਗੀ ਕਿ ਇਹ ਪਿੰਡ ਵੀ ਮਲੇਰਕੋਟਲੀਏ ਅਫ਼ਗਾਨਾਂ ਦੇ ਪ੍ਰਭਾਵ ਥੱਲੇ ਸਨ ਤੇ ਉਹ ਵੀ ਸਿੰਘਾਂ ਨੂੰ ਕਤਲ ਕਰਨ ਵਿਚ ਕਿਸੇ ਤਰ੍ਹਾਂ ਪਿੱਛੇ ਨਹੀਂ ਸਨ ਰਹਿਣਾ ਚਾਹੁੰਦੇ। ਇਨ੍ਹਾਂ ਪਿੰਡਾਂ ਦੇ ਰੰਘੜ ਘਰਾਂ ਵਿੱਚੋਂ ਨਿਕਲ

ਕੇ ਸਿੰਘਾਂ ਦੇ ਪਿੱਛੇ ਪੈ ਗਏ ਤੇ ਉਨ੍ਹਾਂ ਨੇ ਵਹੀਰ ਦਾ ਭਾਰੀ ਨੁਕਸਾਨ ਕੀਤਾ। ਕਿਸੇ ਤਰ੍ਹਾਂ ਸਰਦਾਰ ਚੜ੍ਹਤ ਸਿੰਘ ਨੇ ਇੱਥੇ ਪਹੁੰਚ ਕੇ ਰੰਘੜਾਂ ਨੂੰ ਪਿੱਛੇ ਧੱਕਿਆ ਅਤੇ ਆਪਣੇ ਕਈ ਸਾਥੀਆਂ ਨੂੰ ਬਚਾ ਲਿਆ। ਬੇਸ਼ੱਕ ਫਰਵਰੀ ਦਾ ਮਹੀਨਾ ਸੀ, ਪਰ ਦੋਹਾਂ ਪਾਸਿਆਂ ਦੇ ਸੈਨਿਕ ਤੁਰ-ਤੁਰ ਕੇ ਥੱਕ ਚੁੱਕੇ ਸਨ ਤੇ ਪਿਆਸ ਨਾਲ ਉਨ੍ਹਾਂ ਦਾ ਬੁਰਾ ਹਾਲ ਸੀ। ਇਹ ਇਕ ਅਜੀਬ ਇਤਫ਼ਾਕ ਸੀ ਕਿ ਪਿੰਡ ਬਾਹਮਣੀ ਦੇ ਨੇੜੇ ਪਾਣੀ ਦੀ ਇਕ ਢਾਬ ਵੇਖ ਕੇ ਦੋਹਾਂ ਪਾਸਿਆਂ ਦੇ ਸੈਨਿਕ ਪਿਆਸ ਬੁਝਾਉਣ ਲਈ ਪਾਣੀ ਦੇ ਇਸ ਭੰਡਾਰ 'ਤੇ ਟੁੱਟ ਕੇ ਪੈ ਗਏ। ਜੇ ਇਕ ਪਾਸੇ ਅਫਗਾਨ ਸਿਪਾਹੀ ਪਾਣੀ ਪੀ ਰਹੇ ਸਨ ਤਾਂ ਦੂਸਰੇ ਪਾਸੇ ਸਿੱਖ ਸੈਨਿਕ ਘੋੜਿਆਂ ਤੋਂ ਉਤਰ ਕੇ ਆਪਣੇ ਹੋਂਠ ਗਿੱਲੇ ਕਰ ਰਹੇ ਸਨ। ਢਾਬ ਦੇ ਨੇੜੇ ਪਹੁੰਚ ਕੇ ਲੜਾਈ ਬੰਦ ਹੋ ਗਈ। ਅਹਿਮਦ ਸ਼ਾਹ ਅਬਦਾਲੀ ਸਿੱਖਾਂ ਦਾ ਪਿੱਛਾ ਕਰ ਕੇ ਥੱਕ ਚੁੱਕਾ ਸੀ। ਉਹ ਉਨ੍ਹਾਂ ਦਾ ਹੋਰ ਪਿੱਛਾ ਨਹੀਂ ਸੀ ਕਰਨਾ ਚਾਹੁੰਦਾ ਤੇ ਸਿੱਖ ਵੀ ਮਹਿਸੂਸ ਕਰ ਰਹੇ ਸਨ ਕਿ ਹੁਣ ਅੱਗੋਂ ਬਾਬਾ ਆਲਾ ਸਿੰਘ ਦਾ ਇਲਾਕਾ ਸ਼ੁਰੂ ਹੋਣ ਵਾਲਾ ਸੀ ਜਿੱਥੇ ਉਨ੍ਹਾਂ ਨੂੰ ਹਰ ਪ੍ਰਕਾਰ ਦੀ ਸੁਰੱਖਿਆ ਮਿਲ ਸਕਦੀ ਸੀ। ਇਸ ਘੱਲੂਘਾਰੇ ਵਿਚ ਕਰੀਬ ੩੦,੦੦੦ ਸਿੰਘ, ਬੱਚੇ, ਬੀਬੀਆਂ ਤੇ ਬਜ਼ੁਰਗ ਸ਼ਹੀਦ ਹੋ ਗਏ। ਸਿੱਖ ਇਤਿਹਾਸ ਦਾ ਇਹ ਇੱਕੋ-ਇੱਕ ਅਜਿਹਾ ਦਿਨ ਸੀ ਜਿਸ ਦਿਨ ਇਤਨੀ ਵੱਡੀ ਗਿਣਤੀ ਵਿਚ ਸਿੱਖ ਕੌਮ ਦਾ ਘਾਣ ਹੋਇਆ ਸੀ। ਇਸ ਕਰਕੇ ਇਸ ਦੁਖਾਂਤ ਨੂੰ 'ਵੱਡਾ ਘੱਲੂਘਾਰਾ' ਦੇ ਨਾਮ ਨਾਲ ਯਾਦ ਕੀਤਾ ਜਾਂਦਾ ਹੈ। ਅਬਦਾਲੀ ਦੀਆਂ ਫੌਜਾਂ ਨਾਲ ਹੋਏ ਇਸ ਅਸਾਵੇਂ ਮੁਕਾਬਲੇ ਵਿਚ ਕੋਈ ਵੀ ਸਿੱਖ ਸਰਦਾਰ ਅਜਿਹਾ ਨਹੀਂ ਸੀ ਜਿਸ ਦੇ ਸਰੀਰ 'ਤੇ ਅੱਠ, ਦਸ ਜਾਂ ਇਸ ਤੋਂ ਵੱਧ ਜ਼ਖ਼ਮਾਂ ਦੇ ਨਿਸ਼ਾਨ ਨਾ ਲੱਗੇ ਹੋਣ। ਸਰਦਾਰ ਜੱਸਾ ਸਿੰਘ ਆਹਲੂਵਾਲੀਆ ਅਤੇ ਸਰਦਾਰ ਚੜ੍ਹਤ ਸਿੰਘ ਦੇ ਪਿੰਡੇ 'ਤੇ ਤੀਰਾਂ, ਤਲਵਾਰਾਂ ਤੇ ਗੋਲੀਆਂ ਦੇ ੨੨ ਨਿਸ਼ਾਨ ਸਨ। ਇਹ ਜ਼ਖ਼ਮ ਜ਼ਾਹਿਰ ਕਰਦੇ ਸਨ ਕਿ ਵੱਡੇ ਘੱਲੂਘਾਰੇ ਸਮੇਂ ਸਿੱਖ ਸਰਦਾਰ ਕਿਤਨੀ ਬਹਾਦਰੀ ਅਤੇ ਨਿਡਰਤਾ ਨਾਲ ਅੱਗੇ ਵਧ ਕੇ ਲੜੇ ਸਨ। ਸਰਦਾਰ ਜੱਸਾ ਸਿੰਘ ਤੇ ਸਰਦਾਰ ਚੜ੍ਹਤ ਸਿੰਘ ਦੇ ਸੰਬੰਧ ਵਿਚ ਭਾਈ ਰਤਨ ਸਿੰਘ ਭੰਗੂ ਨੇ ਲਿਖਿਆ ਹੈ ਕਿ:

- *ਜ਼ਖ਼ਮ ਬਹੁਤ ਜੱਸਾ ਸਿੰਘ ਖਾਏ ਤੀਰ ਗੋਲੀ ਔ ਤੇਗ ਘਾਇ ਆਏ।*

*(ਸ੍ਰੀ ਗੁਰ ਪੰਥ ਪ੍ਰਕਾਸ਼)*

- *ਜੱਸਾ ਸਿੰਘ ਖਾਏ ਬਾਈ ਘਾਇ ਤੋਂ ਭੀ ਸਿੰਘ ਜੀ ਲੜਤੇ ਜਾਇ।* *(ਉਹੀ)*
- *ਸਰਦਾਰ ਸਬੈ ਜ਼ਖ਼ਮੀ ਭਏ, ਸਾਬਤ ਰਹਯੋ ਨਾ ਕੋਇ।* *(ਉਹੀ)*
- *ਚੜ੍ਹਤ ਸਿੰਘ ਜ਼ਖ਼ਮ ਗਿਣੇ ਨ ਜਾਇ ਤੀਰ ਤਲਵਾਰਨ ਜੋ ਨੇਜੇ ਖਾਇ।* *(ਉਹੀ)*

ਵੱਡੇ ਘੱਲੂਘਾਰੇ ਵਿਚ ਇਤਨਾ ਨੁਕਸਾਨ ਹੋ ਜਾਣ ਦੇ ਬਾਵਜੂਦ ਵੀ ਸਿੱਖਾਂ ਦੇ ਹੌਸਲੇ ਬੁਲੰਦ ਸਨ। ਡਾ. ਗੰਡਾ ਸਿੰਘ ਪ੍ਰਾਚੀਨ ਪੰਥ ਪ੍ਰਕਾਸ਼/ਤਹਿਮਾਸ ਨਾਮਾ ਅਤੇ ਖਜ਼ਾਨਾ-ਇ-ਆਮਿਰਾ ਦੇ ਹਵਾਲੇ ਨਾਲ ਲਿਖਦੇ ਹਨ ਕਿ ਉਸੇ ਦਿਨ (੫ ਫਰਵਰੀ, ੧੭੬੨ ਈ. ਨੂੰ) ਇਕ ਨਿਹੰਗ ਸਿੰਘ ਉੱਚੀ-ਉੱਚੀ ਕਹਿ ਰਿਹਾ ਸੀ ਕਿ ਚਲੋ ਖੋਟ ਨਿਕਲ ਗਿਆ ਹੈ ਤੇ ਹੁਣ ਤੱਤ ਖਾਲਸਾ ਬਾਕੀ ਰਹਿ ਗਿਆ ਹੈ:

*ਤੱਤ ਖਾਲਸੋ ਸੋ ਰਹਯੋ, ਗਯੋ ਸੋ ਖੋਟ ਗਵਾਇ॥* *(ਸ੍ਰੀ ਗੁਰ ਪੰਥ ਪ੍ਰਕਾਸ਼)*

ਇਹ ਸਿੱਖ ਕੌਮ ਦਾ ਹੀ ਹੌਸਲਾ ਸੀ ਕਿ ਇੱਕੋ ਹੀ ਦਿਨ ਵਿਚ ਇਤਨਾ ਨੁਕਸਾਨ ਕਰਵਾ ਕੇ ਵੀ ਉਹ ਚੜ੍ਹਦੀ ਕਲਾ ਵਿਚ ਸਨ। ਇਸ ਦਾ ਪ੍ਰਤੱਖ ਸਬੂਤ ਇਹ ਹੈ ਕਿ ਥੋੜ੍ਹੇ ਹੀ ਸਮੇਂ ਬਾਅਦ ਨਾ ਸਿਰਫ਼ ਉਨ੍ਹਾਂ ਨੇ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪੁਨਰ-ਉਸਾਰੀ ਦਾ ਕਾਰਜ ਹੀ ਅਰੰਭ ਕਰ ਦਿੱਤਾ, ਜਿਸ ਨੂੰ ਅਬਦਾਲੀ ਨੇ ੧੭੬੨ ਈ. ਵਿਚ ਢਾਹ ਕੇ ਅਤੇ ਸਰੋਵਰ ਨੂੰ ਮਲਬੇ ਨਾਲ ਭਰਵਾ ਦਿੱਤਾ ਸੀ, ਸਗੋਂ ਉਨ੍ਹਾਂ ਨੇ ਤਿੰਨ ਸਾਲ ਦੇ ਅੰਦਰ-ਅੰਦਰ ਲਾਹੌਰ ਦੇ ਕਿਲ੍ਹੇ 'ਤੇ ਆਪਣਾ ਝੰਡਾ ਵੀ ਝੁਲਾ ਦਿੱਤਾ; ਜਿੱਥੋਂ ਉਨ੍ਹਾਂ ਨੂੰ ਤਹਿਸ-ਨਹਿਸ ਕਰ ਦੇਣ ਦੇ ਹੁਕਮ ਜਾਰੀ ਹੋਇਆ ਕਰਦੇ ਸਨ।

(ਗੁਰਮਤਿ ਪ੍ਰਕਾਸ਼ ਫਰਵਰੀ ੨੦੧੯ ਵਿਚੋਂ)

■

# ਆਦਰਸ਼ਕ ਮਨੁੱਖੀ ਸਮਾਜ ਦੀ ਆਧਾਰਸ਼ਿਲਾ ਦਾ ਨਾਂਅ ਹੈ
# ਕਰਤਾਰਪੁਰ ਸਾਹਿਬ

*- ਸ. ਤਲਵਿੰਦਰ ਸਿੰਘ ਬੁੱਟਰ**

ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਇਸ ਸੰਸਾਰੀ ਜਾਮੇ 'ਚ ਮਨੁੱਖਤਾ ਨੂੰ ਆਤਮਿਕ ਅਤੇ ਸਰੀਰਕ ਬਹੁਪ੍ਰਕਾਰੀ ਬੰਧਨਾਂ ਦੀਆਂ ਜ਼ੰਜੀਰਾਂ ਤੋਂ ਮੁਕਤ ਕਰਵਾਉਣ ਦਾ ਦੈਵੀ ਕਾਰਜ ਲੈ ਕੇ ਆਏ। ਗੁਰੂ ਸਾਹਿਬ ਨੇ ਮਨੁੱਖਤਾ ਦੇ ਜੀਊਣ ਲਈ ਨਿਵੇਕਲਾ ਜੀਵਨ ਦ੍ਰਿਸ਼ਟੀਕੋਣ ਦਿੱਤਾ। ਗੁਰੂ ਸਾਹਿਬ ਨੇ ਚਾਰ ਉਦਾਸੀਆਂ ਦੇ ਰੂਪ ਵਿਚ ੩੦ ਮੁਲਕਾਂ ਵਿਚ ੪੮ ਹਜ਼ਾਰ ਮੀਲ ਪੈਦਲ ਸਫ਼ਰ ਕਰਕੇ ਮਰ ਚੁੱਕੀ ਮਨੁੱਖਤਾ ਨੂੰ ਜਗਾਇਆ। ਵੱਖ ਵੱਖ ਅਕੀਦਿਆਂ ਨੂੰ ਅੱਖੀਂ ਵੇਖਿਆ, ਉਨ੍ਹਾਂ ਨਾਲ ਸੰਵਾਦ ਰਚਾਇਆ ਅਤੇ ਅਖ਼ੀਰ ਵਿਚ ਕਰਤਾਰਪੁਰ ਸਾਹਿਬ ਦੀ ਸਥਾਪਨਾ ਕਰਕੇ ਇਕ ਆਦਰਸ਼ਕ ਸਮਾਜ ਦੀ ਨੀਂਹ ਰੱਖੀ। ਭਾਈ ਗੁਰਦਾਸ ਜੀ ਦੇ ਕਥਨ ਅਨੁਸਾਰ:

*ਫਿਰਿ ਬਾਬਾ ਆਇਆ ਕਰਤਾਰਪੁਰਿ ਭੇਖੁ ਉਦਾਸੀ ਸਗਲ ਉਤਾਰਾ।*
*ਪਹਿਰਿ ਸੰਸਾਰੀ ਕਪੜੇ ਮੰਜੀ ਬੈਠਿ ਕੀਆ ਅਵਤਾਰਾ।* *(ਵਾਰ ੧, ਪਉੜੀ ੩੮)*

**ਕਰਤਾਰਪੁਰ ਦਾ ਵਸਾਉਣਾ:** ਇਤਿਹਾਸਕਾਰਾਂ ਅਨੁਸਾਰ, 'ਸ੍ਰੀ ਗੁਰੂ ਨਾਨਕ ਦੇਵ ਜੀ ਨੇ ਪਹਿਲੀ ਉਦਾਸੀ ਤੋਂ ਬਾਅਦ ਹੀ ਨਿਰਣਾ ਕਰ ਲਿਆ ਸੀ ਕਿ ਜੀਵਨ ਦੇ ਜਿਸ ਆਦਰਸ਼ਕ ਰਾਹ ਦਾ ਉਹ ਪ੍ਰਚਾਰ ਕਰਨ ਆਏ ਹਨ, ਉਸ ਨੂੰ ਅਮਲੀ ਜਾਮਾ ਦੇਣ ਲਈ ਕੋਈ ਨਾ ਕੋਈ ਥਾਂ ਕਾਇਮ ਕਰਨੀ ਜ਼ਰੂਰੀ ਹੈ। ਗੁਰੂ ਜੀ ਨੇ ਫੈਸਲਾ ਕੀਤਾ ਕਿ ਜੇਕਰ ਰਾਵੀ, ਚਨਾਬ ਤੇ ਪਹਾੜੀ ਇਲਾਕਿਆਂ ਨੇੜੇ ਕੋਈ ਥਾਂ ਚੁਣ ਲਈ ਜਾਵੇ ਤਾਂ ਠੀਕ ਰਹੇਗਾ। ਦੁਨਿਆਵੀ ਤੇ ਅਗੰਮੀ ਦ੍ਰਿਸ਼ਟੀ ਤੋਂ ਸਾਰਾ ਕੁਝ ਸੋਚ-ਵਿਚਾਰਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਆਦਰਸ਼ਕ ਸਮਾਜ ਦੀ ਸਿਰਜਣਾ ਵਾਲਾ ਨਗਰ ਕਰਤਾਰਪੁਰ ਵਸਾਇਆ। ਇਸ ਇਲਾਕੇ ਦੀ ਨਿਸ਼ਾਨਦੇਹੀ ਗੁਰੂ ਸਾਹਿਬ ਦੂਜੀ ਉਦਾਸੀ ਸਮੇਂ ਕਰ ਗਏ ਸਨ ਅਤੇ ਤੀਜੀ ਉਦਾਸੀ ਤੋਂ ਬਾਅਦ ਉਨ੍ਹਾਂ ਨਗਰ ਵਸਾਉਣ ਦਾ ਫ਼ੈਸਲਾ ਕਰ ਲਿਆ।'

ਸ੍ਰੀ ਗੁਰੂ ਨਾਨਕ ਦੇਵ ਜੀ ਨੇ ਕਰਤਾਰਪੁਰ ਵਸਾਉਣ ਦਾ ਵਿਚਾਰ ਸਭ ਤੋਂ ਪਹਿਲਾਂ ਭਾਈ ਅਜਿਤਾ ਰੰਧਾਵਾ ਨਾਲ ਸਾਂਝਾ ਕੀਤਾ। ਕਰਤਾਰਪੁਰ ਦਾ ਵੱਸਣਾ ਸੁਣ ਕੇ ਕੱਟੜ ਖਿਆਲੀਏ ਮੁਸਲਮਾਨਾਂ ਨੇ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ। ਕਰਤਾਰਪੁਰ ਦੀ ਜ਼ਮੀਨ ਕਲਾਨੌਰ ਦੇ ਪਰਗਨੇ ਵਿਚ ਪੈਂਦੀ ਸੀ। ਪਹਿਲਾਂ ਤਾਂ ਕਲਾਨੌਰ ਦੇ ਚੌਧਰੀ ਕਰੋੜੀ ਮੱਲ ਨੇ ਇਸ ਦੀ ਵਿਰੋਧਤਾ ਦਾ ਬੀੜਾ ਚੁੱਕ ਲਿਆ ਪਰ ਬਾਅਦ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸ਼ਨਾਂ ਲਈ ਆਇਆ ਤਾਂ ਰੱਬੀ ਚੋਜ ਵੇਖ ਕੇ ਆਪ ਵੀ ਉਥੋਂ ਦਾ ਹੀ ਹੋ ਗਿਆ। ਇਸ ਤਰ੍ਹਾਂ ਕਰਤਾਰਪੁਰ ਵਸਾਉਣ 'ਚ ਅਜਿੱਤਾ ਜੀ ਨੇ ਮੁੱਢਲਾ ਉੱਦਮ ਕੀਤਾ ਅਤੇ ਬਾਅਦ 'ਚ ਦੋਦਾ ਜੀ ਤੇ ਕਰੋੜੀ ਮੱਲ ਨੇ ਵੀ ਆਪਣਾ ਯੋਗਦਾਨ ਪਾਇਆ।

ਭਾਈ ਕਾਨ੍ਹ ਸਿੰਘ ਨਾਭਾ ਦੀ ਰਚਨਾ 'ਮਹਾਨ ਕੋਸ਼' ਅਨੁਸਾਰ, 'ਜ਼ਿਲ੍ਹਾ ਗੁਰਦਾਸਪੁਰ, ਤਸੀਲ ਸ਼ਕਰਗੜ੍ਹ ਵਿਚ ਗੁਰੂ ਨਾਨਕ ਦੇਵ ਦਾ ਸੰਮਤ ੧੫੬੧ ਵਿਚ ਵਸਾਇਆ ਇਕ ਨਗਰ, ਜਿਸ ਥਾਂ ਦੇਸ਼ ਦੇਸ਼ਾਂਤਰਾਂ ਵਿਚ ਸਿੱਖ ਧਰਮ ਦਾ ਉਪਦੇਸ਼ ਕਰਨ ਪਿੱਛੋਂ ਜਗਤ ਗੁਰੂ ਨੇ ਸੰਮਤ ੧੫੭੯ ਵਿਚ ਰਿਹਾਇਸ਼ ਕੀਤੀ।' ਸ੍ਰੀ

**ਸ਼ਹੀਦ ਬਾਬਾ ਦੀਪ ਸਿੰਘ ਕਲੋਨੀ, ਸ੍ਰੀ ਦਸਮੇਸ਼ ਅਕੈਡਮੀ ਰੋਡ, ਸ੍ਰੀ ਅਨੰਦਪੁਰ ਸਾਹਿਬ।*

ਗੁਰੂ ਨਾਨਕ ਦੇਵ ਜੀ ਨੇ ਆਪਣੀਆਂ ਚਾਰ ਉਦਾਸੀਆਂ ਤੋਂ ਬਾਅਦ ੧੫੨੨ ਈਸਵੀ 'ਚ ਕਰਤਾਰਪੁਰ ਸਾਹਿਬ ਆ ਕੇ ਪੱਕਾ ਵਾਸਾ ਕੀਤਾ। ਪ੍ਰਿੰਸੀਪਲ ਸਤਿਬੀਰ ਸਿੰਘ ਅਨੁਸਾਰ ਰਾਇ ਭੋਇ ਦੀ ਤਲਵੰਡੀ ਦੀ ਬਹੁਤੀ ਵੱਸੋਂ ਕਰਤਾਰਪੁਰ ਹੀ ਆ ਗਈ ਸੀ। ਇਕ ਅੰਦਾਜ਼ੇ ਮੁਤਾਬਕ ਕਰਤਾਰਪੁਰ ਦੀ ਵੱਸੋਂ ਵੀਹ ਹਜ਼ਾਰ ਹੋ ਗਈ।

**ਕਰਤਾਰਪੁਰ ਦੀ ਰੋਜ਼ਾਨਾ ਮਰਯਾਦਾ:** ਗੁਰੂ ਸਾਹਿਬ ਨੇ ਇੱਥੇ ਚਾਰੇ ਵਰਨਾਂ ਦੇ ਲੋਕਾਂ ਲਈ ਇਕੋ ਧਰਮਸਾਲ ਬਣਾਈ। ਚਾਰੇ ਪਾਸੇ ਤੋਂ ਕਰਤਾਰਪੁਰ ਲੋਕਾਂ ਦਾ ਪੁੱਜਣਾ ਸੁਖਾਲਾ ਹੋ ਗਿਆ। ਸਿੱਖ ਇੱਥੇ ਹੀ ਆ ਵੱਸੇ। ਭਾਈ ਬਲਵੰਡ ਜੀ ਵੀ ਆ ਗਏ ਅਤੇ ਰੋਜ਼ ਕੀਰਤਨ ਹੁੰਦਾ। ਸਾਰੇ ਪਾਸੇ ਖ਼ੁਸ਼ਬੂ ਫੈਲ ਗਈ। ਨਵੇਂ ਨਗਰ ਨੂੰ ਕਰਤਾਰਪੁਰ ਨਾਂਅ ਦੇਣਾ ਵੀ 'ਆਪਾ ਭਾਵ ਮਿਟਾਉਣਾ' ਦਰਸਾਉਂਦਾ ਹੈ। ਕਰਤਾਰਪੁਰ ਵਿਚ ਟਿਕ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਨੇ 'ਨਿਰਾਕਾਰ ਅਕਾਲ ਪੁਰਖ' ਦੇ ਸ਼ਬਦ ਨੂੰ ਹੀ ਦ੍ਰਿੜ੍ਹਾਇਆ। ਰੱਬੀ ਬਾਣੀ ਰਾਹੀਂ ਚਾਨਣ ਕੀਤਾ ਤੇ ਹਨੇਰਾ ਮਿਟਦਾ ਗਿਆ। ਉਥੇ ਦੂਰ-ਦੂਰ ਤੋਂ ਆਤਮਕ ਸੁੱਖ ਦੇ ਜਗਿਆਸੂ ਆਉਣ ਲੱਗੇ ਤੇ ਹਰ ਵੇਲੇ ਰੱਬੀ ਸਿਫ਼ਤ-ਸਲਾਹ ਹੋਣ ਲੱਗੀ। ਕਲਯੁਗ ਦਾ ਪ੍ਰਭਾਵ ਮਿਟ ਗਿਆ। ਮਨੁੱਖਤਾ ਪਦਾਰਥਾਂ ਦੀ ਲਾਲਸਾ ਤੋਂ ਉੱਪਰ ਉਠ ਗਈ। ਦਿਨ ਨਿਕਲਣ ਤੋਂ ਡੇਢ ਪਹਿਰ ਰਹਿੰਦੇ ਸ੍ਰੀ ਗੁਰੂ ਨਾਨਕ ਦੇਵ ਜੀ ਉੱਠ ਪੈਂਦੇ। ਸੰਗਤਾਂ ਇਸ਼ਨਾਨ ਕਰਕੇ ਧਰਮਸ਼ਾਲ 'ਚ ਜੁੜ ਬੈਠਦੀਆਂ। ਜਪੁਜੀ ਸਾਹਿਬ ਦਾ ਪਾਠ ਅਤੇ ਆਸਾ ਦੀ ਵਾਰ ਦਾ ਕੀਰਤਨ ਹੁੰਦਾ। ਸੂਰਜ ਨਿਕਲਣ ਤੋਂ ਪਿੱਛੋਂ ਸਵਾ ਪਹਿਰ ਤੱਕ ਗੁਰਬਾਣੀ ਦਾ ਕੀਰਤਨ ਹੁੰਦਾ ਰਹਿੰਦਾ। ਲੰਗਰ ਵਰਤਾਇਆ ਜਾਂਦਾ। ਦਿਨੇ ਸਾਰੇ ਲੋਕ ਕਿਰਤ ਵਿਚ ਜੁੱਟ ਜਾਂਦੇ। ਗੁਰੂ ਜੀ ਬਹੁਤਾ ਕਰਕੇ ਖੇਤਾਂ ਨੂੰ ਚਲੇ ਜਾਂਦੇ। ਤੀਜੇ ਪਹਿਰ ਫਿਰ ਸ਼ਬਦ ਕੀਰਤਨ ਹੁੰਦਾ। ਉਸ ਉਪਰੰਤ ਸ਼ਾਮ ਨੂੰ ਸੋਦਰੁ ਦਾ ਪਾਠ ਹੁੰਦਾ। ਸਾਰੇ ਸਿੱਖ ਇਕੱਠੇ ਹੀ ਪ੍ਰਸ਼ਾਦ ਛਕਦੇ। ਇਕ ਪਹਿਰ ਰਾਤ ਜਦ ਗੁਜ਼ਰ ਜਾਂਦੀ ਤਾਂ ਸਾਰੇ ਸੋਹਿਲਾ ਦਾ ਪਾਠ ਕਰਕੇ ਆਰਾਮ ਕਰਦੇ।

ਇਤਿਹਾਸਕਾਰ ਮੈਕਾਲਫ਼ ਲਿਖਦਾ ਹੈ ਕਿ ਗੁਰੂ ਜੀ ਨੇ ਸਾਰੇ ਉਦਾਸੀਆਂ ਵਾਲੇ ਕੱਪੜੇ ਉਤਾਰ ਦਿੱਤੇ ਤੇ ਆਮ ਰਿਵਾਜ਼ ਅਨੁਸਾਰ ਕੱਪੜੇ ਪਾ ਲਏ। ਲੱਕ ਦੁਆਲੇ ਕੱਪੜਾ, ਮੋਢਿਆਂ 'ਤੇ ਚਾਦਰ ਅਤੇ ਸਿਰ 'ਤੇ ਦਸਤਾਰ ਸਜਾ ਲਈ। ਇਸ ਪਹਿਰਾਵੇ 'ਚ ਗੁਰੂ ਜੀ ਦੀ ਝਾਲ ਝੱਲੀ ਨਹੀਂ ਸੀ ਜਾਂਦੀ।

**ਕਰਤਾਰਪੁਰ 'ਚ ਉਪਦੇਸ਼:** ਮੁਨਸ਼ੀ ਸੋਹਣ ਲਾਲ ਦਾ ਕਹਿਣਾ ਹੈ ਕਿ, 'ਆਤਮਿਕ ਸ਼ਾਂਤੀ ਲਈ ਹਰ ਸ਼ਹਿਰ ਤੇ ਹਰ ਪ੍ਰਾਂਤ ਦੇ ਲੋਕੀਂ ਕਰਤਾਰਪੁਰ 'ਚ ਆ ਕੇ ਗੁਰੂ ਨਾਨਕ ਸਾਹਿਬ ਦੀ ਸੇਵਾ 'ਚ ਹਾਜ਼ਰ ਹੁੰਦੇ ਤੇ ਖ਼ੁਸ਼ੀਆਂ ਪ੍ਰਾਪਤ ਕਰਦੇ। ਆਪ ਜੀ ਦੇ ਦੀਦਾਰ ਸਦਕਾ ਉਨ੍ਹਾਂ ਦੀਆਂ ਅੱਖਾਂ ਵਿਚ ਨੂਰ ਤੇ ਚਮਕ ਆ ਜਾਂਦੀ।' ਆਤਮ-ਜਗਿਆਸੂ ਇੱਥੇ ਆ ਕੇ ਗੁਰੂ ਜੀ ਤੋਂ ਉਪਦੇਸ਼ ਹਾਸਲ ਕਰਦੇ ਤੇ ਉਨ੍ਹਾਂ ਮੁਤਾਬਕ ਜੀਵਨ-ਜਾਚ ਧਾਰਨ ਕਰਦੇ। ਬੇਅੰਤ ਹੀ ਲੋਕ ਕਰਤਾਰਪੁਰ ਪੁੱਜ ਕੇ ਗੁਰੂ ਜੀ ਕੋਲ ਟਿਕ ਕੇ ਮਨ ਦੇ ਸ਼ੰਕੇ ਨਿਵਾਰਦੇ ਪਰ ਭਾਈ ਗੁਰਦਾਸ ਜੀ ਨੇ ੨੦ ਸਿੱਖਾਂ ਦਾ ਉਚੇਚਾ ਜ਼ਿਕਰ ਕੀਤਾ ਹੈ, ਜਿਨ੍ਹਾਂ ਨੇ ਕਰਤਾਰਪੁਰ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ ਨੂੰ ਹਾਸਲ ਕਰਕੇ ਜੀਵਨ ਪਦਵੀ ਹਾਸਲ ਕੀਤੀ। ਭਾਈ ਗੁਰਦਾਸ ਜੀ ਨੇ ਸਭ ਤੋਂ ਪਹਿਲੀ ਥਾਂ ਭਾਈ ਤਾਰੂ ਜੀ ਨੂੰ ਦਿੱਤੀ। ਗੁਰੂ ਜੀ ਨੇ ਤਾਰੂ ਜੀ ਨੂੰ ਕਿਹਾ, 'ਧਰਮ ਦੀ ਕਿਰਤ ਕਰਕੇ ਵੰਡ ਖਾਵਣਾ, ਦੁੱਖ ਵੰਡਿ ਆਉਣਾ। ਸਵਾਸ ਸਵਾਸ ਵਾਹਿਗੁਰੂ ਜਪਣਾ ਰਿਦਾ ਸ਼ੁੱਧ ਰੱਖਣਾ।' ਭਾਈ ਮਨੀ ਸਿੰਘ ਜੀ ਲਿਖਦੇ ਹਨ ਕਿ, 'ਭਾਈ ਤਾਰੂ ਜੀ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਹੀ ਵਰਤੇ। ਧਰਮ ਦੀ ਕਿਰਤ ਕਰਦੇ, ਭਜਨ ਕਰਦੇ ਤੇ ਆਏ ਸਿੱਖਾਂ ਦੀ ਸੇਵਾ ਕਰਦੇ ਤੇ ਵਾਪਸ ਜਾਣ ਲੱਗਿਆਂ ਮੰਜ਼ਿਲ 'ਤੇ ਛੱਡ ਕੇ ਆਉਂਦੇ। ਕਿਸੇ ਦਾ ਵੀ ਦੁੱਖ-ਦਰਦ ਸਹਿਣ ਨਾ ਕਰਦੇ।' ਇਕ ਵਾਰ ਭਿਆਨਕ ਅੱਗ ਨਾਲ ਲਾਹੌਰ ਸੜਨ ਲੱਗਾ ਤਾਂ ਭਾਈ ਤਾਰੂ ਜੀ ਆਪਣੇ ਘਰੋਂ ਬਾਲਟੀ ਚੁੱਕ ਕੇ ਖੂਹ ਤੋਂ ਪਾਣੀ ਭਰ ਕੇ ਅੱਗ ਬੁਝਾਉਣ ਲਈ ਤੁਰ ਪਏ। ਕਿਸੇ ਨੇ ਕਿਹਾ, ਭਾਈ ਜੀ ਇੰਨੀ ਭਿਆਨਕ ਅੱਗ ਤੁਹਾਡੀ ਇਕ ਬਾਲਟੀ

ਨਾਲ ਨਹੀਂ ਬੁੱਝਣ ਲੱਗੀ। ਪਰਉਪਕਾਰੀ ਭਾਈ ਤਾਰੂ ਜੀ ਕਹਿਣ ਲੱਗੇ, ਮੈਨੂੰ ਇਸ ਨਾਲ ਕੋਈ ਸਰੋਕਾਰ ਨਹੀਂ ਕਿ ਮੇਰੀ ਬਾਲਟੀ ਨਾਲ ਅੱਗ ਬੁਝਦੀ ਹੈ ਜਾਂ ਨਹੀਂ ਪਰ ਗੁਰੂ ਨਾਨਕ ਦਾ ਸਿੱਖ ਅੱਗ ਲੱਗੀ ਵੇਖ ਕੇ ਚੁੱਪ ਕਰਕੇ ਆਰਾਮ ਨਾਲ ਨਹੀਂ ਬੈਠ ਸਕਦਾ। ਪ੍ਰਿੰ. ਸਤਿਬੀਰ ਸਿੰਘ ਅਨੁਸਾਰ, 'ਭਾਈ ਤਾਰੂ ਜੀ ਫਾਇਰ ਬ੍ਰਿਗੇਡ ਦੇ ਬਾਨੀ ਕਹੇ ਜਾ ਸਕਦੇ ਹਨ।'

ਇਸੇ ਤਰ੍ਹਾਂ ਕਰਤਾਰਪੁਰ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ ਨੂੰ ਜੀਵਨ ਵਿਚ ਧਾਰਨ ਕਰਕੇ 'ਜੀਵਨ ਪਦਵੀ' ਪਾਉਣ ਵਾਲੇ ਬਾਕੀ ਸਿੱਖਾਂ 'ਚ ਭਾਈ ਗੁਰਦਾਸ ਜੀ ਕ੍ਰਮਵਾਰ; ਭਾਈ ਮੂਲਾ ਜੀ, ਭਾਈ ਪ੍ਰਿਥਾ ਜੀ, ਭਾਈ ਖੇਡਾ ਜੀ, ਭਾਈ ਮਰਦਾਨਾ ਜੀ, ਭਾਈ ਪ੍ਰਿਥੀ ਮੱਲ ਜੀ, ਭਾਈ ਰਾਮਾ ਡਿਡੀ ਜੀ, ਭਾਈ ਦੌਲਤ ਖ਼ਾਨ ਜੀ, ਭਾਈ ਮਾਲੋ ਜੀ, ਭਾਈ ਮਾਂਗਾ ਜੀ, ਭਾਈ ਕਾਲੂ ਜੀ, ਭਾਈ ਭਗਤਾ ਜੀ, ਭਾਈ ਵੰਸੀ ਜੀ, ਭਾਈ ਸੀਹਾਂ ਜੀ, ਭਾਈ ਗਜਣ ਉਪਲ ਜੀ, ਭਾਈ ਭਗੀਰਥ ਜੀ, ਭਾਈ ਅਜਿਤਾ ਰੰਧਾਵਾ ਜੀ, ਬਾਬਾ ਬੁੱਢਾ ਜੀ, ਭਾਈ ਫਿਰਣਾ ਜੀ ਅਤੇ ਭਾਈ ਜੋਧ ਜੀ ਦੇ ਨਾਂਅ ਲਿਖਦੇ ਹਨ।

ਭਾਈ ਗੁਰਦਾਸ ਜੀ ਨੇ ਇਨ੍ਹਾਂ ੨੦ ਸਿੱਖਾਂ ਦੀ ਸੂਚੀ ਬਣਾ ਕੇ ਇਹ ਦਰਸਾਇਆ ਹੈ ਕਿ ਕਰਤਾਰਪੁਰ ਵਸਾਉਣ ਦਾ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਮਨੋਰਥ, ਬਿਨ੍ਹਾਂ ਕਿਸੇ ਜਾਤ, ਪਾਤ, ਦੇਸ਼, ਮਜ਼੍ਹਬ ਦੇ ਵਿਤਕਰੇ ਤੋਂ ਮਨੁੱਖ ਨੂੰ ਸਚਿਆਰ ਮਨੁੱਖ ਬਣਾਉਣ ਦਾ ਜੀਵਨ ਅਮਲ ਸਿਖਾਉਣਾ ਸੀ। ਜੋ ਕੁਝ ਕਰਤਾਰਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਕਿਹਾ ਅਤੇ ਕੀਤਾ, ਉਹ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਉਦੇਸ਼ ਅਤੇ ਆਦਰਸ਼ ਸੀ। ਇਤਿਹਾਸਕਾਰ ਮੁਹਸਨ ਫ਼ਾਨੀ 'ਦਬਿਸਤਾਨਿ ਮਜ਼ਾਹਬ' ਵਿਚ ਲਿਖਦਾ ਹੈ ਕਿ ਜੋ (ਗੁਰੂ) ਨਾਨਕ ਦੇ ਰਾਹ ਤੁਰ ਪੈਂਦੇ ਸਨ, ਉਨ੍ਹਾਂ ਨੂੰ 'ਕਰਤਾਰੀ' ਕਿਹਾ ਜਾਂਦਾ ਸੀ। ਮੰਨਣ ਵਾਲੇ ਇਕ ਤਾਂ ਕਰਤਾਰ ਵਾਹਿਗੁਰੂ ਦੇ ਉਪਾਸ਼ਕ ਹੁੰਦੇ ਹਨ, ਦੂਜੇ ਕਰਤਾਰਪੁਰ ਦੀ ਮਰਯਾਦਾ ਹੀ ਆਪਣੇ ਨਗਰਾਂ ਤੇ ਜੀਵਨ ਵਿਚ ਨਿਭਾਉਂਦੇ ਸਨ। ਗੁਰੂ ਗੋਬਿੰਦ ਸਿੰਘ ਜੀ ਨੇ ਇਸੇ ਕਰਤਾਰੀ ਸੰਗਤ ਨੂੰ 'ਵਾਹਿਗੁਰੂ ਜੀ ਕਾ ਖ਼ਾਲਸਾ' ਬਣਾਇਆ। ਜਿਸ ਫ਼ਸਲ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਘਰ ਲਿਆ ਰਹੇ ਸਨ, ਉਸ ਦੀ ਬਿਜਾਈ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਹੀ ਕੀਤੀ ਸੀ।

ਇਸ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਕਰਤਾਰਪੁਰ ਦੀ ਮੁਕੱਦਸ ਧਰਤੀ 'ਤੇ ੧੭ ਸਾਲ ੫ ਮਹੀਨੇ ੯ ਦਿਨ ਤੱਕ ਰਹੇ ਅਤੇ ਜੋਤੀ-ਜੋਤਿ ਸਮਾਉਣ ਤੋਂ ਪਹਿਲਾਂ ਇੱਥੇ ਹੀ ਭਾਈ ਲਹਿਣੇ ਨੂੰ ਸ੍ਰੀ ਗੁਰੂ ਅੰਗਦ ਦੇਵ ਬਣਾ ਕੇ ਸਿੱਖਾਂ ਦੇ ਦੂਜੇ ਗੁਰੂ ਦੀ ਗੁਰਗੱਦੀ ਦਿੱਤੀ। ਜਦ ੧੫੩੯ ਈਸਵੀ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਜੋਤੀ-ਜੋਤਿ ਸਮਾਏ ਤਾਂ ਹਿੰਦੂ ਅਤੇ ਮੁਸਲਮਾਨ ਦੋਵਾਂ ਨੇ ਗੁਰੂ ਸਾਹਿਬ ਦੀ ਦੇਹ ਦੀਆਂ ਅੰਤਮ ਰਸਮਾਂ ਆਪਣੀ-ਆਪਣੀ ਮਰਿਆਦਾ ਅਨੁਸਾਰ ਪੂਰੀਆਂ ਕਰਨ ਦੇ ਦਾਅਵੇ ਰੱਖੇ। ਅਗਲੀ ਸਵੇਰ ਨੂੰ ਜਦੋਂ ਦੋਹਾਂ ਧਿਰਾਂ ਨੇ ਚਾਦਰ ਚੁੱਕ ਕੇ ਵੇਖਿਆ ਤਾਂ ਗੁਰੂ ਸਾਹਿਬ ਦਾ ਸਰੀਰ ਅਲੋਪ ਸੀ। ਦੋਹਾਂ ਭਾਈਚਾਰਿਆਂ ਨੇ ਅਖ਼ੀਰ ਗੁਰੂ ਸਾਹਿਬ ਦੀ ਚਾਦਰ ਦੇ ਹੀ ਦੋ ਹਿੱਸੇ ਕਰ ਲਏ। ਮੁਸਲਮਾਨਾਂ ਨੇ ਇਸ ਨੂੰ ਦਫ਼ਨਾ ਦਿੱਤਾ ਤੇ ਹਿੰਦੂਆਂ ਨੇ ਸਸਕਾਰ ਕਰ ਦਿੱਤਾ। ਇਸ ਲਈ ਉਥੇ ਕਬਰ ਅਤੇ ਸਮਾਧ ਦੋਵੇਂ ਹੀ ਮੌਜੂਦ ਹਨ। ਇਤਿਹਾਸਕਾਰ ਰਾਬਰਟ ਐਨ. ਕਸਟ ਅਨੁਸਾਰ ਸੰਸਾਰ ਵਿਚ ਹੋਰ ਕਿਧਰੇ ਇਹ ਨਹੀਂ ਦੇਖਿਆ ਜਾ ਸਕਦਾ ਕਿ ਇਕੋ ਪੁਰਸ਼ ਦਾ ਮਕਬਰਾ ਤੇ ਸਮਾਧ ਬਣੀ ਹੋਵੇ ਤੇ ਇਹ ਦੀਵਾਰ ਸਾਂਝੀ ਹੋਵੇ। ਇਸ ਤਰ੍ਹਾਂ ਕਰਤਾਰਪੁਰ ਧਾਰਮਿਕ ਤੇ ਸੱਭਿਆਚਾਰਕ ਸਹਿਹੋਂਦ ਦਾ ਵੀ ਰੌਸ਼ਨ ਮੁਨਾਰਾ ਹੈ।

■

# ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਧਮਤਾਨ

*-ਬੀਬੀ ਸਿਮਰਨਜੀਤ ਕੌਰ**

ਜਿਸ ਪਵਿੱਤਰ ਧਰਤ ਨੂੰ ਗੁਰੂ ਸਾਹਿਬਾਨ ਦੀ ਚਰਨ ਛੋਹ ਪ੍ਰਾਪਤ ਹੋਵੇ, ਉਹ ਵਿਸ਼ਾਲ ਅਨੁਭਵ ਰਾਹੀਂ ਸੁਹਾਵਣੀ ਹੋ ਮੌਲਦੀ ਹੈ। ਜਿਸ ਅਸਥਾਨ 'ਤੇ ਵੀ ਗੁਰੂ ਸਾਹਿਬ ਆਣ ਬਿਰਾਜਮਾਨ ਹੋਏ ਉਹ ਅਸਥਾਨ ਮੰਗਲਮਈ ਹੋ ਗਏ ਅਤੇ ਉਹਨਾਂ ਅਸਥਾਨਾਂ ਦੇ ਖਾਰੇ ਖੂਹ ਵੀ ਮਿੱਠੇ ਹੋ ਗਏ। ਗੁਰੂ ਜੀ ਦੁਆਰਾ ਵਰੋਸਾਏ ਇਹਨਾਂ ਪਵਿੱਤਰ ਅਸਥਾਨਾ 'ਤੇ ਜਾ ਕੇ ਅੱਜ ਵੀ ਨਤਮਸਤਕ ਹੁੰਦਿਆਂ ਵਿਲੱਖਣ ਅਹਿਸਾਸ ਹੁੰਦਾ ਹੈ, ਕਿਉਂਕਿ ਧਰਤ ਆਪਣੀ ਆਗੋਸ਼ 'ਚ ਪਵਿੱਤਰ ਛੋਹ ਦੇ ਅਨੁਭਵ ਸਮੋਈ ਰੱਖਦੀ ਹੈ। ਇਸੇ ਤਰ੍ਹਾਂ ਧਮਤਾਨ ਸਾਹਿਬ (ਜੀਂਦ) ਦੇ ਇਲਾਕੇ ਨੂੰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਪਵਿੱਤਰ ਛੋਹ ਪ੍ਰਾਪਤ ਹੈ। ਧਮਤਾਨ ਨਗਰ ਪਰਾਂਤ ਹਰਿਆਣਾ ਦੇ ਜ਼ਿਲ੍ਹਾ ਜੀਂਦ, ਤਹਿਸੀਲ ਨਰਵਾਣਾ ਵਿਚ ਪੈਂਦਾ ਹੈ, ਜੋ ਕਿ ਮਕਰੋੜ ਤੋਂ ੧੨ ਕਿ. ਮੀ. ਦੂਰ ਸਥਿਤ ਹੈ। ਇਹ ਨਗਰ ਪਿੰਡ ਜਨੌਂਦੇ ਤੋਂ ਉੱਠ ਕੇ ਇਥੇ ਆਣ ਵਸਿਆ ਸੀ। ਇਸ ਅਸਥਾਨ 'ਤੇ ਧਮਤਾਨ (ਧਮਧਾਨ) ਨਾਮਕ ਸਾਧੂ ਰਹਿੰਦਾ ਸੀ ਜਿਸ ਤੋਂ ਨਗਰ ਦਾ ਨਾਮ 'ਧਮਤਾਨ' ਪ੍ਰਚਲਿਤ ਹੋ ਗਿਆ। ਪ੍ਰਾਪਤ ਇਤਿਹਾਸਕ ਸ੍ਰੋਤਾਂ ਅਨੁਸਾਰ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਨੇ ਪੂਰਬੀ ਰਾਜਾਂ, ਮਾਲਵਾ-ਬਾਂਗਰ ਦੀ ਫੇਰੀ ਦੌਰਾਨ ਇਸ ਅਸਥਾਨ ਵਿਖੇ ਕਈ ਵਾਰ ਆਪਣੇ ਮੁਬਾਰਕ ਚਰਨ ਪਾਏ। ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਨੇ ਇਸ ਪਵਿੱਤਰ ਅਸਥਾਨ ਵਿਖੇ ਪਰਿਵਾਰ ਸਹਿਤ ਆਣ ਉਤਾਰਾ ਕੀਤਾ ਅਤੇ ਇਸ ਅਸਥਾਨ ਨੂੰ ਧਰਮ ਪ੍ਰਚਾਰ ਦੇ ਕੇਂਦਰੀ ਅਸਥਾਨ ਵਜੋਂ ਸਥਾਪਿਤ ਕੀਤਾ। ਗੁਰੂ ਜੀ ਦੀ ਪਵਿੱਤਰ ਯਾਦ ਵਿਚ 'ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਧਮਤਾਨ ਸਾਹਿਬ' ਧਮਤਾਨ ਸਟੇਸ਼ਨ ਤੋਂ ਨਜ਼ਦੀਕ ਹੀ ਦੱਖਣ-ਪੱਛਮ ਦਿਸ਼ਾ ਵੱਲ ਸੁਸ਼ੋਭਿਤ ਹੈ।

ਇਸ ਪਵਿੱਤਰ ਅਸਥਾਨ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦਾ ਪਹਿਲਾ ਉਤਾਰਾ ਪੂਰਬ ਦੇਸ਼ ਦੀ ਯਾਤਰਾ ਸਮੇਂ ਹੋਇਆ, ਜਦੋਂ ਗੁਰੂ ਜੀ ਨੇ ਪਰਿਵਾਰ ਸਮੇਤ ਖੇਮ ਕਰਨ, ਚੋਲਾ ਸਾਹਿਬ, ਜ਼ੀਰਾ, ਮੋਗਾ, ਡਰੋਲੀ, ਤਲਵੰਡੀ ਸਾਬੋ, ਸੁਨਾਮ, ਮਕਰੋੜ ਆਦਿ ਰਾਹੀਂ ਹੁੰਦੇ ਹੋਏ ਸੰਮਤ ੧੭੨੨ (ਅਪ੍ਰੈਲ, ੧੬੬੫ ਈ.) ਵਿਚ ਧਮਤਾਨ ਨਗਰ ਵਿਖੇ ਚਰਨ ਪਾਏ:

*ਸ੍ਰੀ ਗੁਰਦੇਵ ਤਬੇ ਚਲਿ ਆਏ। ਗ੍ਰਾਮ ਨਾਮ 'ਧਮਧਾਨ' ਬਤਾਏ।*
*ਤਹਾਂ ਜਾਇ ਡੇਰਾ ਨਿਜ ਘਾਲੇ। ਸਯੰਦਨ ਅਰੁ ਡੋਰਾ ਨਰ ਨਾਲੇ॥*

*(ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ)*

ਇਸ ਯਾਤਰਾ ਦੌਰਾਨ ਗੁਰੂ ਸਾਹਿਬ ਜੀ, ਮਾਤਾ ਨਾਨਕੀ ਜੀ, ਮਾਤਾ ਗੁਜਰੀ ਜੀ ਅਤੇ ਸਿੱਖ ਸੰਗਤ ਸਮੇਤ ਇਕ ਤਾਲ ਕਿਨਾਰੇ ਆਣ ਬਿਰਾਜੇ ਸਨ ਅਤੇ ਇਥੋਂ ਦਾ ਸਥਾਨਕ ਜਮੀਂਦਾਰ ਭਾਈ ਦਗੋ ਦੁੱਧ ਲੈ ਕੇ ਗੁਰੂ ਜੀ ਦੀ ਸੇਵਾ ਵਿਚ ਹਾਜ਼ਰ ਹੋਇਆ। ਗੁਰੂ ਜੀ ਨੇ ਉਸਨੂੰ ਅਸੀਸ ਦਿੱਤੀ "ਭਾਈ ਦਗੋ! ਦੁਧ ਲੈ ਕੇ ਮਿਲਿਆਂ ਹੈ, ਐਥੇ ਦੁਧ ਸਦੀਵ ਰਹੂਗਾ।" ਤਵਾਰੀਖ਼ ਗੁਰੂ ਖਾਲਸਾ ਅਨੁਸਾਰ ਦਗੋ ਨੇ ਰਥ, ਡੋਲਾ, ਗੱਡੀ, ਊਠ, ਘੋੜੇ ਆਦਿ ਦਾ ਉਤਾਰਾ ਆਪਣੀ ਹਵੇਲੀ ਵਿਚ ਕੀਤਾ ਅਤੇ ਆਲੇ ਦੁਆਲੇ ਪਿੰਡਾਂ ਤੋਂ ਸੰਗਤ ਵੀ ਆ ਕੇ ਸੇਵਾ ਕਰਨ ਲੱਗੀ। ਇਸ ਯਾਤਰਾ ਦੌਰਾਨ ਗੁਰੂ ਜੀ ਨੇ ਲੰਮਾ ਸਮਾਂ ਧਮਤਾਨ ਸਾਹਿਬ ਵਿਖੇ ਟਿਕਾਣਾ ਕੀਤਾ, ਇਥੇ ਮੁੱਖ ਡੇਰਾ ਰੱਖਦਿਆਂ ਗੁਰੂ ਜੀ ਇਥੋਂ ਪ੍ਰਚਾਰਕ ਦੌਰਿਆਂ ਲਈ ਆਲੇ-ਦੁਆਲੇ ਦੇ

*ਰੀਸਰਚ ਸਕਾਲਰ, ਸਿੱਖ ਇਤਿਹਾਸ ਰੀਸਰਚ ਬੋਰਡ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।

ਇਲਾਕਿਆਂ ਵੱਲ ਵੀ ਜਾਂਦੇ ਰਹਿੰਦੇ। ਗੁਰੂ ਜੀ ਦੇ ਦਰਸ਼ਨ ਦੀਦਾਰ ਕਰਨ ਲਈ ਦੂਰ-ਦੁਰਾਡੇ ਤੋਂ ਸੰਗਤ ਇਥੇ ਪੁੱਜਦੀ, ਆਣ ਟਹਿਲ ਸੇਵਾ ਕਰਦੀ ਅਤੇ ਸ਼ਰਧਾ ਅਨੁਸਾਰ ਗੁਰੂ-ਘਰ ਦੇ ਲੰਗਰ ਲਈ ਭੇਟਾ ਵੀ ਚੜ੍ਹਾਉਂਦੀ। ਮਹਿਮਾ ਪ੍ਰਕਾਸ਼ ਅਨੁਸਾਰ ਇਸ ਅਸਥਾਨ 'ਤੇ ਜਦੋਂ ਗੁਰੂ ਜੀ ਨੇ ਆਣ ਉਤਾਰਾ ਕੀਤਾ ਧਰਮਸਾਲ ਪਹਿਲਾਂ ਤੋ ਹੀ ਤਿਆਰ ਸੀ ਪਰ ਕੁਝ ਸ੍ਰੋਤਾਂ ਅਨੁਸਾਰ ਗੁਰੂ ਸਾਹਿਬ ਜੀ ਨੇ ਇਸ ਅਸਥਾਨ ਤੋਂ ਤੁਰਨ ਸਮੇਂ ਸਥਾਨਕ ਜਿਮੀਂਦਾਰ ਭਾਈ ਦਗੋ ਨੂੰ ਕੁਝ ਮੋਹਰਾਂ ਦਿੱਤੀਆਂ ਅਤੇ ਇਸ ਅਸਥਾਨ 'ਤੇ ਖੂਹ, ਧਰਮਸਾਲ ਅਤੇ ਬਾਗ਼ ਲਵਾਉਣ ਲਈ ਆਦੇਸ਼ ਕੀਤਾ:

*ਹੁਕਮ ਕਰਯੋ ਬਡ ਕੂਪ ਖਨਾਵਹੁ। ਧਨ ਗਨ ਲਾਇ ਨੀਕ ਬਨਿਵਾਵਹੁ।*
*ਇਸ ਥਲ ਧਰਮਸਾਲ ਚਿਨਵਾਵਹੁ। ਕੋ ਸਿਖ ਸਾਧ ਬਹੁਰ ਬੈਠਾਵਹੁ॥*

*(ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ)*

ਮਾਲਵਾ ਦੇਸ਼ ਰਟਨ ਦੀ ਸਾਖੀ ਪੋਥੀ ਅਨੁਸਾਰ ਗੁਰੂ ਜੀ ਦੇ ਆਦੇਸ਼ ਨੂੰ ਨਾ ਮੰਨਦਿਆਂ ਭਾਈ ਦਗੋ ਨੇ ਖੂਹ ਆਪਣੀ ਨਿਆਈ ਵਿਚ ਲਾ ਲਿਆ, "ਤਾਂ ਕੂਆ ਨਿਘਰਿ ਗਇਆ। ਦੂਜੀ ਬਾਰੀ ਫੇਰਿ ਚਿਨਿਆ ਤਾਂ ਵਿੰਗਾ ਹੋਇ ਗਇਆ।" ਪਰ ਸਥਾਨਕ ਪ੍ਰਚਲਿਤ ਰਵਾਇਤ ਅਨੁਸਾਰ ਦਗੋ ਦੇ ਇਸ ਤਰ੍ਹਾਂ ਕਰਨ 'ਤੇ ਗੁਰੂ ਸਾਹਿਬ ਜੀ ਨੇ ਦਗੋ ਦੇ ਪ੍ਰਥਾਇ ਕਿਹਾ "ਦੱਗੋ! ਤੇਰੇ ਘਰ ਲਿਟਣਗੇ ਗਧੇ। ਜਿਥੇ ਕੂਆ ਨਾ ਚੱਕ, ਇਥੇ ਉਗਣਗੇ ਅੱਕ" ਪਰ ਇਤਿਹਾਸਕ ਸ੍ਰੋਤਾਂ ਵਿਚੋਂ ਇਸ ਗਲ ਦੀ ਪੁਸ਼ਟੀ ਨਹੀਂ ਹੁੰਦੀ ਅਤੇ ਗੁਰਮਤ ਦੇ ਦਾਇਰੇ ਅੰਦਰ ਵਰ ਸਰਾਪ ਨੂੰ ਕੋਈ ਮਾਨਤਾ ਨਹੀਂ ਦਿੱਤੀ ਗਈ।

ਗੁਰੂ ਜੀ ਦੀ ਇਸ ਪਹਿਲੀ ਫੇਰੀ ਦੌਰਾਨ ਨੰਦ ਲਾਲ 'ਸੋਹਣਾ' ਦੇ ਪੁੱਤਰ ਰਾਮਦੇਵ ਨੇ ਜਲ ਰਾਹੀਂ ਸ਼ਰਧਾ ਸਹਿਤ ਸੰਗਤ ਦੀ ਸੇਵਾ ਕੀਤੀ। ਨੰਦ ਲਾਲ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਅਨਿੰਨ ਸੇਵਕ ਹੋਇਆ ਹੈ, ਜੋ ਗੁਰੂ ਜੀ ਦੇ ਸ੍ਰੀ ਕੀਰਤਪੁਰ ਸਾਹਿਬ ਨਿਵਾਸ ਸਮੇਂ ਗੁਰੂ ਜੀ ਦਾ ਸਿੱਖ ਬਣਿਆ ਅਤੇ ਉਸਨੂੰ 'ਸੋਹਣਾ' ਖਿਤਾਬ ਗੁਰੂ ਸਾਹਿਬ ਜੀ ਨੇ ਹੀ ਬਖ਼ਸ਼ਿਆ। ਭਾਈ 'ਸੋਹਣਾ' ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਤੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਤਕ ਤਿੰਨ ਗੁਰੂ ਸਾਹਿਬ ਦੀ ਸੇਵਾ ਵਿਚ ਰਹੇ। ਭਾਈ ਨੰਦ ਲਾਲ 'ਸੋਹਣਾ' ਨੇ ਆਪਣੇ ਪੁੱਤਰ ਰਾਮਦੇਵ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਸਮੇਂ ਗੁਰੂ ਜੀ ਦੀ ਸੇਵਾ ਵਿਚ ਨਿਯਤ ਕੀਤਾ। ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੁਆਰਾ ਕੀਤੀਆਂ ਪ੍ਰਚਾਰ ਯਾਤਰਾਵਾਂ ਦੌਰਾਨ ਭਾਈ ਰਾਮਦੇਵ ਵੀ ਗੁਰੂ ਜੀ ਦੀ ਸੇਵਾ ਵਿਚ ਹਾਜ਼ਰ ਸਨ। ਆਪ ਲੰਗਰ ਵਿਚ ਜਲ ਭਰਨ ਤੋਂ ਇਲਾਵਾ ਸੰਗਤ ਅਤੇ ਘੋੜਿਆਂ ਨੂੰ ਜਲ ਛਕਾਉਣ ਤੋਂ ਇਲਾਵਾ ਲੋੜੀਂਦੇ ਥਾਵਾਂ ਤੇ ਛਿੜਕਾਉ ਕਰਨ ਦੀ ਸੇਵਾ ਵੀ ਬੜੇ ਉਤਸ਼ਾਹ ਅਤੇ ਪ੍ਰੇਮ ਸਹਿਤ ਨਿਭਾਉਂਦੇ। ਰਾਹਾਂ ਤੇ ਧੂੜ ਮਿਟੀ ਤੋਂ ਬਚਾਓ ਲਈ ਉਸ ਨੇ ਇਸ ਤਰ੍ਹਾਂ ਛਿੜਕਾਉ ਕੀਤਾ ਜਿਵੇਂ ਮੀਂਹ ਪੈ ਗਿਆ ਹੋਵੇ ਅਤੇ ਹਰ ਸਮੇਂ ਸੇਵਾ ਲਈ ਤਤਪਰ ਹੋਣ ਨਾਤੇ ਗੁਰੂ ਜੀ ਉਸ ਤੋਂ ਪ੍ਰਸੰਨ ਹੋਏ:

*ਸੇਵਾ ਕੋ ਫਲ ਲੇਹੁ ਮਹਾਨ। ਉਪਜਹਿ ਉਰ ਮੈਂ ਬ੍ਰਹਮ ਗਿਆਨ।*
*ਇਮ ਕਹਿ ਦਯਾ ਦ੍ਰਿਸ਼ਟਿ ਕੋ ਦੇਖਾ। ਤਤਛਿਨ ਰਿਦੈ ਪ੍ਰਕਾਸ਼ ਵਿਸ਼ੇਖਾ।*

*(ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ)*

ਰਾਮਦੇਵ ਦੀ ਸੇਵਾ ਭਾਵਨਾ ਵੇਖ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਨੇ ਉਸ ਨੂੰ 'ਮੀਹਾਂ ਸ਼ਾਹੀ' ਬਖ਼ਸ਼ਿਸ਼ ਦਾ ਥਾਪੜਾ ਦਿੱਤਾ। ਉਸ ਤੋਂ ਨਿਹਾਲ ਹੋ ਕੇ ਗੁਰੂ ਜੀ ਨੇ ਇਕ ਨਗਾਰਾ, ਨਿਸ਼ਾਨ ਸਾਹਿਬ ਅਤੇ ਇਕ ਦੱਖਣੀ ਬੈਲ ਦੇ ਕੇ ਪ੍ਰਚਾਰ ਲਈ ਤੋਰਿਆ। ਭਾਈ ਮੀਹਾਂ ਜੀ ਗੁਰੂ ਜੀ ਰਾਹੀਂ ਬਖ਼ਸ਼ੇ ਬਲਦ ਉਤੇ ਨਗਾਰਾ ਅਤੇ ਲੰਗਰ ਦਾ ਸਮਾਨ ਲੈ ਕੇ ਦੇਸ਼ ਰਟਨ ਕਰਨ ਲੱਗੇ 'ਤੇ ਸਵਾਰੀ ਦੇ ਅੱਗੇ ਨੀਸਾਣੁ (ਝੰਡਾ) ਝੁਲਾਉਂਦੇ। ਜਿਥੇ ਵੀ ਡੇਰਾ ਲਾਉਂਦੇ ਉਥੇ ਲੰਗਰ ਅਤੇ ਨਾਮ ਬਾਣੀ ਦਾ ਪ੍ਰਵਾਹ ਚਲਾਉਂਦੇ:

*ਇਕ ਦਖਨੀ ਬੈਲ ਗੁਰ ਕੇ ਰਹੇ ਸੇਵਕ ਬਡਾ ਪੁਰਾਨ।*

*ਤਿਸ ਦੀਆ ਨਗਾਰਾ ਨਾਮ ਕਾ ਝੰਡਾ ਗੁਰ ਸਬਦ ਪ੍ਰਮਾਨ।* *(ਮਹਿਮਾ ਪ੍ਰਕਾਸ਼)*

ਤਵਾਰੀਖ਼ ਗੁਰੂ ਖ਼ਾਲਸਾ ਅਨੁਸਾਰ ਭਾਈ ਮੇਹਾਂ (ਮੀਹਾਂ) ਨੂੰ ਇਥੋਂ ਦਾ ਮੁੱਖ ਪ੍ਰਚਾਰਕ ਜਾਂ ਮਸੰਦ ਵੀ ਦਸਿਆ ਗਿਆ ਹੈ। ਗੁਰੂ ਜੀ ਦੇ ਆਦੇਸ਼ ਅਨੁਸਾਰ ਭਾਈ ਮੀਹਾਂ ਜੀ ਨੇ ਬਾਂਗਰ ਦੇ ਇਲਾਕੇ ਤੋਂ ਇਲਾਵਾ ਮਾਝਾ, ਮਾਲਵਾ, ਦੁਆਬਾ ਆਦਿ ਥਾਵਾਂ ਵੱਲ ਵੀ ਪ੍ਰਚਾਰ ਕੀਤਾ ਅਤੇ ਵਿਭਿੰਨ ਅਸਥਾਨਾਂ ਤੋਂ ਲੋਕਾਂ ਨੂੰ ਗੁਰੂ ਘਰ ਨਾਲ ਜੋੜਿਆ। ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮਾਖੋਵਾਲ ਵਿਖੇ ਭਾਈ ਮੀਹਾਂ ਜੀ ਨੂੰ 'ਸ੍ਰੀ ਸਾਹਿਬ', 'ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੀੜ' ਅਤੇ ਆਪਣੇ ਸਜਾਏ ਦਸਤਾਰੇ ਵਿਚੋਂ ਅੱਧਾ ਦਸਤਾਰਾ ਬਖ਼ਸ਼ਿਆ। ਗੁਰੂ ਜੀ ਨੇ ਉਸਨੂੰ 'ਮੀਹਾਂ' ਨਾਮ ਨਾਲ 'ਸਾਹਿਬ' ਦਾ ਖਿਤਾਬ ਬਖ਼ਸ਼ਿਆ ਅਤੇ ਭਾਈ ਮੀਹਾਂ ਜੀ ਨੂੰ 'ਮੀਹਾਂ ਸਾਹਿਬ' ਸੱਦਿਆ ਜਾਣ ਲੱਗਾ।

ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਪਹਿਲੀ ਫੇਰੀ ਤੋਂ ਬਾਅਦ ਧਮਤਾਨ ਸਾਹਿਬ ਦੀ ਸੰਗਤ ਦੇ ਸੱਦੇ ਨੂੰ ਪ੍ਰਵਾਨ ਕਰਦਿਆਂ ਇਸ ਪਵਿੱਤਰ ਧਰਤ ਵੱਲ ਦੂਜੀ ਵਾਰ ਸੰਮਤ ੧੭੨੨ (ਸਤੰਬਰ, ੧੬੬੫ ਈ.) ਨੂੰ ਚਾਲੇ ਪਾਏ। ਗੁਰੂ ਜੀ ਸ੍ਰੀ ਆਨੰਦਪੁਰ ਸਾਹਿਬ, ਬਨੂੜ, ਰਾਜਪੁਰਾ, ਸੈਫ਼ਾਬਾਦ, ਮੂਲੋਵਾਲ, ਹੰਢਿਆਇਆ, ਧੌਲਾ, ਸੋਹੀਵਾਲ, ਭੰਦੇਰ, ਅਲੀਸ਼ੇਰ, ਜੋਗਾ, ਭੁਪਾਲੀ, ਖੀਵਾ, ਭਿਖੀ, ਖਿਆਲਾ, ਤਲਵੰਡੀ ਸਾਬੋ, ਮੌੜ, ਸੂਲੀਸਰ, ਗੋਬਿੰਦਪੁਰਾ, ਗਾਗਾ, ਗੁਰਨਾ, ਮਕਰੋੜ ਆਦਿ ਸਥਾਨਾਂ ਤੋਂ ਹੁੰਦੇ ਹੋਏ ਧਮਤਾਨ ਵਿਖੇ ਪਹੁੰਚੇ। ਮਾਲਵਾ ਦੇਸ਼ ਰਟਨ ਦੀ ਸਾਖੀ ਪੋਥੀ ਅਨੁਸਾਰ ਸੰਮਤ ੧੭੨੨ ਦੇ ਦੀਵਾਲੀ ਸਮਾਗਮ ਦੌਰਾਨ ਗੁਰੂ ਸਾਹਿਬ ਜੀ ਦਾ ਟਿਕਾਣਾ ਧਮਤਾਨ ਸਾਹਿਬ ਦੀ ਧਰਤ ਤੇ ਸੀ ਅਤੇ ਵੱਡੀ ਗਿਣਤੀ ਵਿਚ ਸੰਗਤ ਨੇ ਸਮਾਗਮ ਵਿਚ ਆਣ ਹਾਜ਼ਰੀ ਭਰੀ ਅਤੇ ਗੁਰੂ ਜੀ ਨੇ ਵਚਨ ਕੀਤੇ "ਏਹ ਗੁਰੂ ਅਸਥਾਨ ਬਾਂਗਰ ਦੇਸ ਬਿਚਿ ਹੈ। ਇਸ ਦੇਸ ਕਾ ਤਾਂ ਸਿਖੁ ਬਿਰਲਾ ਬਾਂਝਾ ਹੋਊ, ਏਥੇ ਦੂਰ ਦੂਰ ਕੇ ਸਿਖ ਆਵਨਿਗੇ। ਸਦੀਵ ਮੇਲਾ ਹੋਊ। ਧੌਂਸੇ ਬਜਨਗੇ, ਪੋਥੀਆਂ ਗ੍ਰੰਥ ਜੀ ਪੜੀਅਨਿਗੇ, ਕਥਾ ਕੀਰਤਨ ਹੋਊਗਾ, ਝੰਡੇ ਝੂਲਨਿਗੇ, ਘੋੜੇ ਹਾਥੀ ਝੂਲਣਿਗੇ, ਲੰਗਰ ਬਰਤੂਗਾ ਧੌਂਸਾ ਬਜਕੇ ਸਭ ਕਿਸੀ ਨੂੰ।" ਗੁਰੂ ਜੀ ਨੇ ਇਸ ਅਸਥਾਨ ਵਿਖੇ ਸੰਮਤ ੧੭੨੨ ਕੱਤਕ ਦੀ ਗਿਆਰਵੀਂ ਤਕ ਰਿਹਾਇਸ਼ ਰੱਖੀ ਅਤੇ ਸੰਗਤ ਨੂੰ ਸਤਿ ਉਪਦੇਸ਼ ਰਾਹੀਂ ਨਿਹਾਲ ਕੀਤਾ। ਕੁਝ ਸ੍ਰੋਤਾਂ ਅਨੁਸਾਰ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਇਕ ਗ੍ਰਿਫ਼ਤਾਰੀ ਧਮਤਾਨ ਸਾਹਿਬ ਤੋਂ ਹੋਣ ਬਾਰੇ ਵੀ ਪ੍ਰਮਾਣ ਮਿਲਦੇ ਹਨ:

*ਗੁਰ ਸਨਮੁਖ ਤਿਨ ਬਾਤ ਬਤਾਇਆ। ਹੇ ਸਾਹਬ ਤੁਮ ਬਦਸਾਹ ਬੁਲਾਇਆ।*
*ਸੁਨਤ ਦਿਆਲ ਕਾਰਨ ਪਹਿਚਾਨਾ। ਅਬ ਪ੍ਰਗਟੀ ਸੋਈ ਜੋ ਹਰਿ ਠਾਨਾ।*
*ਹੋਇ ਸਵਾਰ ਤਿਨ ਸੰਗ ਗੁਰ ਗਏ। ਜਾਇ ਦਿਲੀ ਮੋ ਦਾਖਲ ਭਏ।* *(ਮਹਿਮਾ ਪ੍ਰਕਾਸ਼)*

ਰਵਾਇਤ ਅਨੁਸਾਰ ਮੰਨਿਆ ਜਾਂਦਾ ਹੈ ਕਿ ਇਸ ਫੇਰੀ ਤੋਂ ਬਾਅਦ ਗੁਰੂ ਜੀ ਨੇ ਸੰਮਤ ੧੭੩੨ (੧੬੭੫ ਈ.) ਸਮੇਂ ਤੀਜੀ ਵਾਰ ਧਮਤਾਨ ਸਾਹਿਬ ਵਿਖੇ ਆਣ ਸੰਗਤ ਨੂੰ ਦਰਸ਼ਨ ਦੇ ਕੇ ਨਿਹਾਲ ਕੀਤਾ।

ਧਮਤਾਨ ਸਾਹਿਬ ਵਿਖੇ ਜਿਸ ਅਸਥਾਨ 'ਤੇ ਗੁਰੂ ਜੀ ਆਣ ਬਿਰਾਜਮਾਨ ਹੋਏ ਸਨ ਉਸ ਯਾਦ ਵਿਚ ਗੁਰਦੁਆਰਾ ਸਾਹਿਬ ਦੀ ਸੁੰਦਰ ਇਮਾਰਤ ਸੁਸ਼ੋਭਿਤ ਹੈ, ਜਿਥੇ ਪਾਲਕੀ ਸਾਹਿਬ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਪ੍ਰਕਾਸ਼ ਕੀਤਾ ਗਿਆ ਹੈ। ਗੁਰਦੁਆਰਾ ਸਾਹਿਬ ਦੀ ਮੌਜੂਦਾ ਇਮਾਰਤ ਸੰਨ ੧੯੮੫-੮੬ ਵਿਚ ਤਿਆਰ ਕਰਵਾਈ ਗਈ, ਜਿਸ ਅੰਦਰ ਖੁੱਲਾ ਦੀਵਾਨ ਹਾਲ ਤਿਆਰ ਕਰਵਾਇਆ ਗਿਆ ਹੈ। ਇਸ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਸੇਵਾ ਰਾਜਾ ਕਰਮ ਸਿੰਘ, ਪਟਿਆਲਾ ਦੁਆਰਾ ਕਰਵਾਈ ਗਈ ਅਤੇ ਗੁਰਦੁਆਰਾ ਸਾਹਿਬ ਦੀ ਸੇਵਾ ਸੰਭਾਲ ਲਈ ੩੨੦੦ ਰੁ. ਸਲਾਨਾ ਜਗੀਰ ਤੋਂ ਇਲਾਵਾ ੨੨੦੦ ਵਿਘੇ ਜ਼ਮੀਨ ਵੀ ਗੁਰਦੁਆਰਾ ਸਾਹਿਬ ਦੇ ਨਾਮ ਸੇਵਾ ਕਰਾਈ। ਇਸ ਸਮੇਂ ਗੁਰਦੁਆਰਾ ਸਾਹਿਬ ਦੇ ਨਾਮ ੬੮੦ ਏਕੜ (੩੪੦੦ ਵਿੱਘੇ) ਜ਼ਮੀਨ ਹੈ। ਰਾਜਾ ਕਰਮ ਸਿੰਘ ਦੁਆਰਾ ਬਣਵਾਈ

ਗਈ ਪੁਰਾਤਨ ਡਿਉੜੀ ਗੁਰਦੁਆਰਾ ਸਾਹਿਬ ਵਿਖੇ ਅੱਜ ਵੀ ਮੌਜੂਦ ਹੈ। ਗੁ: ਸਾਹਿਬ ਦੀ ਇਮਾਰਤ ਦੇ ਪੂਰਬ ਦੱਖਣ ਦਿਸ਼ਾ ਵੱਲ ਇਸ਼ਨਾਨ ਕਰਨ ਲਈ ਪਵਿੱਤਰ ਸਰੋਵਰ ਤਿਆਰ ਕਰਵਾਇਆ ਗਿਆ ਹੈ।

**ਪਵਿੱਤਰ ਨਿਸ਼ਾਨੀਆਂ:** ਇਸ ਪਵਿੱਤਰ ਅਸਥਾਨ ਵਿਖੇ ਸਿੱਖਾਂ ਦੇ ਪੁਰਾਤਨ ਇਤਿਹਾਸਕ ਸ਼ਸਤਰ ਸ਼ੀਸ਼ੇ ਅੰਦਰ ਸੁਸ਼ੋਭਿਤ ਹਨ, ਜਿਨ੍ਹਾਂ 'ਚ ਤਲਵਾਰਾਂ, ਸ੍ਰੀ ਸਾਹਿਬ, ਕਟਾਰ, ਬੰਦੂਕਾਂ, ਦੋ ਢਾਲਾਂ ਅਤੇ ਗੋਲੀ ਸਿੱਕਾ ਮੌਜੂਦ ਹੈ। ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੀ 'ਸ੍ਰੀ ਸਾਹਿਬ' ਦੇ ਦਰਸ਼ਨ ਵੀ ਇਥੇ ਕਰਾਏ ਜਾਂਦੇ ਹਨ, ਇਹੋ 'ਸ੍ਰੀ ਸਾਹਿਬ' ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਜੀ ਨੂੰ ਪੰਜਾਬ ਵੱਲ ਤੋਰਨ ਸਮੇਂ ਬਖ਼ਸ਼ੀ ਗਈ, ਜੋ ਬਾਅਦ ਵਿਚ ਪੰਥ ਕੋਲ ਆ ਗਈ ਅਤੇ ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਧਮਤਾਨ ਵਿਖੇ ਯਾਦਗਾਰ ਵਜੋਂ ਰੱਖੀ ਗਈ। ਇਸ ਅਸਥਾਨ ਵਿਖੇ ਤਕਰੀਬਨ ੩੫ ਹੱਥ ਲਿਖਤ/ਕੁਝ ਪੱਥਰ ਛਾਪਾ, ਗੁਰਬਾਣੀ ਸੰਗ੍ਰਹਿ ਤੇ ਸਿੱਖ ਇਤਿਹਾਸ ਸੰਬੰਧਿਤ ਧਾਰਮਿਕ ਪੋਥੀਆਂ ਮੌਜੂਦ ਹਨ।

**ਪੁਰਬ ਅਤੇ ਤਿਉਹਾਰ:** ਇਸ ਪਵਿੱਤਰ ਅਸਥਾਨ ਵਿਖੇ ਆਮ ਕਰਕੇ ਹਰ ਮਹੀਨੇ ਮੱਸਿਆ ਦੇ ਦਿਨ ਸੰਗਤ ਜੁੜਦੀ ਹੈ। ਇਸ ਤੋਂ ਇਲਾਵਾ ਹੋਲਾ ਮਹੱਲਾ, ਦੁਸ਼ਹਿਰਾ ਅਤੇ ਖ਼ਾਸ ਕਰਕੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਪੁਰਬ ਵੱਡੀ ਪੱਧਰ 'ਤੇ ਮਨਾਇਆ ਜਾਂਦਾ ਹੈ। ਗੁਰਦੁਆਰਾ ਸਾਹਿਬ ਵਿਖੇ ਵਿਭਿੰਨ ਗੁਰੂ ਪੁਰਬਾਂ ਮੌਕੇ ਦੀਵਾਨ ਸਜਾਏ ਜਾਂਦੇ ਹਨ, ਇਨ੍ਹਾਂ ਮੌਕਿਆਂ 'ਤੇ ਪੰਜਾਬ, ਹਰਿਆਣਾ ਤੋਂ ਇਲਾਵਾ ਦੂਰ-ਦੁਰਾਡੇ ਤੋਂ ਵੱਡੀ ਗਿਣਤੀ ਵਿਚ ਸੰਗਤ ਦਰਸ਼ਨ ਕਰਨ ਲਈ ਪੁੱਜਦੀ ਹੈ, ਦਰਸ਼ਨ ਅਤੇ ਸੇਵਾ ਕਰਕੇ ਗੁਰੂ-ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਦੀ ਹੈ। ਸਥਾਨਕ ਰਵਾਇਤ ਅਨੁਸਾਰ ਇਸ ਇਲਾਕੇ ਦੀ ਸੰਗਤ ਤਖ਼ਤ ਸ੍ਰੀ ਹਜ਼ੂਰ ਸਾਹਿਬ ਜਾਣ ਤੋਂ ਪਹਿਲਾਂ ਇਸ ਪਵਿੱਤਰ ਅਸਥਾਨ 'ਤੇ ਆਣ ਦਰਸ਼ਨ ਦੀਦਾਰ ਕਰਦੀ ਹੈ ਅਤੇ ਇਥੋ ਹੀ 'ਤਖ਼ਤ ਸ੍ਰੀ ਹਜ਼ੂਰ ਸਾਹਿਬ' ਲਈ ਯਾਤਰਾ ਆਰੰਭ ਕਰਦੀ ਹੈ।

**ਗੁਰਦੁਆਰਾ ਸਾਹਿਬ ਦਾ ਪ੍ਰਬੰਧ:** ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਧਮਤਾਨ ਦਾ ਪ੍ਰਬੰਧ ਆਰੰਭ ਵਿਚ ਕੁਝ ਮਹੰਤਾਂ ਦੀ ਨਿਗਰਾਨੀ ਹੇਠ ਚਲਦਾ ਸੀ, ਜਿਨ੍ਹਾਂ ਵਿਚੋਂ ਮੱਲੋ ਸਿੰਘ, ਕਾਲ੍ਹਾ ਸਿੰਘ, ਪਰਤਾਪ ਸਿੰਘ, ਅੱਘੜ ਸਿੰਘ ਅਤੇ ਤਪੀਆ ਸਿੰਘ ਨੇ ਸੇਵਾ ਨਿਭਾਈ। ਪੈਪਸੂ (ਪਟਿਆਲਾ ਐਂਡ ਈਸਟ ਪੰਜਾਬ ਸਟੇਟਸ ਯੂਨੀਅਨ) ਰਾਜ ਸਮੇਂ ਇਹ ਗੁਰਦੁਆਰਾ 'ਧਰਮ ਅਰਥ ਬੋਰਡ', ਪਟਿਆਲਾ ਅਧੀਨ ਆ ਗਿਆ (ਸਾਰੀਆਂ ਰਿਆਸਤਾਂ ਦੇ ਗੁਰੂ - ਧਾਮਾਂ ਨੂੰ ਪ੍ਰਬੰਧਕੀ ਸੰਸਥਾ ਅਧੀਨ ਚਲਾਉਣ ਤਹਿਤ ੨੦ ਮਈ ੧੯੪੯ ਈ. ਵਿਚ 'ਧਰਮ ਅਰਥ ਬੋਰਡ' ਦੀ ਸਥਾਪਨਾ ਕੀਤੀ ਗਈ ਸੀ)। ਇਸ ਤੋਂ ਬਾਅਦ ਪੰਜਾਬ ਸਿੱਖ ਗੁਰਦੁਆਰਾ ਐਕਟ ਦੇ ਸੈਕਸ਼ਨ ੮੫ ਅਨੁਸਾਰ ਇਸ ਗੁਰਦੁਆਰਾ ਸਾਹਿਬ ਦਾ ਸਮੁੱਚਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਅਧੀਨ ਆ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੁਆਰਾ ਇਹ ਪ੍ਰਬੰਧ ਸੁਚੱਜੇ ਢੰਗ ਨਾਲ ਚਲਾਇਆ ਜਾ ਰਿਹਾ ਹੈ ਅਤੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਪੁੱਜੀ ਸੰਗਤ ਦੀ ਸਹੂਲਤ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਗੁਰਦੁਆਰਾ ਸਾਹਿਬ ਵਿਖੇ ਗੁਰੂ ਕਾ ਲੰਗਰ ਅਤੁੱਟ ਵਰਤਦਾ ਹੈ ਅਤੇ 'ਭਾਈ ਮੀਹਾਂ ਸਾਹਿਬ' ਦੇ ਨਾਮ 'ਤੇ ਪਾਣੀ ਦੀ ਛਬੀਲ ਰਾਹੀਂ ਠੰਡਾ ਜਲ ਸਦਾ ਵਰਤਾਇਆ ਜਾਂਦਾ ਹੈ। ਦੂਰ- ਦੁਰਾਡੇ ਤੋਂ ਪੁੱਜੀ ਸੰਗਤ ਦੀ ਰਹਾਇਸ਼ ਲਈ ਗੁਰਦੁਆਰਾ ਸਾਹਿਬ ਵਿਖੇ ਦੋ ਸਰਾਵਾਂ ਦੀ ਉਸਾਰੀ ਕੀਤੀ ਗਈ ਹੈ। ਗੁਰੂ ਜੀ ਦੀ ਅਸੀਸ ਸਦਕਾ ਇਥੇ ਦੁੱਧ ਦੀ ਬਹੁਤਾਤ ਹੈ ਅਤੇ ਸੰਗਤ ਦੀ ਰੌਣਕ ਸਦਾ ਬਣੀ ਰਹਿੰਦੀ ਹੈ। ਗੁਰੂ ਸਾਹਿਬ ਜੀ ਦੀ ਚਰਨ ਛੁਹ ਪ੍ਰਾਪਤ ਹੋਣ ਨਾਤੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਧਮਤਾਨ ਸਿੱਖ ਸੰਗਤ ਲਈ ਵਿਸ਼ੇਸ਼ ਸਤਿਕਾਰਤ ਹੈ।

*ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ॥*
*ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ॥* *(ਪੰਨਾ ੧੪੨੭)*

# ਸ਼੍ਰੋਮਣੀ ਕਮੇਟੀ ਖ਼ਬਰਨਾਮਾ

## ਪਾਉਂਟਾ ਸਾਹਿਬ ਨੂੰ ਹਿਮਾਚਲ ਪ੍ਰਦੇਸ਼ ਦੇ ਧਰਮ ਪ੍ਰਚਾਰ ਕੇਂਦਰ ਵਜੋਂ ਉਭਾਰੇਗੀ ਸ਼੍ਰੋਮਣੀ ਕਮੇਟੀ: ਭਾਈ ਲੌਂਗੋਵਾਲ

### ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਦੌਰਾਨ ਸਰਾਵਾਂ ਆਨਲਾਈਨ ਕਰਨ ਦਾ ਫੈਸਲਾ

ਪਾਉਂਟਾ ਸਾਹਿਬ- ਦਸਵੇਂ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਦੌਰਾਨ ਗੁਰਦੁਆਰਾ ਸਾਹਿਬ ਦੀਆਂ ਸਰਾਵਾਂ ਆਨਲਾਈਨ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਤਹਿਤ ਸੰਗਤਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਜਾਣ ਤੋਂ ਪਹਿਲਾਂ ਹੀ ਆਪਣੀ ਰਿਹਾਇਸ਼ ਰਾਖਵੀਂ ਕਰਵਾ ਸਕਣਗੀਆਂ। ਇਸ ਕਾਰਜ ਨੂੰ ਜਲਦ ਹੀ ਅਮਲੀ ਰੂਪ ਦਿੱਤਾ ਜਾਵੇਗਾ। ਸ਼੍ਰੋਮਣੀ ਕਮੇਟੀ ਅਤੇ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸ੍ਰੀ ਪਾਉਂਟਾ ਸਾਹਿਬ ਵਿਖੇ ਹੋਈ ਇਕੱਤਰਤਾ ਵਿਚ ਬਾਬਾ ਬੰਦਾ ਸਿੰਘ ਬਹਾਦਰ ਨਾਲ ਸਬੰਧਤ ਕਿਲ੍ਹਾ ਲੋਹਗੜ੍ਹ ਸਾਹਿਬ ਹਰਿਆਣਾ ਦੀ ਚਾਰ ਦਿਵਾਰੀ ਕਰਨ ਅਤੇ ਰਸਤਾ ਬਣਾਉਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਦੱਸਣਯੋਗ ਹੈ ਕਿ ਹਿਮਾਚਲ ਪ੍ਰਦੇਸ਼ ਖੇਤਰ ਵਿਚ ਪੈਂਦੀ ਕਿਲ੍ਹਾ ਲੋਹਗੜ੍ਹ ਸਾਹਿਬ ਦੀ ਕੁਝ ਜ਼ਮੀਨ ਸ੍ਰੀ ਪਾਉਂਟਾ ਸਾਹਿਬ ਦੀ ਹੋਣ ਕਰਕੇ ਪ੍ਰਬੰਧਕ ਕਮੇਟੀ ਨੇ ਇਹ ਫੈਸਲਾ ਲਿਆ ਹੈ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਵਲੋਂ ਸਾਂਝੇ ਯਤਨਾਂ ਨਾਲ ਹਿਮਾਚਲ ਪ੍ਰਦੇਸ਼ ਅੰਦਰ ਧਰਮ ਪ੍ਰਚਾਰ ਲਹਿਰ ਨੂੰ ਸਰਗਰਮ ਕਰਨ ਦਾ ਵੀ ਫੈਸਲਾ ਕੀਤਾ ਗਿਆ। ਭਾਈ ਲੌਂਗੋਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਨੂੰ ਸਿੱਖੀ ਦੇ ਪ੍ਰਚਾਰ ਕੇਂਦਰ ਵਜੋਂ ਉਭਾਰਦਿਆਂ ਹਿਮਾਚਲ ਪ੍ਰਦੇਸ਼ ਅੰਦਰ ਸ਼੍ਰੋਮਣੀ ਕਮੇਟੀ ਵਲੋਂ ਜ਼ੋਰਦਾਰ ਧਰਮ ਪ੍ਰਚਾਰ ਮੁਹਿੰਮ ਆਰੰਭੀ ਜਾਵੇਗੀ। ਇਸ ਤਹਿਤ ਸੰਗਤਾਂ ਅੰਦਰ ਗੁਰਮਤਿ ਪ੍ਰਚਾਰ ਦੇ ਨਾਲ-ਨਾਲ ਸਿੱਖ ਨੌਜਵਾਨਾਂ ਨੂੰ ਸਿੱਖੀ ਵਿਰਸੇ ਨਾਲ ਜੋੜਨ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਮਗਰੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਸਿੱਖ ਪੰਥ ਦਾ ਇਕ ਮਹੱਤਵਪੂਰਨ ਇਤਿਹਾਸਕ ਅਤੇ ਧਾਰਮਿਕ ਅਸਥਾਨ ਹੈ, ਜਿੱਥੋਂ ਗੁਰਮਤਿ ਦੀ ਵਿਚਾਰਧਾਰਾ ਨੂੰ ਫੈਲਾਉਣ ਲਈ ਸੰਗਤਾਂ ਤੱਕ ਪਹੁੰਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਹਿਮਾਚਲ ਪ੍ਰਦੇਸ਼ ਅੰਦਰ ਚੱਲ ਰਹੀ ਧਰਮ ਪ੍ਰਚਾਰ ਲਹਿਰ ਨੂੰ ਹੋਰ ਸਰਗਰਮ ਕਰਨ ਲਈ ਯੋਜਨਾਬੱਧ ਢੰਗ ਨਾਲ ਪ੍ਰਚਾਰ ਲਹਿਰ ਅੱਗੇ ਵਧਾਈ ਜਾਵੇਗੀ। ਭਾਈ ਲੌਂਗੋਵਾਲ ਅਨੁਸਾਰ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਧਰਮ ਪ੍ਰਚਾਰ ਦਾ ਹੈੱਡ ਕੁਆਟਰ ਸਥਾਪਤ ਕਰਕੇ ਇੱਥੇ ਧਰਮ ਪ੍ਰਚਾਰ ਕਮੇਟੀ ਵਲੋਂ ਪ੍ਰਚਾਰਕ, ਢਾਡੀ ਅਤੇ ਕਵੀਸ਼ਰੀ ਜਥੇ ਭੇਜੇ ਜਾਣਗੇ, ਜੋ ਅੱਗੇ ਪਿੰਡ ਪੱਧਰ ਤੱਕ ਧਰਮ ਪ੍ਰਚਾਰ ਲਈ ਕਾਰਜਸ਼ੀਲ ਹੋਣਗੇ। ਇਹ ਪ੍ਰਚਾਰ ਕੇਂਦਰ ਧਰਮ ਪ੍ਰਚਾਰ ਲਹਿਰ ਦੇ ਦੁਆਬਾ ਜੋਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨਾਲ ਜੋੜਿਆ ਜਾਵੇਗਾ। ਭਾਈ ਲੌਂਗੋਵਾਲ ਨੇ ਕਿਹਾ ਕਿ

ਮੌਜੂਦਾ ਸਮੇਂ ਅਨੁਸਾਰ ਪ੍ਰਚਾਰ ਸਾਧਨਾਂ ਨੂੰ ਵਰਤੋਂ ਵਿਚ ਲਿਆਂਦਾ ਜਾਵੇਗਾ। ਕੋਸ਼ਿਸ਼ ਰਹੇਗੀ ਕਿ ਗੁਰਮਤਿ ਸਮਾਗਮਾਂ ਤੋਂ ਇਲਾਵਾ ਸੰਵਾਦ ਵਿਧੀ ਨੂੰ ਵੀ ਨੌਜਵਾਨਾਂ ਤੱਕ ਪਹੁੰਚ ਕਰਨ ਲਈ ਅਪਨਾਇਆ ਜਾਵੇ। ਉਨ੍ਹਾਂ ਕਿਹਾ ਕਿ ਅੱਜ ਇਸ ਗੱਲ ਦੀ ਵੱਡੀ ਲੋੜ ਹੈ ਕਿ ਨੌਜਵਾਨ ਪੀੜ੍ਹੀ ਕੋਲੋਂ ਉਨ੍ਹਾਂ ਦੇ ਸਵਾਲ ਲਏ ਜਾਣ ਅਤੇ ਫਿਰ ਗੁਰਬਾਣੀ, ਗੁਰ-ਇਤਿਹਾਸ ਅਤੇ ਰਹਿਤ ਮਰਯਾਦਾ ਦੀ ਰੌਸ਼ਨੀ ਵਿਚ ਉਨ੍ਹਾਂ ਨੂੰ ਜਵਾਬ ਦਿੱਤੇ ਜਾਣ। ਸਿੱਖ ਮਰਯਾਦਾ ਅਤੇ ਪਰੰਪਰਾਵਾਂ ਦਾ ਸਿੱਖ ਬੱਚਿਆਂ ਅਤੇ ਨੌਜਵਾਨਾਂ ਅੰਦਰ ਸੰਚਾਰ ਕਰਨ ਲਈ ਸ਼੍ਰੋਮਣੀ ਕਮੇਟੀ ਸੁਹਿਰਦ ਯਤਨ ਕਰੇਗੀ ਤਾਂ ਜੋ ਉਹ ਆਪਣੀ ਵਿਰਾਸਤ ਨੂੰ ਅੱਗੇ ਲਿਜਾ ਸਕਣ। ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਬੰਧਕੀ ਮਾਮਲਿਆਂ ਅਤੇ ਸੰਗਤੀ ਸਹੂਲਤਾਂ ਸਬੰਧੀ ਮਾਮਲੇ ਵੀ ਵਿਚਾਰੇ ਗਏ। ਇਕੱਤਰਤਾ ਦੌਰਾਨ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਸ੍ਰੀ ਪਾਉਂਟਾ ਸਾਹਿਬ ਕਮੇਟੀ ਦੇ ਮੀਤ ਪ੍ਰਧਾਨ ਸ. ਹਰਭਜਨ ਸਿੰਘ, ਸ. ਹਰਪ੍ਰੀਤ ਸਿੰਘ, ਸ. ਕਰਮਵੀਰ ਸਿੰਘ, ਬਾਬਾ ਨਾਗਰ ਸਿੰਘ, ਸ. ਜਗੀਰ ਸਿੰਘ ਮੈਨੇਜਰ, ਸ. ਦਰਸ਼ਨ ਸਿੰਘ ਪੀ.ਏ. ਤੇ ਸ. ਗੁਰਮੀਤ ਸਿੰਘ ਆਦਿ ਮੌਜੂਦ ਸਨ। ੧੦ ਜਨਵਰੀ

## ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਸੰਗਤਾਂ ਲਈ ਐਨ.ਆਰ.ਆਈ. ਨਿਵਾਸ ਦਾ ਉਦਘਾਟਨ

ਪਾਉਂਟਾ ਸਾਹਿਬ- ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਪੁੱਜਦੀਆਂ ਸੰਗਤਾਂ ਦੀ ਰਿਹਾਇਸ਼ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਐਨ.ਆਰ.ਆਈ. ਨਿਵਾਸ ਦਾ ਉਦਘਾਟਨ ਕੀਤਾ। ਇਸ ਚਾਰ ਮੰਜ਼ਿਲਾ ਯਾਤਰੀ ਨਿਵਾਸ ਦੀ ਕਾਰ ਸੇਵਾ ਬਾਬਾ ਹਰਬੰਸ ਸਿੰਘ ਦਿੱਲੀ ਵਾਲਿਆਂ ਵੱਲੋਂ ਵਰੋਸਾਏ ਬਾਬਾ ਸੁੱਖਾ ਸਿੰਘ ਨੇ ਕਰਵਾਈ ਹੈ। ਭਾਈ ਲੌਂਗੋਵਾਲ ਨੇ ਦੱਸਿਆ ਕਿ ਇਹ ਅਤਿ-ਅਧੁਨਿਕ ਨਿਵਾਸ ਵਿਚ ੭੦ ਦੇ ਕਰੀਬ ਕਮਰੇ ਤਿਆਰ ਕੀਤੇ ਗਏ ਹਨ। ਇਸ ਤੋਂ ਇਲਾਵਾ ਇਕ ਮੀਟਿੰਗ ਹਾਲ ਅਤੇ ਕਾਰ ਪਾਰਕਿੰਗ ਵੀ ਤਿਆਰ ਕੀਤੀ ਗਈ ਹੈ। ਇਸੇ ਦੌਰਾਨ ਭਾਈ ਲੌਂਗੋਵਾਲ ਨੇ ਗੁਰਦੁਆਰਾ ਸਾਹਿਬ ਵਿਖੇ ੩੨੦ ਕੇ.ਵੀ. ਦੇ ਜਨਰੇਟਰ ਅਤੇ ੪੦੦ ਕੇ.ਵੀ. ਟਰਾਂਸਫਾਰਮਰ ਦੀ ਰਸਮੀ ਸ਼ੁਰੂ ਵੀ ਕੀਤੀ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪੂਰਨ ਕਥਾ ਦੇ ਭੋਗ ਪਾਏ ਗਏ। ਇਸ ਮੌਕੇ ਭਾਈ ਸਾਹਿਬ ਸਿੰਘ ਸ਼ਾਹਬਾਦ ਮਾਰਕੰਡਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਭੁਪਿੰਦਰ ਸਿੰਘ ਅਸੰਧ, ਸ੍ਰੀ ਪਾਉਂਟਾ ਸਾਹਿਬ ਕਮੇਟੀ ਦੇ ਮੀਤ ਪ੍ਰਧਾਨ ਸ. ਹਰਭਜਨ ਸਿੰਘ, ਸ. ਹਰਪ੍ਰੀਤ ਸਿੰਘ, ਸ. ਕਰਮਵੀਰ ਸਿੰਘ, ਬਾਬਾ ਨਾਗਰ ਸਿੰਘ, ਸ. ਜਗੀਰ ਸਿੰਘ ਮੈਨੇਜਰ, ਵਿਧਾਇਕ ਚੌਧਰੀ ਸੁਖਰਾਮ ਜੀ, ਸ. ਦਰਸ਼ਨ ਸਿੰਘ ਪੀਏ, ਬਾਬਾ ਅਮਰੀਕ ਸਿੰਘ ਪਟਿਆਲਾ ਆਦਿ ਮੌਜੂਦ ਸਨ। ੧੦ ਜਨਵਰੀ

## ਧਰਮ ਪ੍ਰਚਾਰ ਕਮੇਟੀ ਦੀ ਮੀਟਿੰਗ ਦੌਰਾਨ ਆਉਣ ਵਾਲੀਆਂ ਸ਼ਤਾਬਦੀਆਂ ਜਾਹੋ-ਜਲਾਲ ਨਾਲ ਮਨਾਉਣ ਦਾ ਫੈਸਲਾ

ਬਹਾਦਰਗੜ੍ਹ- ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਅਡਵਾਂਸਡ ਸਟੱਡੀਜ਼ ਇਨ ਸਿੱਖਇਜ਼ਮ ਬਹਾਦਰਗੜ੍ਹ ਪਟਿਆਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ

ਕਮੇਟੀ ਦੀ ਇਕੱਤਰਤਾ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਹੋਈ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਨਾਲ ਸਬੰਧਤ ਏਜੰਡੇ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਰੁਟੀਨ ਦੇ ਕਾਰਜਾਂ ਤੋਂ ਇਲਾਵਾ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਸਬੰਧੀ ਵਿਚਾਰਾਂ ਹੋਈਆਂ। ਇਸ ਮੌਕੇ ਅਗਲੇ ਸਮਿਆਂ ਦੌਰਾਨ ਆ ਰਹੀਆਂ ਸ਼ਤਾਬਦੀਆਂ ਨੂੰ ਖਾਲਸਾਈ ਜਾਹੋ-ਜਲਾਲ ਨਾਲ ਮਨਾਉਣ ਦਾ ਫੈਸਲਾ ਵੀ ਕੀਤਾ ਗਿਆ। ਇਸ ਸਬੰਧ ਵਿਚ ਇਕ ਉਚ-ਪੱਧਰੀ ਸਬ-ਕਮੇਟੀ ਸਥਾਪਤ ਕਰਨ ਦੇ ਅਧਿਕਾਰ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਦਿੱਤੇ ਗਏ।

ਇਸ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਦੱਸਿਆ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਲਹਿਰ ਨੂੰ ਨਿਰੰਤਰ ਚਲਾ ਰਹੀ ਹੈ ਅਤੇ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਦੌਰਾਨ ਇਸ ਲਹਿਰ ਨੂੰ ਹੋਰ ਸਰਗਰਮੀ ਨਾਲ ਘਰ-ਘਰ ਤਕ ਪਹੁੰਚਾਉਣ ਦਾ ਫੈਸਲਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਭਵਿੱਖ ਵਿਚ ਆਉਣ ਵਾਲੀਆਂ ਸ਼ਤਾਬਦੀਆਂ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਵਾਂਗ ਸ਼ਰਧਾ ਨਾਲ ਮਨਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦਾ ੧੦੦ਵਾਂ ਸਥਾਪਨਾ ਦਿਵਸ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ੪੦੦ ਸਾਲਾ ਪ੍ਰਕਾਸ਼ ਦਿਹਾੜਾ ਕੌਮੀ ਪੱਧਰ 'ਤੇ ਮਨਾਇਆ ਜਾਵੇਗਾ। ਇਸ ਤੋਂ ਇਲਾਵਾ ਹੋਰ ਸ਼ਤਾਬਦੀਆਂ ਵੀ ਸ਼ਰਧਾ ਭਾਵਨਾ ਨਾਲ ਧਰਮ ਪ੍ਰਚਾਰ ਦੇ ਮੰਤਵ ਨਾਲ ਮਨਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਮਨਾਈਆਂ ਜਾਣ ਵਾਲੀਆਂ ਸ਼ਤਾਬਦੀਆਂ ਲਈ ਹਾਈਪਾਵਰ ਸਬ ਕਮੇਟੀ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਇਹ ਸ਼ਤਾਬਦੀਆਂ ਖਾਲਸਾਈ ਜਾਹੋ-ਜਲਾਲ ਨਾਲ ਮਨਾਈਆਂ ਜਾਣਗੀਆਂ।

ਇਸ ਮੌਕੇ ਧਰਮ ਪ੍ਰਚਾਰ ਦੇ ਮੈਂਬਰ ਸ. ਅਜੈਬ ਸਿੰਘ ਅਭਿਆਸੀ, ਸ. ਮਨਜੀਤ ਸਿੰਘ ਬੱਪੀਆਣਾ, ਸ. ਪ੍ਰਿਤਪਾਲ ਸਿੰਘ, ਸ. ਸੁਖਵਰਸ਼ ਸਿੰਘ, ਮੈਂਬਰ ਸ. ਤੇਜਿੰਦਰਪਾਲ ਸਿੰਘ, ਅੰਤ੍ਰਿੰਗ ਕਮੇਟੀ ਜਸਮੇਰ ਸਿੰਘ ਲਾਛੜੂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਐਡੀਸ਼ਨਲ ਸਕੱਤਰ ਇੰਜੀ: ਸੁਖਮਿੰਦਰ ਸਿੰਘ, ਨਿੱਜੀ ਸਹਾਇਕ ਸ. ਦਰਸ਼ਨ ਸਿੰਘ, ਮੈਨੇਜਰ ਸ. ਕਰਨੈਲ ਸਿੰਘ ਨਾਭਾ ਆਦਿ ਹਾਜ਼ਰ ਸਨ। ੨੪ ਜਨਵਰੀ

# ਭਾਈ ਲੌਂਗੋਵਾਲ ਨੇ ਸ. ਅੰਮ੍ਰਿਤ ਸਿੰਘ ਨੂੰ ਅਮਰੀਕਾ 'ਚ ਹੈਰਿਸ ਕਾਊਂਟੀ ਦਾ ਡਿਪਟੀ ਕਾਂਸਟੇਬਲ ਬਣਨ 'ਤੇ ਦਿੱਤੀ ਵਧਾਈ

ਅੰਮ੍ਰਿਤਸਰ- ਅਮਰੀਕਾ ਦੀ ਟੈਕਸਾਸ ਸਟੇਟ ਦੇ ਹੈਰਿਸ ਕਾਊਂਟੀ ਦੀ ਪਹਿਲੇ ਸਿੱਖ ਡਿਪਟੀ ਕਾਂਸਟੇਬਲ ਬਣਨ 'ਤੇ ਸ. ਅੰਮ੍ਰਿਤ ਸਿੰਘ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਧਾਈ ਦਿੱਤੀ ਹੈ। ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਜਾਰੀ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ ਨੇ ਕਿਹਾ ਕਿ ਸਿੱਖਾਂ ਲਈ ਮਾਣ ਵਾਲੀ ਗੱਲ ਹੈ ਕਿ ਅੰਮ੍ਰਿਤ ਸਿੰਘ ਨੇ ਇਸ ਅਹੁਦੇ 'ਤੇ ਪਹੁੰਚ ਕੇ ਪੂਰੀ ਸਿੱਖ ਕੌਮ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਸਿੱਖ ਪੂਰੇ ਵਿਸ਼ਵ ਵਿਚ ਆਪਣੀ ਮਿਹਨਤ ਤੇ ਲਿਆਕਤ ਨਾਲ ਉੱਚ ਬੁਲੰਦੀਆਂ ਛੂਹ ਰਹੇ ਹਨ। ਇਹ ਆਪਣੇ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਅਤੇ ਸਿੱਖ ਰਹਿਣੀ ਅਨੁਸਾਰ ਹਰ ਇਕ ਨਾਲ ਮਿਲਵਰਤਨ ਰੱਖਦੇ ਹਨ। ਅੱਜ ਕਈ ਵਿਕਸਤ ਦੇਸ਼ਾਂ ਅੰਦਰ ਸਿੱਖ ਸਰਕਾਰਾਂ ਦਾ ਹਿੱਸਾ ਹੋਣ ਦੇ ਨਾਲ-ਨਾਲ ਵੱਖ-ਵੱਖ ਉੱਚ ਅਹੁਦਿਆਂ ਤੱਕ ਪਹੁੰਚੇ ਹੋਏ ਹਨ। ਸੇਵਾ, ਸਿਮਰਨ ਦੀ ਪ੍ਰੰਪਰਾ ਦੇ ਵਾਰਸ ਸਿੱਖ ਹਰ ਮੁਸ਼ਕਲ ਘੜੀ ਮਨੁੱਖਤਾ ਦੀ

ਮੱਦਦ ਵਿਚ ਅੱਗੇ ਰਹਿੰਦੇ ਹਨ। ਉਨ੍ਹਾਂ ਅੰਮ੍ਰਿਤ ਸਿੰਘ ਦੀ ਇਸ ਪ੍ਰਾਪਤੀ ਤੋਂ ਹੋਰ ਨੌਜਵਾਨਾਂ ਨੂੰ ਪ੍ਰੇਰਨਾ ਲੈਣ ਦੀ ਅਪੀਲ ਵੀ ਕੀਤੀ। ੨੩ ਜਨਵਰੀ

# ਸਿੱਖ ਸ਼ਕਤੀ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਨਾ ਕਰੇ ਕੈਪਟਨ ਸਰਕਾਰ -ਭਾਈ ਲੌਂਗੋਵਾਲ

## ਸਿੱਖ ਗੁਰਦੁਆਰਾ ਐਕਟ ਵਿਚ ਸੂਬਾ ਸਰਕਾਰ ਛੇੜ ਛਾੜ ਨਹੀਂ ਕਰ ਸਕਦੀ

ਅੰਮ੍ਰਿਤਸਰ- ਸਿੱਖ ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੋੜਨ ਲਈ ਪੰਜਾਬ ਦੀ ਕਾਂਗਰਸ ਸਰਕਾਰ ਵੱਲੋਂ ਚੱਲੀਆਂ ਜਾ ਰਹੀਆਂ ਚਾਲਾਂ ਨਾਲ ਕਾਂਗਰਸ ਦਾ ਸਿੱਖ ਵਿਰੋਧੀ ਚਿਹਰਾ ਇੱਕ ਵਾਰ ਫਿਰ ਤੋਂ ਨੰਗਾ ਹੋ ਗਿਆ ਹੈ। ਇਸ ਨਾਲ ਸਿੱਧ ਹੋ ਗਿਆ ਹੈ ਕਿ ਕੈਪਟਨ ਸਰਕਾਰ ਸਿੱਖ ਮਸਲਿਆਂ ਨੂੰ ਜਾਣਬੁਝ ਕੇ ਉਲਝਾਉਣਾ ਚਾਹੁੰਦੀ ਹੈ। ਪਰੰਤੂ ਸਿੱਖ ਪੰਥ ਪੰਜਾਬ ਦੀ ਕਾਂਗਰਸ ਸਰਕਾਰ ਦੀਆਂ ਚਾਲਾਂ ਨੂੰ ਕਾਮਯਾਬ ਨਹੀਂ ਹੋਣ ਦੇਵੇਗਾ ਅਤੇ ਸਿੱਖ ਸੰਸਥਾ ਨੂੰ ਕਮਜ਼ੋਰ ਕਰਨ ਵਾਲੀ ਸੋਚ ਦਾ ਹਰ ਪੱਧਰ 'ਤੇ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਾਰੀ ਇੱਕ ਪ੍ਰੈੱਸ ਬਿਆਨ ਵਿਚ ਕੀਤਾ ਹੈ।

ਉਨ੍ਹਾਂ ਕਿਹਾ ਕਿ ਪੰਜਾਬੀ ਦੇ ਇੱਕ ਅਖਬਾਰ ਵਿਚ ਪੰਜਾਬ ਸਰਕਾਰ ਦੀ ਉਸ ਮਨਸ਼ਾ ਦਾ ਸਪੱਸ਼ਟ ਖੁਲਾਸਾ ਕੀਤਾ ਗਿਆ ਹੈ, ਜਿਸ ਵਿਚ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਸ਼੍ਰੋਮਣੀ ਕਮੇਟੀ ਦਾ ਦਾਇਰਾ ਘਟਾਉਣ ਵਾਲੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਹੀ ਕਦਮ ਦੱਸਣ ਦੀ ਕੋਸ਼ਿਸ਼ ਵਿਚ ਹੈ। ਇਹ ਕਾਰਵਾਈ ਕਿਸੇ ਵੀ ਤਰ੍ਹਾਂ ਸਿੱਖ ਪੰਥ ਦੇ ਹਿਤ ਵਿਚ ਨਹੀਂ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮਾਮਲਾ ਉਠਣ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ ਨੇ ਇਸ ਦਾ ਜ਼ੋਰਦਾਰ ਵਿਰੋਧ ਕੀਤਾ ਸੀ। ਅੱਜ ਵੀ ਇਸ ਸਬੰਧੀ ਸੁਪਰੀਮ ਕੋਰਟ ਵਿਚ ਕੇਸ ਚੱਲ ਰਿਹਾ ਹੈ, ਪਰੰਤੂ ਪੰਜਾਬ ਦੀ ਮੌਜੂਦਾ ਸਰਕਾਰ ਜਾਣ ਬੁਝ ਕੇ ਸਿੱਖ ਸੰਸਥਾ ਨੂੰ ਤੋੜਨ ਦੇ ਰਾਹ ਤੁਰ ਪਈ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖਾਂ ਦੇ ਧਾਰਮਿਕ ਮਸਲਿਆਂ ਵਿਚ ਪੰਜਾਬ ਦੀ ਕਾਂਗਰਸ ਸਰਕਾਰ ਵੱਲੋਂ ਸਿੱਧੀ ਦਖਲ ਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਆਖਿਆ ਕਿ ਸ਼ਾਇਦ ਕੈਪਟਨ ਅਮਰਿੰਦਰ ਸਿੰਘ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਦਾ ਇਤਿਹਾਸ ਭੁੱਲ ਗਏ ਹਨ। ਉਨ੍ਹਾਂ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਇਸ ਦਾ ਗਠਨ ਕਰਨ ਲਈ ਪੰਥ ਨੂੰ ਵੱਡੀਆਂ ਕੁਬਾਨੀਆਂ ਦੇਣੀਆਂ ਪਈਆਂ ਸਨ। ਇਸ ਸੰਸਥਾ ਕਾਰਨ ਹੀ ਗੁਰੂ ਘਰਾਂ ਦਾ ਪ੍ਰਬੰਧ ਸੰਗਤੀ ਹੱਥਾਂ ਵਿਚ ਸੁਰੱਖਿਅਤ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਕਿਸੇ ਵੀ ਸੂਬਾਈ ਸਰਕਾਰ ਨੂੰ ਕੋਈ ਅਧਿਕਾਰ ਨਹੀਂ ਹੈ ਕਿ ਉਹ ਸ਼੍ਰੋਮਣੀ ਕਮੇਟੀ ਦੇ ਮਾਮਲਿਆਂ ਵਿਚ ਦਖਲ ਦੇਵੇ। ਇਹ ਇੱਕ ਖੁਦਮੁਖਤਾਰ ਸੰਸਥਾ ਹੈ, ਜੋ ਸਿੱਖ ਗੁਰਦੁਆਰਾ ਐਕਟ ੧੯੨੫ ਰਾਹੀਂ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਦੇਖਦੀ ਹੈ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾ ਸਮੇਤ ਗੁਰਦੁਆਰਾ ਐਕਟ ਵਿਚ ਕਿਸੇ ਵੀ ਤਰ੍ਹਾਂ ਦੀਆਂ ਸੋਧਾਂ ਤੇ ਸੇਧਾਂ ਦਾ ਅਧਿਕਾਰ ਖੇਤਰ ਕੇਵਲ ਭਾਰਤ ਸਰਕਾਰ ਪਾਸ ਹੈ। ਇਸ ਲਈ ਕੈਪਟਨ ਸਰਕਾਰ ਨੂੰ ਆਪਣੇ ਦਾਇਰੇ ਵਿਚ ਰਹਿਣਾ ਚਾਹੀਦਾ ਹੈ। ਉਨ੍ਹਾਂ ਕੈਪਟਨ ਅਮਰਿੰਦਰ ਸਿੰਘ ਨੂੰ ਨਸੀਹਤ ਦਿੱਤੀ ਕਿ ਉਹ ਕੇਵਲ ਆਪਣੀ ਸਰਕਾਰ ਦੀ ਸੀਮਾ ਵਿਚ ਰਹਿੰਦਿਆਂ ਪੰਜਾਬ ਦੇ ਲੋਕਾਂ ਦੀ ਭਲਾਈ ਵੱਲ ਹੀ ਧਿਆਨ ਦੇਣ, ਨਾ ਕਿ ਸਿੱਖ ਸ਼ਕਤੀ ਨੂੰ ਕਮਜ਼ੋਰ ਕਰਨ ਲਈ ਚਾਲਾਂ ਚੱਲਣ। ੩੦ ਜਨਵਰੀ

# ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਗਦਰੀ ਯੋਧਿਆਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ 'ਚ ਸੁਸ਼ੋਭਿਤ

## ਸ਼੍ਰੋਮਣੀ ਕਮੇਟੀ ਵੱਲੋਂ ਛਾਪਿਆ ਜਾਵੇਗਾ ਸਿੱਖ ਗਦਰੀ ਬਾਬਿਆਂ ਤੇ ਬੱਬਰ ਅਕਾਲੀ ਲਹਿਰ ਦਾ ਇਤਿਹਾਸ-ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਤ੍ਰਿੰਗ ਕਮੇਟੀ ਦੇ ਫੈਸਲੇ ਅਨੁਸਾਰ ਸ੍ਰੀ ਦਰਬਾਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਖੇ ੧੮ ਸਿੱਖ ਗਦਰੀ ਯੋਧਿਆਂ ਦੀਆਂ ਤਸਵੀਰਾਂ ਸਥਾਪਿਤ ਕੀਤੀਆਂ ਗਈਆਂ। ਇਸ ਨਾਲ ਗਦਰੀ ਬਾਬਿਆਂ ਦੀ ਦੇਣ ਨੂੰ ਸਿੱਖ ਜਗਤ ਵੱਲੋਂ ਵੱਡਾ ਸਨਮਾਨ ਪ੍ਰਾਪਤ ਹੋਇਆ ਹੈ। ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਤੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਨਿਭਾਈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਇਸ ਫੈਸਲੇ ਨੂੰ ਸ਼ਲਾਘਾਯੋਗ ਦੱਸਿਆ। ਇਸ ਤੋਂ ਪਹਿਲਾਂ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਕੁਲਵਿੰਦਰ ਸਿੰਘ ਨੇ ਅਰਦਾਸ ਕੀਤੀ।

ਇਸੇ ਦੌਰਾਨ ਇਨ੍ਹਾਂ ਗਦਰੀ ਬਾਬਿਆਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੁਰਦਾਸ ਹਾਲ ਵਿਖੇ ਆਯੋਜਿਤ ਕੀਤੇ ਗਏ ਇਕ ਕੌਮਾਂਤਰੀ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਕੌਮਾਂਤਰੀ ਸਮਾਗਮ ਵਿਚ ਉਚੇਚੇ ਤੌਰ 'ਤੇ ਕੈਨੇਡਾ ਤੋਂ ਕਰੀਬ ੫੦ ਮੈਂਬਰੀ ਜਥਾ ਵੀ ਸ਼ਾਮਲ ਹੋਇਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਪਣੇ ਸੰਬੋਧਨ ਦੌਰਾਨ ਗਦਰੀ ਯੋਧਿਆਂ ਅਤੇ ਬੱਬਰ ਅਕਾਲੀ ਲਹਿਰ ਦਾ ਇਤਿਹਾਸ ਸ਼੍ਰੋਮਣੀ ਕਮੇਟੀ ਵੱਲੋਂ ਛਪਵਾ ਕੇ ਸੰਗਤਾਂ ਤੱਕ ਪਹੁੰਚਾਉਣ ਦਾ ਐਲਾਨ ਕੀਤਾ। ਭਾਈ ਲੌਂਗੋਵਾਲ ਨੇ ਆਖਿਆ ਕਿ ਸਿੱਖ ਗਦਰੀ ਯੋਧਿਆਂ ਨੇ ਦੇਸ਼ ਦੀ ਅਜ਼ਾਦੀ ਦੇ ਨਾਲ-ਨਾਲ ਵਿਦੇਸ਼ਾਂ ਦੀ ਧਰਤੀ 'ਤੇ ਮਨੁੱਖੀ ਕਦਰਾਂ ਕੀਮਤਾਂ ਦੀ ਬਹਾਲੀ ਲਈ ਲੜਾਈ ਲੜੀ। ਉਨ੍ਹਾਂ ਕਿਹਾ ਕਿ ਖ਼ਾਸਕਰ ਕੈਨੇਡਾ ਅੰਦਰ ਨਸਲੀ ਵਿਤਕਰੇ ਖਿਲਾਫ਼ ਸਿੱਖ ਗਦਰੀ ਬਾਬਿਆਂ ਨੇ ਜ਼ੋਰਦਾਰ ਅਵਾਜ਼ ਉਠਾਈ ਸੀ। ਆਪਣੇ ਇਨ੍ਹਾਂ ਪੁਰਖਿਆਂ ਦੀ ਦੇਣ ਸਦਕਾ ਹੀ ਵਿਦੇਸ਼ਾਂ ਅੰਦਰ ਸਿੱਖ ਉੱਚ ਮੁਕਾਮ ਹਾਸਲ ਕਰ ਰਹੇ ਹਨ। ਸਿੱਖਾਂ ਨੂੰ ਆਪਣੇ ਇਨ੍ਹਾਂ ਯੋਧਿਆਂ ਦੀ ਦੇਣ 'ਤੇ ਮਾਣ ਹੈ ਅਤੇ ਸਦਾ ਰਹੇਗਾ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਕੈਨੇਡਾ ਦੇ ਮੈਂਬਰ ਪਾਰਲੀਮੈਂਟ ਸੁੱਖ ਧਾਲੀਵਾਲ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਰੀ ਦੇ ਪ੍ਰਧਾਨ ਸ. ਬਲਬੀਰ ਸਿੰਘ ਨਿੱਝਰ, ਗਦਰ ਮੈਮੋਰੀਅਲ ਸੁਸਾਇਟੀ ਕੈਨੇਡਾ ਦੇ ਪ੍ਰਧਾਨ ਡਾ. ਗੁਰਵਿੰਦਰ ਸਿੰਘ ਧਾਲੀਵਾਲ, ਜਥੇਦਾਰ ਮਹਿੰਦਰ ਸਿੰਘ ਮਹਿਸਮਪੁਰ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਵੀ ਸੰਬੋਧਨ ਕੀਤਾ। ਬੁਲਾਰਿਆਂ ਨੇ ਆਪਣੇ ਸੰਬੋਧਨ ਦੌਰਾਨ ਜਿਥੇ ਦੇਸ਼ ਦੀ ਅਜ਼ਾਦੀ ਵਿਚ ਸਿੱਖਾਂ ਦੇ ਯੋਗਦਾਨ 'ਤੇ ਚਾਨਣਾ ਪਾਇਆ, ਉਥੇ ਹੀ ਵਿਦੇਸ਼ਾਂ ਵਿਚ ਮਨੁੱਖੀ ਸਰੋਕਾਰਾਂ ਅਤੇ ਹੱਕਾਂ ਲਈ ਲੜਨ ਵਾਲੇ ਸਿੱਖ ਗਦਰੀ ਯੋਧਿਆਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਨੂੰ ਅਹਿਮ ਫੈਸਲਾ ਦੱਸਿਆ। ਸਾਰਿਆਂ ਨੇ ਇਕਸੁਰ ਵਿਚ ਅੱਜ ਦੇ ਦਿਨ ਨੂੰ ਯਾਦਗਾਰੀ ਦਿਨ ਕਿਹਾ ਅਤੇ ਸ਼੍ਰੋਮਣੀ ਕਮੇਟੀ ਦੇ ਇਸ ਫੈਸਲੇ ਦੀ ਸ਼ਲਾਘਾ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਦਾ ਕੈਨੇਡਾ ਦੀਆਂ ਸੰਗਤਾਂ ਵੱਲੋਂ ਵਿਸ਼ੇਸ਼

ਤੌਰ 'ਤੇ ਸਨਮਾਨ ਕੀਤਾ ਗਿਆ, ਜਦਕਿ ਸ਼੍ਰੋਮਣੀ ਕਮੇਟੀ ਵੱਲੋਂ ਵੀ ਕੈਨੇਡਾ ਤੋਂ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਬਾਵਾ ਸਿੰਘ ਗੁਮਾਨਪੁਰਾ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਤੇਜਿੰਦਰ ਸਿੰਘ ਪੱਡਾ, ਸ. ਗੁਰਮੀਤ ਸਿੰਘ ਬੁੱਟਰ, ਸ. ਤਰਲੋਚਨ ਸਿੰਘ ਬਾਹੀਆ ਕੈਨੇਡਾ, ਸ. ਲਖਵਿੰਦਰ ਸਿੰਘ ਕਾਹਨੇਕੇ, ਬਾਬਾ ਜਗਜੀਤ ਸਿੰਘ ਬੜੂ ਸਾਹਿਬ, ਸ. ਮਲਕੀਤ ਸਿੰਘ ਬਹਿੜਵਾਲ ਸੁਪ੍ਰਿੰਟੈਂਡੈਂਟ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਇਕਬਾਲ ਸਿੰਘ ਮੁਖੀ ਆਦਿ ਮੌਜੂਦ ਸਨ। ੧੧ ਜਨਵਰੀ

# ਅੰਮ੍ਰਿਤਸਰ ਰੇਲਵੇ ਸਟੇਸ਼ਨ ਦੇ ਨਵੀਨੀਕਰਨ ਦਾ ਮਾਮਲਾ

## ਗੁਰੂ ਨਗਰੀ ਦੇ ਇਤਿਹਾਸਕ ਮਹੱਤਵ ਦਾ ਰੱਖਿਆ ਜਾਵੇ ਖ਼ਿਆਲ -ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਹੈ ਕਿ ਭਾਰਤੀ ਰੇਲਵੇ ਸਟੇਸ਼ਨ ਵਿਕਾਸ ਕਾਰਪੋਰੇਸ਼ਨ ਅੰਮ੍ਰਿਤਸਰ ਦੇ ਰੇਲਵੇ ਸਟੇਸ਼ਨ ਨੂੰ ਨਵੀਂ ਨੁਹਾਰ ਦੇਣ ਸਮੇਂ ਇਸ ਦੇ ਪ੍ਰਵੇਸ਼ ਸਥਾਨ 'ਚੋਂ ਸਿੱਖ ਵਿਰਾਸਤ ਨੂੰ ਮਨਫ਼ੀ ਨਾ ਕਰੇ। ਉਨ੍ਹਾਂ ਕਿਹਾ ਕਿ ਗੁਰੂ ਨਗਰੀ ਦੇ ਇਤਿਹਾਸਕ ਮਹੱਤਵ ਅਨੁਸਾਰ ਹੀ ਇਹ ਕਾਰਜ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਅੰਮ੍ਰਿਤਸਰ ਦੀ ਵਿਰਾਸਤ ਦਾ ਪੂਰੇ ਵਿਸ਼ਵ ਵਿਚ ਆਪਣਾ ਵਿਲੱਖਣ ਸਥਾਨ ਹੈ ਅਤੇ ਸ੍ਰੀ ਅੰਮ੍ਰਿਤਸਰ ਨਗਰੀ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਵਰੋਸਾਈ ਹੋਣ ਕਾਰਨ ਇਸ ਦੇ ਜਨਤਕ ਥਾਵਾਂ ਨੂੰ ਸਿੱਖ ਵਿਰਾਸਤ ਅਨੁਸਾਰ ਹੀ ਬਣਾਇਆ ਜਾਵੇ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਦੇ ਸ਼ਰਧਾਲੂਆਂ ਦੀ ਅੰਮ੍ਰਿਤਸਰ ਦੇ ਰੇਲਵੇ ਸਟੇਸ਼ਨ 'ਤੇ ਆਵਾਜਾਈ ਬਣੀ ਰਹਿੰਦੀ ਹੈ, ਇਸ ਲਈ ਇਸ ਦੀ ਨੁਹਾਰ ਗੁਰੂ ਨਗਰੀ ਦੀ ਵਿਰਾਸਤ ਅਨੁਸਾਰ ਬਣਾਉਣੀ ਜ਼ਰੂਰੀ ਹੈ। ਜਦੋਂ ਵੀ ਕੋਈ ਸ਼ਰਧਾਲੂ ਜਾਂ ਯਾਤਰੀ ਇਥੇ ਪਹੁੰਚੇ ਤਾਂ ਉਸ ਨੂੰ ਪਹਿਲੀ ਝਲਕ ਸ਼ਹਿਰ ਦੇ ਮਹੱਤਵ ਨੂੰ ਦਰਸਾਉਣ ਵਾਲੀ ਮਿਲੇ। ਹਵਾਈ ਅੱਡਾ, ਰੇਲਵੇ ਸਟੇਸ਼ਨ ਅਤੇ ਬੱਸ ਅੱਡਾ ਸਭ ਤੋਂ ਵੱਧ ਆਵਾਜਾਈ ਵਾਲੇ ਸਥਾਨ ਹੋਣ ਕਰਕੇ ਇਥੇ ਸਥਾਪਤ ਕੀਤੇ ਗਏ ਚਿੰਨ੍ਹ ਸ਼ਹਿਰ ਦੇ ਧਾਰਮਿਕ ਤੇ ਇਤਿਹਾਸਕ ਮਹੱਤਵ ਵਾਲੇ ਹੋਣੇ ਚਾਹੀਦੇ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਅੰਮ੍ਰਿਤਸਰ ਸ਼ਹਿਰ ਸਿੱਖ ਭਵਨ ਨਿਰਮਾਣ ਕਲਾ ਵਿਚ ਵਿਸ਼ੇਸ਼ ਅਹਿਮੀਅਤ ਰੱਖਦਾ ਹੈ, ਕਿਉਂਕਿ ਇਥੇ ਪੂਰੇ ਵਿਸ਼ਵ ਦੇ ਲੋਕਾਂ ਲਈ ਅਧਿਆਤਮਿਕ ਅਗਵਾਈ ਦੇਣ ਵਾਲੇ ਮਹਾਨ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸੁਸ਼ੋਭਿਤ ਹਨ। ਇਸ ਤੋਂ ਇਲਾਵਾ ਕਈ ਸਿੱਖ ਵਿਰਾਸਤ ਨਾਲ ਸਬੰਧਤ ਹੋਰ ਨਿਸ਼ਾਨੀਆਂ ਵੀ ਅੰਮ੍ਰਿਤਸਰ ਦੀ ਸਿੱਖ ਭਵਨ ਨਿਰਮਾਣ ਕਲਾ ਨੂੰ ਪ੍ਰਗਟ ਕਰਦੀਆਂ ਹਨ। ਇਸ ਲਈ ਅੰਮ੍ਰਿਤਸਰ ਦੇ ਰੇਲਵੇ ਸਟੇਸ਼ਨ 'ਤੇ ਕੋਈ ਅਜਿਹਾ ਚਿੰਨ੍ਹ ਹੀ ਲਗਾਇਆ ਜਾਵੇ, ਜੋ ਇਥੋਂ ਦੇ ਇਤਿਹਾਸ, ਰਵਾਇਤਾਂ ਤੇ ਪ੍ਰੰਪਰਾਵਾਂ ਅਨੁਕੂਲ ਹੋਵੇ। ਭਾਈ ਲੌਂਗੋਵਾਲ ਨੇ ਆਖਿਆ ਕਿ ਇਸ ਸਬੰਧ ਵਿਚ ਭਾਰਤੀ ਰੇਲਵੇ ਸਟੇਸ਼ਨ ਵਿਕਾਸ ਕਾਰਪੋਰੇਸ਼ਨ ਨਾਲ ਰਾਬਤਾ ਵੀ ਕੀਤਾ ਜਾਵੇਗਾ। ੧੫ ਜਨਵਰੀ

# ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਾਮਿਲਨਾਡੂ 'ਚ ਗੁਰਮਤਿ ਸਮਾਗਮ

## ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਾਮਿਲਨਾਡੂ ਵਿਖੇ ਇਕ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਗੁਰਦੁਆਰਾ ਗੁਰੂ ਨਾਨਕ ਧਾਮ ਰਾਮੇਸ਼ਵਰਮ 'ਚ ਹੋਏ ਇਸ ਗੁਰਮਤਿ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਸਿੱਖ ਕੌਮ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਗੁਰੂ ਨਾਨਕ ਧਾਮ ਰਾਮੇਸ਼ਵਰਮ (ਤਾਮਿਲਨਾਡੂ) ਪਹਿਲੇ ਪਾਤਸ਼ਾਹ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਹੈ, ਜਿਥੇ ਗੁਰੂ ਸਾਹਿਬ ਆਪਣੀ ਦੂਸਰੀ ਉਦਾਸੀ ਦੌਰਾਨ ਗਏ ਸਨ। ਇਸ ਇਤਿਹਾਸਕ ਅਸਥਾਨ 'ਤੇ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਚੇਨਈ, ਤਿਰਚੀ, ਮਦੁਰਾਈ, ਬੰਗਲੌਰ, ਕੋਇਮਬਤੂਰ, ਬਿਜਨੌਰ ਆਦਿ ਥਾਵਾਂ ਤੋਂ ਵੱਡੀ ਗਿਣਤੀ ਸੰਗਤ ਨੇ ਹਾਜ਼ਰੀ ਭਰੀ।

ਸਮਾਗਮ ਸਮੇਂ ਸੰਗਤ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸਾਹਿਬ ਲਈ ੫ ਲੱਖ ਰੁਪਏ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਥੇ ਗੁਰਮਤਿ ਸਮਾਗਮ ਕਰਨ ਦਾ ਮੰਤਵ ਜਿਥੇ ਪਹਿਲੇ ਪਾਤਸ਼ਾਹ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨਾ ਹੈ, ਉਥੇ ਹੀ ਤਾਮਿਲਨਾਡੂ ਅਤੇ ਨਾਲ ਲਗਦੇ ਇਲਾਕਿਆਂ ਵਿਚ ਵੱਸਦੇ ਸਿੱਖਾਂ ਨਾਲ ਮੇਲ-ਜੋਲ ਨੂੰ ਵਧਾਉਣਾ ਵੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਅਗਲੇ ਸਮਿਆਂ ਅੰਦਰ ਵੀ ਕਰਵਾਏ ਜਾਣਗੇ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਦੇ ਇਸ ਇਤਿਹਾਸਕ ਅਸਥਾਨ ਵਿਖੇ ਵੱਡੀ ਪੱਧਰ 'ਤੇ ਸੰਗਤ ਜੁੜਨੀ ਆਪਣੇ ਆਪ ਵਿਚ ਇਤਿਹਾਸਕ ਗੱਲ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਧਰਮ ਪ੍ਰਚਾਰ ਯਾਤਰਾਵਾਂ ਦੌਰਾਨ ਦੇਸ਼ ਦੁਨੀਆਂ ਦੇ ਕਈ ਹਿੱਸਿਆਂ ਵਿਚ ਆਪਣੇ ਮੁਬਾਰਕ ਚਰਨ ਪਾਏ ਹਨ, ਜਿਨ੍ਹਾਂ ਵਿੱਚੋਂ ਰਮੇਸ਼ਵਰਮ ਵੀ ਇਕ ਹੈ। ਉਨ੍ਹਾਂ ਸਿੱਖ ਸੰਗਤ ਨੂੰ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਵਿਚ ਇਕਜੁਟ ਰਹਿਣ ਦੀ ਅਪੀਲ ਕੀਤੀ ਅਤੇ ਵਿਸ਼ਵਾਸ ਦਿਵਾਇਆ ਕਿ ਸਿੱਖ ਕੌਮ ਹਮੇਸ਼ਾ ਦੇਸ਼ ਦੁਨੀਆ 'ਚ ਵੱਸਦੇ ਸਿੱਖਾਂ ਨਾਲ ਚਟਾਨ ਵਾਂਗ ਖੜ੍ਹੀ ਹੈ।

ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜੋਰਾ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ ਅਤੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਦੌਰਾਨ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਗੁਰਦੁਆਰਾ ਸਾਹਿਬ ਰਮੇਸ਼ਵਰਮ ਦੇ ਪ੍ਰਧਾਨ ਸ. ਹਰਬੰਸ ਸਿੰਘ, ਬਾਬਾ ਜਗਜੀਤ ਸਿੰਘ ਕਾਕਾ ਵੀਰ ਜੀ, ਸ. ਬਲਬੀਰ ਸਿੰਘ ਲੋਟਾ, ਸ. ਹਰਮੰਦਰ ਸਿੰਘ, ਸ. ਗਗਨਦੀਪ ਸਿੰਘ, ਸ. ਜਗਮੋਹਨ ਸਿੰਘ ਰਾਜੂ, ਸ. ਸੁਰਜੀਤ ਸਿੰਘ ਮਦਾਨ, ਸ. ਓਅੰਕਾਰ ਸਿੰਘ, ਸ. ਬਲਦੇਵ ਸਿੰਘ, ਸ. ਜਗੀਰ ਸਿੰਘ, ਸ. ਪਰਮਜੀਤ ਸਿੰਘ, ਸ. ਸਤਨਾਮ ਸਿੰਘ ਆਦਿ ਮੌਜੂਦ ਸਨ।

੧੫ ਜਨਵਰੀ

# ਅਮਰੀਕਾ 'ਚ ਮਰਦਮਸ਼ੁਮਾਰੀ ਸਮੇਂ ਸਿੱਖਾਂ ਨੂੰ ਵੱਖਰੀ ਕੌਮ ਵਜੋਂ ਮਾਨਤਾ ਦੇਣ ਦਾ ਭਾਈ ਲੌਂਗੋਵਾਲ ਵੱਲੋਂ ਸਵਾਗਤ

ਅੰਮ੍ਰਿਤਸਰ- ਅਮਰੀਕਾ ਅੰਦਰ ਇਸ ਸਾਲ ਹੋਣ ਜਾ ਰਹੀ ਮਰਦਮਸ਼ੁਮਾਰੀ ਦੌਰਾਨ ਸਿੱਖਾਂ ਨੂੰ ਵੱਖਰੀ ਕੌਮ ਵਜੋਂ ਮਾਨਤਾ ਦੇਣ ਨਾਲ ਪੂਰੇ ਵਿਸ਼ਵ ਅੰਦਰ ਸਿੱਖ ਪਛਾਣ ਨੂੰ ਹੋਰ ਬਲ ਮਿਲੇਗਾ। ਅਮਰੀਕਾ ਸਰਕਾਰ ਦਾ ਇਹ ਫੈਸਲਾ ਬੇਹੱਦ ਸਲਾਹੁਣਯੋਗ ਹੈ, ਜਿਸ ਨਾਲ ਸਿੱਖ ਜਗਤ ਅੰਦਰ ਖੁਸ਼ੀ ਦੀ ਲਹਿਰ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਾਰੀ ਇਕ ਪ੍ਰੈੱਸ ਬਿਆਨ ਰਾਹੀਂ ਕੀਤਾ ਹੈ। ਅਮਰੀਕਾ 'ਚ ਸਿੱਖਾਂ ਲਈ ਇਸ ਖੁਸ਼ਖਬਰੀ 'ਤੇ ਭਾਈ ਲੌਂਗੋਵਾਲ ਨੇ ਸਮੁੱਚੇ ਸਿੱਖ ਜਗਤ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਅਮਰੀਕਾ ਸਰਕਾਰ ਦਾ ਧੰਨਵਾਦ ਕਰਦਿਆਂ ਉਥੋਂ ਦੇ ਸਿੱਖ ਆਗੂਆਂ ਦੀਆਂ ਕੋਸ਼ਿਸ਼ਾਂ ਦੀ ਵੀ ਸ਼ਲਾਘਾ ਕੀਤੀ। ਭਾਈ ਲੌਂਗੋਵਾਲ ਨੇ ਕਿਹਾ ਕਿ ਗੁਰੂ ਸਾਹਿਬਾਨ ਦੇ ਫਸਲਫੇ ਅਤੇ ਸਿੱਖ ਵਿਰਾਸਤ ਦੀ ਅਮੀਰੀ ਸਦਕਾ ਸਿੱਖਾਂ ਨੇ ਪੂਰੀ ਦੁਨੀਆਂ ਅੰਦਰ ਬੇਸ਼ੁਮਾਰ ਪ੍ਰਾਪਤੀਆਂ ਕੀਤੀਆਂ ਹਨ। ਅੱਜ ਦੁਨੀਆਂ ਦੇ ਵਿਕਸਤ ਦੇਸ਼ਾਂ ਅੰਦਰ ਸਿੱਖ ਸਰਕਾਰਾਂ ਦਾ ਹਿੱਸਾ ਬਣੇ ਹੋਏ ਹਨ। ਅਮਰੀਕਾ ਅੰਦਰ ਸਿੱਖਾਂ ਨੂੰ ਵੱਖਰੀ ਕੌਮ ਵਜੋਂ ਮਾਨਤਾ ਸਿੱਖ ਪ੍ਰਾਪਤੀਆਂ ਦੀ ਸੂਚੀ ਵਿਚ ਇਕ ਹੋਰ ਵਾਧਾ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਇਸ ਫੈਸਲੇ ਤੋਂ ਹੋਰਨਾਂ ਦੇਸ਼ਾਂ ਨੂੰ ਵੀ ਸੇਧ ਲੈਣੀ ਚਾਹੀਦੀ ਹੈ ਅਤੇ ਪੂਰੇ ਵਿਸ਼ਵ ਦੇ ਮੁਲਕਾਂ ਅੰਦਰ ਇਹ ਲਾਗੂ ਹੋਣਾ ਚਾਹੀਦਾ ਹੈ। ਇਸੇ ਦੌਰਾਨ ਭਾਈ ਲੌਂਗੋਵਾਲ ਨੇ ਸ. ਤਰਨਜੀਤ ਸਿੰਘ ਸੰਧੂ ਨੂੰ ਅਮਰੀਕਾ ਦੇ ਰਾਜਦੂਤ ਨਿਯੁਕਤ ਹੋਣ 'ਤੇ ਵਧਾਈ ਵੀ ਦਿੱਤੀ ਹੈ। ੧੯ ਜਨਵਰੀ

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ

ਅੰਮ੍ਰਿਤਸਰ- ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਖ਼ਾਲਸਈ ਜਾਹੋ-ਜਲਾਲ ਨਾਲ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਇਸ ਨਗਰ ਕੀਰਤਨ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਅਰਦਾਸ ਕੀਤੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕਰਨ ਦੀ ਸੇਵਾ ਵੀ ਨਿਭਾਈ। ਨਗਰ ਕੀਰਤਨ ਦੀ ਆਰੰਭਤਾ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਭਾਈ ਰਾਮ ਸਿੰਘ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਸਕੱਤਰ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਹਰਜਿੰਦਰ ਸਿੰਘ ਕੈਰੋਂਵਾਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਵੱਲੋਂ ਸਤਿਨਾਮ ਵਾਹਿਗੁਰੂ ਦੇ ਜਾਪ ਨਾਲ ਨਗਰ ਕੀਰਤਨ ਦੌਰਾਨ ਸ਼ਮੂਲੀਅਤ ਕੀਤੀ ਗਈ।

ਨਗਰ ਕੀਰਤਨ ਦੌਰਾਨ ਸ਼ਹਿਰ ਦੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਭਰਵੀਂ ਹਾਜ਼ਰੀ ਭਰੀ ਅਤੇ ਬੈਂਡ ਦੀਆਂ ਮਨੋਹਰ ਧੁੰਨਾਂ ਨਾਲ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਗਤਕਾ ਅਖਾੜਿਆਂ ਨੇ ਵੀ ਸਿੱਖ ਜੰਗਜੂ ਕਲਾ ਗੱਤਕੇ ਦੇ ਜ਼ੌਹਰ ਵਿਖਾ ਕੇ ਖ਼ਾਲਸਈ ਰੰਗ ਬੰਨ੍ਹਿਆ। ਨਗਰ ਕੀਰਤਨ ਦੇ ਰਸਤੇ ਨੂੰ

ਖੂਬਸੂਰਤ ਲੜੀਆਂ ਨਾਲ ਸਜਾਇਆ ਗਿਆ ਸੀ ਅਤੇ ਸੰਗਤਾਂ ਨੇ ਚਾਹ-ਪਾਣੀ ਅਤੇ ਫਲ ਫਰੂਟ ਨਾਲ ਸੇਵਾ ਕਰਕੇ ਵੀ ਅਥਾਹ ਸ਼ਰਧਾ ਪ੍ਰਗਟਾਈ। ਨਗਰ ਕੀਰਤਨ ਦੌਰਾਨ ਹੋਰਨਾਂ ਤੋਂ ਇਲਾਵਾ ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਸੁਖਬੀਰ ਸਿੰਘ, ਸ. ਬਘੇਲ ਸਿੰਘ, ਸ. ਇਕਬਾਲ ਸਿੰਘ ਮੁਖੀ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਪਰਮਦੀਪ ਸਿੰਘ, ਸ. ਪਲਵਿੰਦਰ ਸਿੰਘ ਚਿੱਟਾ, ਸ. ਮਨਜੀਤ ਸਿੰਘ ਤਲਵੰਡੀ, ਸ. ਕਰਨਜੀਤ ਸਿੰਘ, ਪ੍ਰੋ. ਸੁਖਦੇਵ ਸਿੰਘ ਸਮੇਤ ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ, ਸ੍ਰੀ ਦਰਬਾਰ ਸਾਹਿਬ ਦਾ ਸਮੂਹ ਸਟਾਫ਼ ਹਾਜ਼ਰ ਸੀ। ੧ ਜਨਵਰੀ

## ਕਮਲ ਨਾਥ ਨੂੰ ਦਿੱਲੀ ਚੋਣਾਂ ਸਮੇਂ ਸਟਾਰ ਪ੍ਰਚਾਰਕ ਬਣਾਉਣਾ ਕਾਂਗਰਸ ਦੀ ਸਿੱਖ ਵਿਰੋਧੀ ਮਨਸ਼ਾ ਦਾ ਪ੍ਰਗਟਾਵਾ -ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਾਂਗਰਸ ਪਾਰਟੀ ਵੱਲੋਂ ਕਮਲ ਨਾਥ ਨੂੰ ਦਿੱਲੀ ਚੋਣਾਂ ਲਈ ਸਟਾਰ ਪ੍ਰਚਾਰਕ ਬਣਾਉਣ ਦੇ ਫੈਸਲੇ 'ਤੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਇਸ ਸਬੰਧੀ ਜਾਰੀ ਇਕ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਕਾਂਗਰਸ ਨੇ ਹਮੇਸ਼ਾ ਹੀ ਸਿੱਖਾਂ ਦੇ ਕਤਲੇਆਮ ਦੇ ਦੋਸ਼ੀਆਂ ਦੀ ਪਿੱਠ ਥਾਪੜ ਕੇ ਸਿੱਖ ਕੌਮ ਦੇ ਰਿਸਦੇ ਜ਼ਖ਼ਮਾਂ 'ਤੇ ਲੂਣ ਪਾਇਆ ਹੈ ਅਤੇ ਹੁਣ ਕਾਂਗਰਸ ਵੱਲੋਂ ਕਮਲ ਨਾਥ ਨੂੰ ਦਿੱਲੀ ਚੋਣਾਂ ਸਮੇਂ ਸਟਾਰ ਪ੍ਰਚਾਰਕ ਬਣਾਉਣਾ ਇਸੇ ਸਿੱਖ ਵਿਰੋਧੀ ਮਨਸ਼ਾ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ੧੯੮੪ ਦੇ ਸਿੱਖ ਕਤਲੇਆਮ ਵਿਚ ਕਮਲ ਨਾਥ ਦਾ ਵੀ ਨਾਮ ਬੋਲਦਾ ਹੈ, ਜਦਕਿ ਕਾਂਗਰਸ ਉਸ ਵਿਰੁੱਧ ਕਾਰਵਾਈ ਕਰਨ ਦੀ ਥਾਂ ਉਸ ਨੂੰ ਅਹੁਦੇ ਦੇ ਕੇ ਨਿਵਾਜਦੀ ਰਹੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਕਾਂਗਰਸ ਦੇ ਇਸ ਫੈਸਲੇ ਦਾ ਸਖ਼ਤ ਵਿਰੋਧ ਕਰਦੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਾਮੇਸ਼ਾਂ ੧੯੮੪ ਦੇ ਦੋਸ਼ੀਆਂ ਨੂੰ ਬਚਾਉਣ ਦਾ ਯਤਨ ਕਰਦੀ ਰਹੀ ਹੈ ਪਰ ਸਰਕਾਰ ਵਿਚ ਤਬਦੀਲੀ ਤੋਂ ਬਾਅਦ ਪੀੜਤਾ ਨੂੰ ਨਿਆ ਮਿਲਣਾ ਸ਼ੁਰੂ ਹੋਇਆ ਹੈ ਤੇ ਸਜਣ ਕੁਮਾਰ ਸਮੇਤ ਕਈ ਹੋਰ ਦੋਸ਼ੀ ਜੇਲ੍ਹਾ ਵਿਚ ਡੱਕੇ ਹਨ। ਉਨ੍ਹਾਂ ਕਿਹਾ ਕਿ ਦਿੱਲੀ ਦੇ ਸਿੱਖ ਕਾਂਗਰਸ ਦੇ ਇਸ ਫੈਸਲੇ ਦਾ ਡੱਟ ਕੇ ਵਿਰੋਧ ਕਰਨਗੇ। ੨੩ ਜਨਵਰੀ

## ਕੈਨੇਡਾ 'ਚ ਚੌਥੀ ਵਾਰ ਮੈਂਬਰ ਪਾਰਲੀਮੈਂਟ ਬਣੇ ਸੁੱਖ ਧਾਲੀਵਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਹੋਏ ਨਤਮਸਤਕ

### ਸੂਚਨਾ ਕੇਂਦਰ ਵਿਖੇ ਭਾਈ ਗਰੇਵਾਲ, ਭਾਈ ਰਾਮ ਸਿੰਘ ਤੇ ਹੋਰਾਂ ਨੇ ਕੀਤਾ ਸਨਮਾਨਿਤ

ਅੰਮ੍ਰਿਤਸਰ- ਕੈਨੇਡਾ ਦੇ ਮੈਂਬਰ ਪਾਰਲੀਮੈਂਟ ਸੁੱਖ ਧਾਲੀਵਾਲ ਨੇ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਈ ਅਤੇ ਚੌਥੀ ਵਾਰ ਮੈਂਬਰ ਪਾਰਲੀਮੈਂਟ ਚੁਣੇ ਜਾਣ 'ਤੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖਾਂ ਦਾ ਕੇਂਦਰੀ ਧੁਰਾ ਹੈ ਅਤੇ ਦੇਸ਼ ਦੁਨੀਆਂ ਅੰਦਰ ਵੱਸਦਾ ਹਰ ਸਿੱਖ ਇਸ ਨਾਲ ਜੁੜਿਆ ਹੋਇਆ ਹੈ। ਇਥੇ ਨਤਮਸਤਕ ਹੋ ਕੇ ਹਰ ਇਕ ਨੂੰ ਮਾਨਸਿਕ ਸਕੂਨ ਪ੍ਰਾਪਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਕੈਨੇਡਾ ਦੀ ਪਾਰਲੀਮੈਂਟ ਵਿਚ ਮੈਂਬਰ ਦੀ ਜ਼ੁੰਮੇਵਾਰੀ ਮਿਲਣਾ ਪੰਜਾਬੀਆਂ ਦੇ ਪਿਆਰ ਅਤੇ ਗੁਰੂ ਸਾਹਿਬ ਦੇ ਅਸ਼ੀਰਵਾਦ ਸਦਕਾ ਹੈ। ਸੁੱਖ ਧਾਲੀਵਾਲ ਨੇ ਕਿਹਾ ਕਿ ਕੈਨੇਡਾ 'ਚ ਵੱਸਦਾ ਹਰ ਪੰਜਾਬੀ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਚਾਹੁੰਦਾ ਹੈ। ਪੰਜਾਬ ਗੁਰੂਆਂ ਦੀ ਧਰਤੀ ਹੈ ਅਤੇ ਸਿੱਖ ਧਰਮ ਦੇ ਸ਼ਾਨਾਮੱਤੇ ਵਿਰਸੇ

ਸਦਕਾ ਸਿੱਖਾਂ ਨੇ ਵਿਸ਼ਵ ਵਿਚ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਕੈਨੇਡਾ ਸਰਕਾਰ ਅੰਦਰ ਅੱਜ ਵੱਡੀ ਗਿਣਤੀ ਵਿਚ ਪੰਜਾਬੀ ਮੈਂਬਰ ਪਾਰਲੀਮੈਂਟ ਹਨ ਅਤੇ ਖੁਸ਼ੀ ਦੀ ਗੱਲ ਹੈ ਕਿ ਸਿੱਖਾਂ ਦੀ ਪ੍ਰਸ਼ੰਸਾ ਲਈ ਕੈਨੇਡਾ ਪਾਰਲੀਮੈਂਟ ਅੰਦਰ ਕਈ ਮਤੇ ਕੀਤੇ ਜਾ ਚੁੱਕੇ ਹਨ। ਇਸ ਮੌਕੇ ਉਨ੍ਹਾਂ ਨਾਲ ਕੈਨੇਡਾ ਤੋਂ ਪੁੱਜੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ।

ਇਸੇ ਦੌਰਾਨ ਸੁੱਖ ਧਾਲੀਵਾਲ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਭਾਈ ਰਾਮ ਸਿੰਘ ਅਤੇ ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਜੱਸੀ ਨੇ ਸਨਮਾਨਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਸੁੱਖ ਧਾਲੀਵਾਲ ਵੱਲੋਂ ਕੈਨੇਡਾ ਅੰਦਰ ਕੀਤੀਆਂ ਪ੍ਰਾਪਤੀਆਂ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ। ਭਾਈ ਗਰੇਵਾਲ ਨੇ ਸੁੱਖ ਧਾਲੀਵਾਲ ਵੱਲੋਂ ਕੈਨੇਡਾ ਦੀ ਪਾਰਲੀਮੈਂਟ ਅੰਦਰ ਪਹਿਲੀ ਵਾਰ ੧੯੮੪ ਦੇ ਸਿੱਖ ਨਸਲਕੁਸ਼ੀ ਸਬੰਧੀ ਪੇਸ਼ ਕੀਤੇ ਗਏ ਮਤੇ ਨੂੰ ਵੀ ਉਨ੍ਹਾਂ ਦਾ ਇਤਿਹਾਸਕ ਕਦਮ ਕਰਾਰ ਦਿੱਤਾ। ਦੱਸਣਯੋਗ ਹੈ ਕਿ ਸੁੱਖ ਧਾਲੀਵਾਲ ਪੰਜਾਬ ਦੇ ਜਗਰਾਉਂ ਨਾਲ ਸਬੰਧਤ ਹਨ ਅਤੇ ਕੈਨੇਡਾ ਦੇ ਸਰੀ ਨਿਊਟਨ ਹਲਕੇ ਤੋਂ ਮੈਂਬਰ ਪਾਰਲੀਮੈਂਟ ਬਣੇ ਹਨ। ੧ ਜਨਵਰੀ

## ਗੁਰਦੁਆਰਾ ਝੰਡਾ ਬੁੰਗਾ ਸਾਹਿਬ ਵਿਖੇ ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ

ਅੰਮ੍ਰਿਤਸਰ- ਸ੍ਰੀ ਦਰਬਾਰ ਸਾਹਿਬ ਸਮੂਹ 'ਚ ਸਥਿਤ ਗੁਰਦੁਆਰਾ ਝੰਡਾ ਬੁੰਗਾ ਸਾਹਿਬ ਵਿਖੇ ਭਾਈ ਸਤਵੰਤ ਸਿੰਘ ਅਤੇ ਭਾਈ ਕੇਹਰ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਵਿਕਰਮਜੀਤ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਵੀ ਮੌਜੂਦ ਸਨ। ਸਮਾਗਮ ਦੌਰਾਨ ਸ਼ਹੀਦ ਭਾਈ ਸਤਵੰਤ ਸਿੰਘ ਦੇ ਭਰਾ ਭਾਈ ਵਰਿਆਮ ਸਿੰਘ ਅਤੇ ਭਤੀਜੇ ਭਾਈ ਬਲਤੇਜ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਵੱਲੋਂ ਸਾਂਝੇ ਤੌਰ 'ਤੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਸਿਮਰਨਜੀਤ ਸਿੰਘ ਮਾਨ, ਭਾਈ ਕੰਵਰਪਾਲ ਸਿੰਘ ਬਿੱਟੂ, ਭਾਈ ਧਿਆਨ ਸਿੰਘ ਮੰਡ, ਭਾਈ ਮੋਹਕਮ ਸਿੰਘ, ਭਾਈ ਜਰਨੈਲ ਸਿੰਘ ਸਖੀਰਾ, ਭਾਈ ਮਨਜੀਤ ਸਿੰਘ ਭੋਮਾ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਸੁਖਰਾਜ ਸਿੰਘ, ਸ. ਬਘੇਲ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਜਸਪਾਲ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। ੬ ਜਨਵਰੀ

## ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਵਿਖੇ ਕਾਰ ਸੇਵਾ ਭੂਰੀ ਵਾਲਿਆਂ ਵੱਲੋਂ ਰੰਗ-ਰੋਗਨ ਦੀ ਸੇਵਾ ਸ਼ੁਰੂ

ਅੰਮ੍ਰਿਤਸਰ- ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਦੀ ਇਮਾਰਤ ਨੂੰ ਸੁੰਦਰ ਦਿੱਖ ਪ੍ਰਦਾਨ ਕਰਨ ਲਈ ਰੰਗ-ਰੋਗਨ ਦੀ ਸੇਵਾ ਦੀ ਸ਼ੁਰੂਆਤ ਕੀਤੀ ਗਈ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਵੱਲੋਂ ਇਹ ਸੇਵਾ ਕਾਰ-ਸੇਵਾ ਵਾਲੇ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੂੰ ਸੌਂਪੀ ਗਈ ਹੈ। ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ਼ਹੀਦ ਗੰਜ ਦੇ ਗ੍ਰੰਥੀ ਭਾਈ ਬਲਵਿੰਦਰ ਸਿੰਘ ਵੱਲੋਂ ਅਰਦਾਸ ਕੀਤੀ ਗਈ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਗੁਰਦੁਆਰਾ ਸ਼ਹੀਦਾਂ ਦੇ ਮੈਨੇਜਰ ਸ. ਹਰਪ੍ਰੀਤ ਸਿੰਘ, ਗੋਲਡਨ ਆਫ਼ਸੈੱਟ ਪ੍ਰੈੱਸ ਦੇ ਮੈਨੇਜਰ ਸ. ਗੁਰਪ੍ਰੀਤ ਸਿੰਘ ਅਤੇ ਸ. ਰਾਮ ਸਿੰਘ ਭਿੰਡਰ ਵੀ ਉਨ੍ਹਾਂ ਦੇ ਨਾਲ ਸਨ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਕਾਰ-ਸੇਵਾ ਭੂਰੀ ਵਾਲਿਆਂ ਨੇ ਕਿਹਾ ਕਿ ਇਹ ਕਾਰਜ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਤੋਂ ਪਹਿਲਾਂ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਅਸਥਾਨ ਪ੍ਰਤੀ ਸੰਗਤਾਂ ਦੀ ਵੱਡੀ ਆਸਥਾ ਹੈ ਅਤੇ ਭਾਰੀ ਗਿਣਤੀ 'ਚ ਸੰਗਤਾਂ ਰੋਜਾਨਾਂ ਇਥੇ ਨਤਮਸਤਕ ਹੁੰਦੀਆਂ ਹਨ। ਇਸ ਅਸਥਾਨ ਵਿਖੇ ਹੋਰ ਵੀ ਸੇਵਾਵਾਂ ਚੱਲ ਰਹੀਆਂ ਹਨ। ਜਿਸ ਤਹਿਤ ਪਾਰਕਿੰਗ ਲਈ ਦੋ ਮੰਜ਼ਿਲਾਂ ਬੇਸਮੈਂਟ ਦੇ ਉੱਪਰ ਦੋ ਮੰਜ਼ਿਲਾਂ ਲੰਗਰ ਦੀ ਸ਼ਾਨਦਾਰ ਇਮਾਰਤ ਤਿਆਰ ਕੀਤੀ ਜਾਵੇਗੀ। ਜਿਸ ਲਈ ਗੁਰਦੁਆਰਾ ਸਾਹਿਬ ਦੇ ਨਾਲ ਲੱਗਦੀਆਂ ਪ੍ਰਾਈਵੇਟ ਇਮਾਰਤਾਂ ਖਰੀਦ ਕਰ ਲਈਆਂ ਗਈਆਂ ਹਨ ਅਤੇ ਬੇਸਮੈਂਟ ਦੇ ਪਹਿਲੇ ਪੜਾਅ ਦਾ ਕਾਰਜ ਚੱਲ ਰਿਹਾ ਹੈ। ਉਨ੍ਹਾਂ ਨੇ ਸੰਗਤਾਂ ਨੂੰ ਸੇਵਾ ਕਾਰਜਾਂ 'ਚ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਬਾਬਾ ਗੁਰਨਾਮ ਸਿੰਘ, ਸ. ਅਮਰਜੀਤ ਸਿੰਘ ਸ਼ਬਦ ਚੌਂਕੀ ਵਾਲੇ, ਸ. ਸੁਖਰਾਜ ਸਿੰਘ ਸੰਧੂ ਲੀਗਲ ਐਡਵਾਈਜ਼ਰ, ਸ. ਜਗਜੀਤ ਸਿੰਘ ਖਾਲਸਾ, ਸ. ਕੁਲਦੀਪ ਸਿੰਘ, ਸ. ਸੁਖਦੇਵ ਸਿੰਘ ਕੰਬੋ, ਭਾਈ ਅਮਰੀਕ ਸਿੰਘ, ਸ. ਬਲਦੇਵ ਸਿੰਘ ਧੁੰਨ, ਸ. ਅਵਤਾਰ ਸਿੰਘ ਇੰਚਾਰਜ ਲੰਗਰ, ਸ. ਯੁਵਰਾਜ ਸਿੰਘ, ਸ. ਸੁਖਦੇਵ ਸਿੰਘ ਹੇਰ, ਬਾਬਾ ਜੁਗਰਾਜ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ।

੭ ਜਨਵਰੀ

# ਕੈਨੇਡਾ ਦੀ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪ੍ਰਗਟਾਈ ਸ਼ਰਧਾ

ਅੰਮ੍ਰਿਤਸਰ- ਕੈਨੇਡਾ ਦੇ ਬਰੈਂਪਟਨ ਸਾਊਥ ਤੋਂ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ ਨੇ ਮਨੁੱਖਤਾ ਦੇ ਅਧਿਆਤਮਿਕ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਅੰਮ੍ਰਿਤਸਰ ਦੀ ਜਮਪਲ ਸੋਨੀਆ ਸਿੱਧੂ ਕੈਨੇਡਾ ਵਿਚ ਲਗਾਤਾਰ ਦੂਜੀ ਵਾਰ ਮੈਂਬਰ ਪਾਰਲੀਮੈਂਟ ਬਣੇ ਹਨ। ਇਸ ਮੌਕੇ ਉਨ੍ਹਾਂ ਕਿਹਾ ਕਿ ਉਹ ਆਪਣੀ ਜਿੱਤ ਲਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਆਏ ਹਨ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਵਡਿਆਈ ਬਹੁਤ ਵੱਡੀ ਹੈ ਅਤੇ ਇਥੇ ਮੱਥਾ ਟੇਕ ਕੇ ਮਾਨਸਿਕ ਸਕੂਨ ਦਾ ਅਹਿਸਾਸ ਹੋਇਆ ਹੈ। ਉਨ੍ਹਾਂ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਕੈਨੇਡਾ ਵਰਗੇ ਵਿਕਸਤ ਦੇਸ਼ ਅੰਦਰ ਪਾਰਲੀਮੈਂਟ ਮੈਂਬਰ ਵਜੋਂ ਸੇਵਾ ਮਿਲਣੀ ਗੁਰੂਆਂ ਦੀ ਬਖਸ਼ਿਸ਼ ਹੀ ਹੈ। ਇਥੇ ਕੀਤੀ ਅਰਦਾਸ ਬਿਰਥੀ ਨਹੀਂ ਜਾਂਦੀ ਅਤੇ ਇਸ ਪਾਵਨ ਅਸਥਾਨ ਤੋਂ ਮਿਲੀ ਆਤਮਿਕ ਸ਼ਕਤੀ ਹਰ ਰਾਹ ਨੂੰ ਸੁਖਾਲਾ ਬਣਾਉਂਦੀ ਹੈ। ਇਸ ਮੌਕੇ ਉਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਗੁਰੂ ਬਖਸ਼ਿਸ਼ ਸਿਰੋਪਾਓ, ਸਨਮਾਨ ਚਿੰਨ੍ਹ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ। ਇਸ ਦੌਰਾਨ ਡਾ. ਰੂਪ ਸਿੰਘ ਨੇ ਕਿਹਾ ਕਿ ਪੰਜਾਬੀਆਂ ਨੇ ਪੂਰੀ ਦੁਨੀਆ ਅੰਦਰ ਜੋ ਪ੍ਰਾਪਤੀਆਂ ਕੀਤੀਆਂ ਹਨ, ਉਸ ਵਿਚ ਵਿਰਸੇ ਦੀ ਅਮੀਰੀ ਦਾ ਅਹਿਮ ਯੋਗਦਾਨ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਕੈਨੇਡਾ ਐਮਪੀ ਸੋਨੀਆ ਸਿੱਧੂ ਲੋਕ

ਸੇਵਾ ਵਿਚ ਇਸੇ ਤਰ੍ਹਾਂ ਸਰਗਰਮ ਰਹਿਣਗੇ ਅਤੇ ਪੰਜਾਬ ਤੋਂ ਕੈਨੇਡਾ ਗਏ ਲੋਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਵੀ ਯਤਨਸ਼ੀਲ ਰਹਿਣਗੇ। ਇਸ ਮੌਕੇ ਐਮਪੀ ਸੋਨੀਆ ਸਿੱਧੂ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਸ. ਹਰਿੰਦਰ ਸਿੰਘ, ਸ. ਜਤਿੰਦਰਪਾਲ ਸਿੰਘ ਵੀ ਮੌਜੂਦ ਸਨ। ੮ ਜਨਵਰੀ

# ਐਮਾਜੋਨ ਆਨਲਾਈਨ ਕੰਪਨੀ ਵੱਲੋਂ ਸ੍ਰੀ ਦਰਬਾਰ ਸਾਹਿਬ ਦੀ ਤਸਵੀਰ ਦੇ ਨਿਰਾਦਰ ਦਾ ਮਾਮਲਾ

## ਸ਼੍ਰੋਮਣੀ ਕਮੇਟੀ ਨੇ ਐਮਾਜੋਨ ਕੰਪਨੀ ਨੂੰ ਭੇਜਿਆ ਕਾਨੂੰਨੀ ਨੋਟਿਸ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਐਮਾਜੋਨ ਆਨਲਾਈਨ ਕੰਪਨੀ ਵੱਲੋਂ ਟਾਇਲਟ ਸੀਟ ਕਵਰ ਅਤੇ ਪਾਏਦਾਨ ਉੱਪਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਛਾਪਣ ਦਾ ਸਖ਼ਤ ਨੋਟਿਸ ਲਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾ ਅਨੁਸਾਰ ਐਮਾਜੋਨ ਨੂੰ ਕਾਨੂੰਨੀ ਨੋਟਿਸ ਭੇਜਿਆ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਐਮਾਜੋਨ ਦੀ ਇਸ ਘਟੀਆ ਹਰਕਤ 'ਤੇ ਕੰਪਨੀ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧ ਵਿਚ ਪੁਲਿਸ ਸ਼ਿਕਾਇਤ ਵੀ ਦਰਜ਼ ਕਰਵਾਈ ਜਾ ਰਹੀ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਐਮਾਜੋਨ ਵੱਲੋਂ ਉਤਪਾਦ ਵੇਚਣ ਲਈ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕੀਤਾ ਗਿਆ ਹੈ। ਇਸ ਨਾਲ ਸਿੱਖਾਂ ਅੰਦਰ ਰੋਸ ਦੀ ਲਹਿਰ ਪੈਦਾ ਹੋਈ ਹੈ। ਇਸ ਤੋਂ ਪਹਿਲਾਂ ਵੀ ਇਸੇ ਕੰਪਨੀ ਵੱਲੋਂ ਅਜਿਹਾ ਹੀ ਕੀਤਾ ਗਿਆ ਸੀ, ਜਦਕਿ ਸ਼੍ਰੋਮਣੀ ਕਮੇਟੀ ਦੀ ਕਾਰਵਾਈ ਮਗਰੋਂ ਇਸ ਵੱਲੋਂ ਮੁਆਫ਼ੀ ਮੰਗੀ ਗਈ ਸੀ। ਉਨ੍ਹਾਂ ਕਿਹਾ ਕਿ ਜਾਣਬੁਝ ਕੇ ਵਾਰ-ਵਾਰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਭੜਕਾਈਆਂ ਜਾ ਰਹੀਆਂ ਹਨ। ਭਾਈ ਲੌਂਗੋਵਾਲ ਨੇ ਸੰਗਤਾਂ ਨੂੰ ਸੁਚੇਤ ਕੀਤਾ ਕਿ ਅਜਿਹੀਆਂ ਕੰਪਨੀਆਂ ਦਾ ਸਖ਼ਤ ਵਿਰੋਧ ਕੀਤਾ ਜਾਵੇ ਅਤੇ ਕਿਸੇ ਵੀ ਅਜਿਹੇ ਉਤਪਾਦ ਦੀ ਖਰੀਦ ਨਾ ਕੀਤੀ ਜਾਵੇ। ੧੧ ਜਨਵਰੀ

# ਸ਼੍ਰੋਮਣੀ ਕਮੇਟੀ ਨੇ ਵਿਸ਼ਵ ਪੁਸਤਕ ਮੇਲੇ 'ਚ ਕੀਤੀ ਸ਼ਮੂਲੀਅਤ

## ਸਿੱਖ ਇਤਿਹਾਸ ਪ੍ਰਤੀ ਰੁਚੀ ਦਿਖਾਉਂਦਿਆਂ ਪਾਠਕਾਂ ਨੇ ਸ਼੍ਰੋਮਣੀ ਕਮੇਟੀ ਦੀਆਂ ਪ੍ਰਕਾਸ਼ਨਾਵਾਂ 'ਚ ਵਿਖਾਈ ਦਿਲਚਸਪੀ

ਅੰਮ੍ਰਿਤਸਰ- ਸਿੱਖ ਇਤਿਹਾਸ ਅਤੇ ਗੁਰਮਤਿ ਸਿਧਾਂਤਾਂ ਦੀ ਤਰਜ਼ਮਾਨੀ ਕਰਦੇ ਸਾਹਿਤ ਨੂੰ ਪਾਠਕਾਂ ਤੱਕ ਪਹੁੰਚਾਉਣ ਲਈ ਸਿੱਖ ਕੌਮ ਦੀ ਨੁਮਾਇੰਦਾ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਦੇ ਪ੍ਰਗਤੀ ਮੈਦਾਨ 'ਚ ਏਸ਼ੀਆ ਦੇ ਸਭ ਤੋਂ ਵੱਡੇ ਪੁਸਤਕ ਮੇਲੇ ਵਿਚ ਸ਼ਮੂਲੀਅਤ ਕੀਤੀ ਗਈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਜੀ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਪੁਸਤਕ ਮੇਲੇ 'ਚ ਲਗਾਏ ਗਏ ਸ਼੍ਰੋਮਣੀ ਕਮੇਟੀ ਦੀਆਂ ਪ੍ਰਕਾਸ਼ਨਾਵਾਂ ਦੇ ਸਟਾਲ ਪ੍ਰਤੀ ਪਾਠਕਾਂ ਵੱਲੋਂ ਭਾਰੀ ਉਤਸੁਕਤਾ ਦਿਖਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿੱਖ ਮਿਸ਼ਨ ਦਿੱਲੀ ਦੇ ਸਹਾਇਕ ਇੰਚਾਰਜ ਭਾਈ ਜਸਵੀਰ ਸਿੰਘ ਨੇ ਦੱਸਿਆ ਕਿ ਇਸ ਵਿਸ਼ਵ ਪੁਸਤਕ ਮੇਲੇ 'ਚ ਸ਼੍ਰੋਮਣੀ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਦੀਆਂ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿਚ ਪੁਸਤਕਾਂ ਲਗਾਈਆਂ ਗਈਆਂ ਸਨ। ਇਸ ਦੌਰਾਨ ਸਿੱਖ ਧਰਮ ਤੋਂ ਇਲਾਵਾ ਦੂਜੇ ਧਰਮਾਂ ਦੇ ਪਾਠਕਾਂ ਨੇ ਵੀ ਸਿੱਖ ਇਤਿਹਾਸ ਅਤੇ ਗੁਰਬਾਣੀ ਨਾਲ ਸਬੰਧਤ ਸਾਹਿਤ ਖਰੀਦਣ ਵਿਚ ਰੁਚੀ ਦਿਖਾਈ। ਉਨ੍ਹਾਂ ਦੱਸਿਆ ਕਿ ਪੁਸਤਕ ਮੇਲੇ ਦੌਰਾਨ ਚੀਨ ਤੋਂ ਪਹੁੰਚੇ ਇਕ ਪਾਠਕ ਮਿਸਟਰ ਲੀ ਨੇ ਕਿਹਾ ਕਿ ਉਹ ਸਿੱਖ ਧਰਮ ਬਾਰੇ ਕਾਫ਼ੀ ਸਮੇਂ ਤੋਂ ਜਾਣਕਾਰੀ ਪ੍ਰਾਪਤ ਕਰ ਰਿਹਾ ਹੈ

*(ਬਾਕੀ ਪੰਨਾ ੪੭ 'ਤੇ)*



ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਅਡਵਾਂਸਡ ਸਟੱਡੀਜ਼ ਇਨ ਸਿੱਖਇਜ਼ਮ ਬਹਾਦਰਗੜ੍ਹ ਵਿਖੇ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਮੌਕੇ ਪ੍ਰਧਾਨਗੀ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਹਾਜ਼ਰ ਮੈਂਬਰ ਸਾਹਿਬਾਨ ਤੇ ਅਧਿਕਾਰੀ। (24 ਜਨਵਰੀ)



ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਸ. ਹਰਜਿੰਦਰ ਸਿੰਘ ਧਾਮੀ ਅਤੇ ਹੋਰ ਮੈਂਬਰ ਸਾਹਿਬਾਨ। (10 ਜਨਵਰੀ)



ਸ਼ਹੀਦ ਭਾਈ ਮਨੀ ਸਿੰਘ ਜੀ ਦੀ ਯਾਦ ਵਿਚ ਸਾਲਾਨਾ ਸਮਾਗਮਾਂ ਮੌਕੇ ਗੁਰਦੁਆਰਾ ਕੈਂਬੋਵਾਲ ਸਾਹਿਬ, ਲੌਂਗੋਵਾਲ ਤੋਂ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਸਮੇਂ ਅਰਦਾਸ ਵਿਚ ਸ਼ਾਮਲ ਪੰਜ ਪਿਆਰੇ ਸਾਹਿਬਾਨ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਹੋਰ। (4 ਫਰਵਰੀ)



ਸ਼ਹੀਦ ਭਾਈ ਮਨੀ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਗੁਰਦੁਆਰਾ ਕੈਂਬੋਵਾਲ ਸਾਹਿਬ ਲੌਂਗੋਵਾਲ ਵਿਖੇ ਗੁਰਮਤਿ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ। ਨਾਲ ਹਨ ਜਥੇਦਾਰ ਉਦੈ ਸਿੰਘ, ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ ਤੇ ਹੋਰ। (5 ਫਰਵਰੀ)



ਗੁਰਦੁਆਰਾ ਸਾਹਿਬ ਗੁਰੂ ਨਾਨਕ ਧਾਮ ਰਮੇਸ਼ਵਰਮ (ਤਾਮਿਲਨਾਡੂ) ਵਿਖੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਮੌਕੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ ਤੇ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਲੌਂਗੋਵਾਲ ਅਤੇ ਹੋਰ। (15 ਜਨਵਰੀ)



ਸਿੱਖ ਗਦਰੀ ਯੋਧਿਆਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਲਗਾਉਣ ਸਮੇਂ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਗੁਰਪ੍ਰੀਤ ਸਿੰਘ ਝੱਬਰ, ਕੈਨੇਡਾ ਦੇ ਐਮ.ਪੀ. ਸੁੱਖ ਧਾਲੀਵਾਲ ਤੇ ਹੋਰ। (11 ਜਨਵਰੀ)



ਸਿੱਖ ਗਦਰੀ ਯੋਧਿਆਂ ਦੀ ਯਾਦ ਵਿਚ ਭਾਈ ਗੁਰਦਾਸ ਹਾਲ ਵਿਖੇ ਕਰਵਾਏ ਸਮਾਗਮ ਸਮੇਂ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸਟੇਜ 'ਤੇ ਬਿਰਾਜਮਾਨ ਸ. ਗੁਰਬਖਸ਼ ਸਿੰਘ ਖਾਲਸਾ ਜੂਨੀ:ਮੀਤ ਪ੍ਰਧਾਨ, ਸ. ਹਰਜਿੰਦਰ ਸਿੰਘ ਧਾਮੀ ਜਨਰਲ ਸਕੱਤਰ , ਸ. ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਰਾਮ ਸਿੰਘ, ਸ. ਬਾਵਾ ਸਿੰਘ ਗੁਮਾਨਪੁਰਾ ਤੇ ਹੋਰ। (11 ਜਨਵਰੀ)



ਸਿੱਖ ਗਦਰੀ ਯੋਧਿਆਂ ਦੀ ਯਾਦ ਵਿਚ ਭਾਈ ਗੁਰਦਾਸ ਹਾਲ ਵਿਖੇ ਕਰਵਾਏ ਸਮਾਗਮ ਸਮੇਂ ਪ੍ਰਮੁੱਖ ਸ਼ਖਸੀਅਤਾਂ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ। ਨਾਲ ਹਨ ਭਾਈ ਰਜਿੰਦਰ ਸਿੰਘ ਮਹਿਤਾ ਸੀਨੀ: ਮੀਤ ਪ੍ਰਧਾਨ, ਸ. ਗੁਰਬਖਸ਼ ਸਿੰਘ ਖਾਲਸਾ ਜੂਨੀ:ਮੀਤ ਪ੍ਰਧਾਨ, ਸ. ਹਰਜਿੰਦਰ ਸਿੰਘ ਧਾਮੀ ਜਨਰਲ ਸਕੱਤਰ, ਭਾਈ ਰਾਮ ਸਿੰਘ, ਸ. ਗੁਰਪ੍ਰੀਤ ਸਿੰਘ ਝੱਬਰ ਤੇ ਹੋਰ। (11 ਜਨਵਰੀ)



ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਵਜੋਂ ਕਾਰਜਭਾਰ ਸੰਭਾਲਦੇ ਹੋਏ ਸ. ਮਹਿੰਦਰ ਸਿੰਘ ਆਹਲੀ। ਇਸ ਮੌਕੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਹਰਜਿੰਦਰ ਸਿੰਘ ਕੈਰੋਂਵਾਲ ਤੇ ਹੋਰ। (31 ਜਨਵਰੀ)



ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਨੂੰ ਸੇਵਾ ਮੁਕਤ ਹੋਣ 'ਤੇ ਸਨਮਾਨਿਤ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ, ਗਿਆਨੀ ਜਗਤਾਰ ਸਿੰਘ ਲੁਧਿਆਣੇ ਵਾਲੇ ਵਧੀਕ ਮੁੱਖ ਗ੍ਰੰਥੀ, ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਗੁਰਬਖਸ਼ ਸਿੰਘ ਖਾਲਸਾ ਜੂਨੀ:ਮੀਤ ਪ੍ਰਧਾਨ, ਸ. ਮੰਗਵਿੰਦਰ ਸਿੰਘ ਖਾਪੜਖੇੜੀ ਅੰਤ੍ਰਿੰਗ ਮੈਂਬਰ, ਭਾਈ ਰਾਮ ਸਿੰਘ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਭਗਵੰਤ ਸਿੰਘ ਸਿਆਲਕਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਗੁਰਨਾਮ ਸਿੰਘ ਜੱਸਲ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸਾਬਕਾ ਸਕੱਤਰ ਸ. ਦਲਮੇਘ ਸਿੰਘ ਤੇ ਹੋਰ। (31 ਜਨਵਰੀ)



ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਐਨ.ਆਰ.ਆਈ. ਨਿਵਾਸ ਦਾ ਉਦਘਾਟਨ ਕਰਦੇ ਹੋਏ
ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਬਾਬਾ ਸੁੱਖਾ ਸਿੰਘ ਅਤੇ ਹੋਰ। (10 ਜਨਵਰੀ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ਼ੁਕਰਾਨੇ ਲਈ ਪੁੱਜੇ ਕੈਨੇਡਾ ਦੇ ਐਮ.ਪੀ. ਸੁੱਖ ਧਾਲੀਵਾਲ ਨੂੰ ਸੂਚਨਾ ਕੇਂਦਰ ਵਿਖੇ ਸਨਮਾਨਿਤ ਕਰਦੇ ਹੋਏ
ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਰਾਮ ਸਿੰਘ, ਸ. ਜਸਵਿੰਦਰ ਸਿੰਘ ਜੱਸੀ ਅਤੇ ਹੋਰ। (1 ਜਨਵਰੀ)



ਅਮਰੀਕਾ ਦੇ ਸ਼ਹਿਰ ਬੈਲਿੰਗਹੈਮ 'ਚ ਖ਼ਾਲਸਾ ਯੂਨੀਵਰਸਿਟੀ ਦੀ ਸਥਾਪਨਾ ਲਈ 125 ਏਕੜ ਜ਼ਮੀਨ ਦੇਣ ਵਾਲੇ ਸ. ਮਨਜੀਤ ਸਿੰਘ ਧਾਲੀਵਾਲ ਨੂੰ ਸਨਮਾਨਿਤ ਕਰਦੇ ਹੋਏ ਸੀਨੀ: ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਹੋਰ। (25 ਜਨਵਰੀ)



ਵਿਰਾਸਤੀ ਮਾਰਗ 'ਤੇ ਲੱਗੇ ਬੁੱਤਾਂ ਸਬੰਧੀ ਸਬ-ਕਮੇਟੀ ਦੀ ਇਕੱਤਰਤਾ 'ਚ ਸ਼ਾਮਲ ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ, ਮੁੱਖ ਸਕੱਤਰ ਡਾ. ਰੂਪ ਸਿੰਘ, ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਸ. ਨਿਰਮਲ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੀਤ ਸਕੱਤਰ ਤੇ ਬੁਲਾਰਾ ਸ. ਕੁਲਵਿੰਦਰ ਸਿੰਘ ਰਮਦਾਸ ਤੇ ਹੋਰ। (23 ਜਨਵਰੀ)



ਗੁਰਦੁਆਰਾ ਝੰਡਾ ਬੁੰਗਾ ਸਾਹਿਬ ਵਿਖੇ ਭਾਈ ਸਤਵੰਤ ਸਿੰਘ ਅਤੇ ਭਾਈ ਕੇਹਰ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਭਾਈ ਸਤਵੰਤ ਸਿੰਘ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਮੈਂਬਰ ਭਾਈ ਮਨਜੀਤ ਸਿੰਘ, ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਹੋਰ। (6 ਜਨਵਰੀ)



ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਤੇ ਟਾਟਾ ਮੈਮੋਰੀਅਲ ਹਸਪਤਾਲ ਮੁੰਬਈ ਵਿਚ ਸਮਝੌਤਾ ਕਰਨ ਸਮੇਂ ਮੁੱਖ ਸਕੱਤਰ ਡਾ. ਰੂਪ ਸਿੰਘ, ਡੀਨ ਡਾ. ਏ. ਪੀ. ਸਿੰਘ, ਰਜਿਸਟਰਾਰ ਡਾ. ਬਲਜੀਤ ਸਿੰਘ ਖੁਰਾਣਾ, ਡਾ. ਜਸਕਰਨ ਸਿੰਘ, ਟਾਟਾ ਮੈਮੋਰੀਅਲ ਹਸਪਤਾਲ ਦੇ ਡਾਇਰੈਕਟਰ ਡਾ. ਰਾਜਿੰਦਰਾ ਬਾਦਵੇ, ਡਾਇਰੈਕਟਰ ਅਕਾਦਮਿਕ ਡਾ. ਐਸ. ਡੀ. ਬਾਨਵਾਲੀ, ਡਾ. ਪੰਕਜ ਚਤਰਵੇਦੀ, ਡਾ. ਪਰਥਮੇਸ਼ ਤੇ ਹੋਰ।



ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਜਾਏ ਗਏ ਜਲੌ ਦਾ ਮਨਮੋਹਕ ਦ੍ਰਿਸ਼। (2 ਜਨਵਰੀ)



ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਸਜਾਏ ਗਏ ਨਗਰ ਕੀਰਤਨ ਸਮੇਂ ਸੀਨੀ: ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਮੁੱਖ ਸਕੱਤਰ ਡਾ. ਰੂਪ ਸਿੰਘ, ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਹੋਰ। (25 ਜਨਵਰੀ)




ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਭਾਈ ਪਿੰਦਰਪਾਲ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਮ ਸਿੰਘ ਤੇ ਹੋਰ। (27 ਜਨਵਰੀ)




ਅਦਾਰਾ ਸੱਚੇ ਪਾਤਸ਼ਾਹ ਵੱਲੋਂ ਦਿੱਲੀ 'ਚ ਕਰਵਾਏ ਗਏ ਸਨਮਾਨ ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਸ. ਸੁਖਦੇਵ ਸਿੰਘ ਰਿਐਤ, ਸ. ਸੁਰਜੀਤ ਸਿੰਘ ਆਰਟਿਸਟ, ਸਾਬਕਾ ਸਕੱਤਰ ਸ. ਦਿਲਜੀਤ ਸਿੰਘ ਬੇਦੀ ਤੇ ਹੋਰ। (21 ਜਨਵਰੀ)



ਮੱਧ ਪ੍ਰਦੇਸ਼ ਵਿਖੇ ਸੂਬਾ ਸਰਕਾਰ ਵੱਲੋਂ ਬੇਘਰ ਕੀਤੇ ਸਿੱਖਾਂ ਦੀ ਮਦਦ ਲਈ ਪੁੱਜੇ ਸ਼੍ਰੋਮਣੀ ਕਮੇਟੀ ਦੇ ਵਫ਼ਦ ਮੈਂਬਰ ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਭਾਈ ਗੁਰਚਰਨ ਸਿੰਘ ਗਰੇਵਾਲ ਤੇ ਮੀਤ ਸਕੱਤਰ ਸ. ਤਜਿੰਦਰ ਸਿੰਘ ਪੱਡਾ ਨੁਕਸਾਨੇ ਗਏ ਘਰਾਂ ਦਾ ਜਾਇਜ਼ਾ ਲੈਂਦੇ ਹੋਏ। (4 ਜਨਵਰੀ)



ਮੱਧ ਪ੍ਰਦੇਸ਼ 'ਚ ਸਰਕਾਰ ਵੱਲੋਂ ਉਜਾੜੇ ਗਏ ਸਿੱਖਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ 50-50 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦੇ ਚੈੱਕ ਦਿੰਦੇ ਹੋਏ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ। (29 ਜਨਵਰੀ)



ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਤੇ ਸੁਪਰਵਾਈਜ਼ਰ ਸ. ਸਤਪਾਲ ਸਿੰਘ ਨੂੰ ਸੇਵਾ ਮੁਕਤ ਹੋਣ ਸਮੇਂ ਸਨਮਾਨ ਦਿੰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸਾਬਕਾ ਸਕੱਤਰ ਸ. ਸਤਬੀਰ ਸਿੰਘ ਧਾਮੀ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਗੁਰਿੰਦਰ ਸਿੰਘ ਮਥਰੇਵਾਲ ਤੇ ਹੋਰ। (31 ਜਨਵਰੀ)



ਸ਼੍ਰੋਮਣੀ ਕਮੇਟੀ ਦੇ ਸੇਵਾਦਾਰ ਸ. ਗੁਰਚਰਨ ਸਿੰਘ ਨੂੰ ਸੇਵਾ ਮੁਕਤ ਹੋਣ ਸਮੇਂ ਸਨਮਾਨ ਦਿੰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸਾਬਕਾ ਸਕੱਤਰ ਸ. ਸਤਬੀਰ ਸਿੰਘ ਧਾਮੀ, ਮੀਤ ਸਕੱਤਰ ਸ. ਸਤਿੰਦਰ ਸਿੰਘ ਤੇ ਹੋਰ। (31 ਜਨਵਰੀ)

(ਪੰਨਾ ੩੪ ਦਾ ਬਾਕੀ)

ਅਤੇ ਸ਼੍ਰੋਮਣੀ ਕਮੇਟੀ ਦੇ ਸਟਾਲ ਤੋਂ ਉਸਨੂੰ ਗਿਆਨ ਭਰਪੂਰ ਕਿਤਾਬਾਂ ਮਿਲੀਆਂ ਹਨ। ਪੁਸਤਕ ਮੇਲੇ ਦੌਰਾਨ ਹੋਰ ਪਾਠਕਾਂ ਵੱਲੋਂ ਵੀ ਸ਼੍ਰੋਮਣੀ ਕਮੇਟੀ ਦੇ ਉਪਰਾਲੇ ਦੀ ਭਰਵੀਂ ਪ੍ਰਸੰਸਾ ਕੀਤੀ ਗਈ। ਪੁਸਤਕ ਮੇਲੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਟਾਲ 'ਤੇ ਪ੍ਰਚਾਰਕ ਭਾਈ ਕੁਲਵੰਤ ਸਿੰਘ, ਭਾਈ ਪ੍ਰਭ ਸਿੰਘ, ਸ. ਨਰਿੰਦਰ ਸਿੰਘ, ਭਾਈ ਜਰਨੈਲ ਸਿੰਘ, ਭਾਈ ਅਜਾਦਵਿੰਦਰ ਸਿੰਘ ਅਤੇ ਭਾਈ ਸਿਮਰਨਜੀਤ ਸਿੰਘ ਵੱਲੋਂ ਸੇਵਾ ਨਿਭਾਈ ਗਈ। ੧੩ ਜਨਵਰੀ

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ

ਅੰਮ੍ਰਿਤਸਰ- ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਲਾਜ਼ਮਾਂ ਵੱਲੋਂ ਅਕਾਲੀ ਕਲੋਨੀ, ਸੁਲਤਾਨਵਿੰਡ ਰੋਡ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਦੱਸਣਯੋਗ ਹੈ ਕਿ ਕਲੋਨੀ ਨਿਵਾਸੀਆਂ ਵੱਲੋਂ ਇਹ ਸਮਾਗਮ ਹਰ ਸਾਲ ਕਰਵਾਇਆ ਜਾਂਦਾ ਹੈ। ਇਸ ਵਾਰ ਅੱਠਵੇਂ ਸਾਲਾਨਾ ਗੁਰਮਤਿ ਸਮਾਗਮ ਦੌਰਾਨ ਕਲੋਨੀ ਦੇ ਬੱਚਿਆਂ ਨੇ ਧਾਰਮਿਕ ਕਵਿਤਾ, ਕਵੀਸ਼ਰੀ, ਭਾਸ਼ਣ ਅਤੇ ਸ਼ਬਦ ਗਾਇਣ ਮੁਕਾਬਲਿਆਂ ਵਿਚ ਹਿੱਸਾ ਲੈਂਦਿਆਂ ਸਿੱਖ ਇਤਿਹਾਸ ਦੀ ਪੇਸ਼ਕਾਰੀ ਕੀਤੀ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੇ ਭੋਗ ਪਾਏ ਗਏ ਅਤੇ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਜੀਤ ਸਿੰਘ ਅਤੇ ਭਾਈ ਸੁਖਵਿੰਦਰ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਸਮਾਗਮ ਦੌਰਾਨ ਕਥਾਵਾਚਕ ਭਾਈ ਸੁਖਰਾਜ ਸਿੰਘ ਨੇ ਸੰਗਤ ਨੂੰ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਦੇ ਉਪਦੇਸ਼ਾਂ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਕਲੋਨੀ ਨਿਵਾਸੀਆਂ ਵੱਲੋਂ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨਾ ਅਤੇ ਗੁਰਮਤਿ ਗਿਆਨ ਦ੍ਰਿੜ ਕਰਵਾਉਣਾ ਇਕ ਵਧੀਆ ਉਪਰਾਲਾ ਹੈ ਜਿਸ ਨਾਲ ਬੱਚਿਆਂ ਅੰਦਰ ਧਰਮ ਦੇ ਸੁਨਹਿਰੀ ਇਤਿਹਾਸ ਅਤੇ ਸਿਧਾਂਤਾਂ ਦਾ ਸੰਚਾਰ ਹੋਵੇਗਾ। ਇਸ ਮੌਕੇ ਧਾਰਮਿਕ ਮੁਕਾਬਲਿਆਂ ਵਿੱਚੋਂ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਆਏ ਬੱਚਿਆਂ ਦੀ ਹੌਸਲਾ-ਅਫਜਾਈ ਵਜੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦੇ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਗੁਰਮੀਤ ਸਿੰਘ ਮੁਕਤਸਰੀ, ਸ. ਜਸਬੀਰ ਸਿੰਘ, ਸ. ਪਲਵਿੰਦਰ ਸਿੰਘ ਕਠਿਆਲਾ, ਸ. ਸਤਨਾਮ ਸਿੰਘ ਹਬੀਬਵਾਲ, ਸ. ਸੁਖਜੀਤ ਸਿੰਘ ਧੂਰੀ, ਸ. ਕਰਮਜੀਤ ਸਿੰਘ, ਬੀਬੀ ਪਰਮਜੀਤ ਕੌਰ ਨਾਭਾ, ਬੀਬੀ ਰਣਜੀਤ ਕੌਰ ਪੰਨਵਾ, ਬੀਬੀ ਹਰਪਿੰਦਰ ਕੌਰ, ਬੀਬੀ ਸਿਮਰਤਜੀਤ ਕੌਰ ਖਾਲਸਾ ਸਮੇਤ ਕਲੋਨੀ ਦੀਆਂ ਸੰਗਤਾਂ ਮੌਜੂਦ ਸਨ। ੨੧ ਜਨਵਰੀ

# ਗੁਰਦੁਆਰਾ ਪ੍ਰਬੰਧ: ਚੋਣਵੇਂ ਸਰੋਕਾਰ' ਵਿਸ਼ੇ ਤਹਿਤ ਸੈਮੀਨਾਰ

## ਗੁਰਦੁਆਰਾ ਮੈਨੇਜਮੈਂਟ 'ਤੇ ਆਰੰਭਿਆ ਕੋਰਸ ਸ਼੍ਰੋਮਣੀ ਕਮੇਟੀ ਦਾ ਵਿਲੱਖਣ ਕਾਰਜ: ਜਥੇਦਾਰ ਗਿਆਨੀ ਹਰਪ੍ਰੀਤ ਸਿੰਘ

ਬਹਾਦਰਗੜ੍ਹ- ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਅਡਵਾਂਸਡ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ, ਪਟਿਆਲਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸ਼ਤਾਬਦੀ ਨੂੰ ਸਮਰਪਿਤ 'ਪ੍ਰਬੰਧ ਅਧਿਐਨ ਅਤੇ ਗੁਰਦੁਆਰਾ ਪ੍ਰਬੰਧ: ਚੋਣਵੇਂ ਸਰੋਕਾਰ' ਵਿਸ਼ੇ ਤਹਿਤ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੀ ਆਰੰਭਤਾ

ਮੌਕੇ ਡਾ. ਤੇਜਿੰਦਰ ਕੌਰ ਧਾਲੀਵਾਲ ਡਾਇਰੈਕਟਰ, ਡਾਇਰੈਕਟੋਰੇਟ ਆਫ ਐਜੂਕੇਸ਼ਨ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਆਖਿਆ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ੁਰੂ ਕੀਤਾ ਗਿਆ ਬੈਚੁਲਰ ਆਫ਼ ਮੈਨੇਜਮੈਂਟ ਸਟੱਡੀਜ਼ (ਗੁਰਦੁਆਰਾ ਮੈਨੇਜਮੈਂਟ) ਕੋਰਸ ਸ਼ਲਾਘਾਯੋਗ ਉਪਰਾਲਾ ਹੈ। ਸਿੰਘ ਸਾਹਿਬ ਜੀ ਨੇ ਕਿਹਾ ਕਿ ਇਹ ਵਿਸ਼ਾ ਆਪਣੇ ਆਪ ਵਿਚ ਵਿਲੱਖਣ ਅਤੇ ਬਹੁਤ ਮਹੱਤਤਾ ਵਾਲਾ ਹੈ ਅਤੇ ਇਹੋ ਜਿਹੇ ਉਪਰਾਲੇ ਭਵਿੱਖ ਵਿਚ ਜਾਰੀ ਰੱਖਣੇ ਚਾਹੀਦੇ ਹਨ।

ਇਸ ਮੌਕੇ ਡਾ. ਬ੍ਰਿਜਪਾਲ ਸਿੰਘ ਜੀ ਨੇ 'ਗੁਣਵੰਤ ਪ੍ਰਬੰਧਕ: ਯੋਗਤਾਵਾਂ ਤੇ ਜ਼ਿੰਮੇਵਾਰੀਆਂ' ਵਿਸ਼ੇ ਤਹਿਤ ਚਾਨਣਾ ਪਾਉਂਦਿਆਂ ਕਿਹਾ ਕਿ ਸੇਵਾ ਅਤੇ ਸਿਮਰਨ, ਗੁਣਵੰਤ ਪ੍ਰਬੰਧ ਦੀਆਂ ਮੁੱਢਲੀਆਂ ਯੋਗਤਾਵਾਂ ਹਨ। ਉਨ੍ਹਾਂ ਕਿਹਾ ਕਿ ਕੁਸ਼ਲ ਪ੍ਰਬੰਧਕ ਨਿੱਜ ਹਿੱਤ ਨਾਲੋਂ ਸੰਸਥਾ ਦੇ ਹਿੱਤ ਨੂੰ ਵਧੇਰੇ ਤਰਜੀਹ ਦਿੰਦਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ ਨੇ ਆਪਣੇ ਪ੍ਰਧਾਨਗੀ ਭਾਸ਼ਨ ਵਿਚ ਕਿਹਾ ਕਿ ਇਸ ਸੰਸਥਾ ਵਿਚ ਚੱਲ ਰਹੇ ਕੋਰਸ ਦੀ ਗੁਰਦੁਆਰਾ ਪ੍ਰਬੰਧ ਵਿਚ ਬਹੁਤ ਜ਼ਿਆਦਾ ਮਹੱਤਤਾ ਹੈ ਅਤੇ ਸਮੇਂ ਦੀ ਲੋੜ ਨੂੰ ਮੁਖ ਰਖਦਿਆਂ ਇਹੋ ਜਿਹੇ ਹੋਰ ਵੀ ਕੋਰਸ ਸ਼ੁਰੂ ਕਰਨੇ ਚਾਹੀਦੇ ਹਨ। ਸਮਾਗਮ ਦੇ ਅੰਤ ਵਿੱਚ ਸ਼੍ਰੋਮਣੀ ਕਮੇਟੀ ਮੈਂਬਰ ਸ. ਜਰਨੈਲ ਸਿੰਘ ਕਰਤਾਰਪੁਰ ਨੇ ਆਏ ਵਿਦਵਾਨਾਂ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ। ਸੈਮੀਨਾਰ ਦੌਰਾਨ ਹੋਰਨਾਂ ਤੋਂ ਇਲਾਵਾ ਡਾ. ਵਰਿੰਦਰਪਾਲ ਸਿੰਘ, ਡਾ. ਗੁਰਮੇਲ ਸਿੰਘ, ਡਾ. ਪੁਸ਼ਪਿੰਦਰ ਸਿੰਘ, ਡਾ. ਆਰ.ਕੇ.ਸ਼ਰਮਾ ਨੇ ਵੀ ਗੁਰਦੁਆਰਾ ਪ੍ਰਬੰਧ ਵਿਸ਼ੇ 'ਤੇ ਆਪਣੇ ਵਿਚਾਰ ਰੱਖੇ। ਸੰਸਥਾ ਦੇ ਮੁਖੀ ਡਾ. ਚਮਕੌਰ ਸਿੰਘ ਜੀ ਨੇ ਚੱਲ ਰਹੇ ਕੋਰਸ ਲਈ ਅਧਿਐਨ ਸਮੱਗਰੀ ਦੀ ਲੋੜ ਨੂੰ ਪੂਰਾ ਕਰਨ ਲਈ ਵਿਦਵਾਨ ਬੁਲਾਰਿਆਂ ਦੇ ਨਿਰੰਤਰ ਸਹਿਯੋਗ ਲਈ ਅਪੀਲ ਕੀਤੀ। ਸਮਾਗਮ ਵਿਚ ਸ. ਜਸਮੇਰ ਸਿੰਘ ਲਾਛੜੂ ਅੰਤ੍ਰਿੰਗ ਮੈਂਬਰ, ਅੰਤ੍ਰਿੰਗ ਮੈਂਬਰ ਬੀਬੀ ਕੁਲਦੀਪ ਕੌਰ ਟੌਹੜਾ, ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਪ੍ਰਿੰਸੀਪਲ ਪ੍ਰਭਜੋਤ ਕੌਰ ਚੰਡੀਗੜ੍ਹ, ਡਾ. ਬਲਕਾਰ ਸਿੰਘ, ਡਾ. ਪਰਮਵੀਰ ਸਿੰਘ, ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ, ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉਭਾ, ਡਾ. ਪ੍ਰਭਜੀਤ ਸਿੰਘ, ਪ੍ਰਿੰਸੀਪਲ ਡਾ. ਰਮਨਜੀਤ ਕੌਰ, ਪ੍ਰਿੰਸੀਪਲ ਜਸਵੀਰ ਕੌਰ, ਪ੍ਰਿੰਸੀਪਲ ਹਰਮੀਤ ਕੌਰ ਅਨੰਦ, ਪ੍ਰਿੰਸੀਪਲ ਡਾ. ਗੁਰਵੀਰ ਸਿੰਘ, ਡਾ. ਮਲਕਿੰਦਰ ਕੌਰ, ਡਾ. ਕਿਰਨਦੀਪ ਕੌਰ, ਡਾ. ਹਰਦੇਵ ਸਿੰਘ, ਡਾ. ਤੇਜਿੰਦਰਪਾਲ ਸਿੰਘ ਸਮੇਤ ਬਹੁਤ ਸਾਰੀਆਂ ਨਾਮਵਰ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।

੨੯ ਜਨਵਰੀ

# ਅਦਾਰਾ ਸੱਚੇ ਪਾਤਸ਼ਾਹ ਵੱਲੋਂ ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਡਾ. ਸਰਨਾ ਸਨਮਾਨਿਤ

ਅੰਮ੍ਰਿਤਸਰ- ਦਿੱਲੀ ਤੋਂ ਪ੍ਰਕਾਸ਼ਤ ਹੁੰਦੇ 'ਸੱਚੇ ਪਾਤਸ਼ਾਹ' ਧਾਰਮਿਕ ਮੈਗਜ਼ੀਨ ਦੇ ਪ੍ਰਬੰਧਕਾਂ ਵੱਲੋਂ ਸਿੱਖ ਪੰਥ ਦੇ ਦੋ ਪ੍ਰਸਿੱਧ ਸਿੱਖ ਵਿਦਵਾਨ ਡਾ. ਰੂਪ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਕਮੇਟੀ ਅਤੇ ਡਾ. ਜਸਬੀਰ ਸਿੰਘ ਸਰਨਾ ਕਸ਼ਮੀਰ ਨੂੰ ਕ੍ਰਮਵਾਰ ਡਾ. ਲੱਖਾ ਸਿੰਘ ਪੁਰਸਕਾਰ ਅਤੇ ਸ. ਬਹਾਦਰ ਸਿੰਘ ਯਾਦਗਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਅਦਾਰੇ ਵੱਲੋਂ ਰਸ਼ੀਅਨ ਕਲਚਰਲ ਸੈਂਟਰ ਫਿਰੋਜ਼ਸ਼ਾਹ ਰੋਡ ਨਵੀਂ ਦਿਲੀ ਵਿਖੇ ਰੱਖੇ ਸਨਮਾਨ ਸਮਾਰੋਹ ਮੌਕੇ ਪੰਜਾਬੀ ਸਾਹਿਤ ਦੇ ਇਨ੍ਹਾਂ ਨਾਮਵਰ ਦੋ ਸਿੱਖ ਵਿਦਵਾਨਾਂ ਤੋਂ ਇਲਾਵਾ ਸਿੱਖ ਪੰਥ ਦੇ ਚਰਚਿਤ ਕਵੀਆਂ ਨੂੰ ਵੀ ਵੱਖ-ਵੱਖ ਐਵਾਰਡ ਦਿੱਤੇ ਗਏ। ਇਹ ਪੰਜਾਬੀ

ਦਾ ਪਹਿਲਾ ਧਾਰਮਿਕ ਮਾਸਿਕ ਪੱਤਰ ਹੈ, ਜੋ ਆਪਣੇ ਸਾਲਾਨਾ ਸਮਾਗਮ ਸਮੇਂ ਪੰਜਾਬੀ ਸਾਹਿਤ ਅਤੇ ਗੁਰਮਤਿ ਵਿੱਚ ਨਾਮਣਾ ਖੱਟਣ ਵਾਲੇ ਵਿਸ਼ੇਸ਼ ਵਿਦਵਾਨਾਂ ਤੇ ਸਿੱਖ ਸ਼ਖ਼ਸ਼ੀਅਤਾਂ ਨੂੰ ਸਨਮਾਨਿਤ ਕਰਦਾ ਆ ਰਿਹਾ ਹੈ। ਪਰਚੇ ਦੇ ਸੰਪਾਦਕ ਸ. ਸੁਰਜੀਤ ਸਿੰਘ ਆਰਟਿਸਟ ਹਨ ਅਤੇ ੧੨ ਸਾਲਾਂ ਤੋਂ ਛਪ ਰਹੇ ਇਸ ਮਾਸਿਕ ਪੱਤਰ ਨੂੰ ਵਰਲਡ ਬੁੱਕ ਵਿਚ ਦਰਜ਼ ਹੋਣ ਦਾ ਮਾਣ ਵੀ ਹਾਸਲ ਹੈ।

ਸਨਮਾਨ ਸਮਾਗਮ ਦੌਰਾਨ ਡਾ. ਰੂਪ ਸਿੰਘ ਨੂੰ ਡਾ. ਲੱਖਾ ਸਿੰਘ ਮੈਮੋਰੀਅਲ ਐਵਾਰਡ ਅਤੇ ਡਾ. ਜਸਬੀਰ ਸਿੰਘ ਸਰਨਾ ਕਸ਼ਮੀਰ ਨੂੰ ਸਵਰਗੀ ਸ. ਬਹਾਦਰ ਸਿੰਘ ਯਾਦਗਾਰੀ ਐਵਾਰਡ ਤਹਿਤ ੨੧-੨੧ ਹਜ਼ਾਰ ਰੁਪਏ ਨਕਦ ਇਨਾਮੀ ਰਾਸ਼ੀ, ਯਾਦਗਾਰੀ ਚਿੰਨ, ਸਨਮਾਨ ਪੱਤਰ ਅਤੇ ਦੋਸ਼ਾਲਾ ਭੇਟ ਕੀਤਾ ਗਿਆ। ਇਨ੍ਹਾਂ ਸਨਮਾਨਿਤ ਵਿਦਵਾਨਾਂ ਨੇ ਸਿੱਖ ਜਗਤ ਨੂੰ ਵੱਡੀ ਸਾਹਿਤਕ ਦੇਣ ਦਿਤੀ ਹੈ। ਦੋਹਾਂ ਵਿਦਵਾਨਾਂ ਨੇ ਯਾਦਗਾਰੀ ਪੁਸਤਕਾਂ ਸਿੱਖ ਜਗਤ ਦੀ ਝੋਲੀ ਪਾਈਆਂ ਹਨ।

ਸਨਮਾਨ ਸਮਾਰੋਹ ਦੇ ਮੁੱਖ ਮਹਿਮਾਨ ਵਜੋਂ ਪ੍ਰਸਿੱਧ ਸਨਅਤਕਾਰ ਸ. ਗੁਰਮੀਤ ਸਿੰਘ ਕੁਲਾਰ ਸ਼ਾਮਲ ਹੋਏ ਅਤੇ ਪ੍ਰਧਾਨਗੀ ਮੰਡਲ ਵਿੱਚ ਸ. ਸੁਖਦੇਵ ਸਿੰਘ ਰਿਐਤ, ਸ. ਬਲਬੀਰ ਸਿੰਘ ਇੰਜੀ: ਸ. ਮਹਿੰਦਰ ਸਿੰਘ ਭੁੱਲਰ, ਸ. ਇੰਦਰਜੀਤ ਸਿੰਘ, ਸ. ਹਰਭਜਨ ਸਿੰਘ ਫੁੱਲ, ਸ. ਦਿਲਜੀਤ ਸਿੰਘ ਬੇਦੀ, ਸ. ਸੁਰਜੀਤ ਸਿੰਘ ਆਰਟਿਸਟ ਸ਼ਾਮਲ ਸਨ। ਇਸ ਮੌਕੇ ਡਾ. ਜਸਬੀਰ ਸਿੰਘ ਸਰਨਾ ਦੀ ਪੁਸਤਕ ਬਾਜ਼ਨਾਮਾ ਜੋ ਆਲ ਇੰਡਿਆ ਸਿੱਖ ਸਟੂਡੈਂਟਸ ਦਾ ਸੰਖੇਪ ਇਤਿਹਾਸ ਹੈ ਅਤੇ ਸ. ਸੁਰਜੀਤ ਸਿੰਘ ਆਰਟਿਸਟ ਦੀ ਪੁਸਤਕ 'ਪਹਿਲ ਕਦਮੀ' ਰੀਲੀਜ਼ ਕੀਤੀ ਗਈਆਂ।

ਦੱਸਣਯੋਗ ਹੈ ਕਿ ਅਦਾਰਾ ਸੱਚੇ ਪਾਤਸ਼ਾਹ ਵੱਲੋਂ ਹੁਣ ਤੱਕ ਲਗਭਗ ੬੦ ਵਿਦਵਾਨਾਂ ਅਤੇ ੨੦ ਨਾਮਵਰ ਸਿੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਜਾ ਚੁੱਕਾ ਹੈ। ਮੈਗਜ਼ੀਨ ਦੇ ਸੰਪਾਦਕ ਸ. ਸੁਰਜੀਤ ਸਿੰਘ ਅਨੁਸਾਰ ਸਨਮਾਨਿਤ ਕੀਤੀਆਂ ਜਾ ਚੁੱਕੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਵਰਗੀ ਜਥੇ: ਅਵਤਾਰ ਸਿੰਘ, ਮੌਜੂਦਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ ੯੬ ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਤੇ ਸਿੱਖ ਵਿਦਵਾਨ ਸ. ਦਿਲਜੀਤ ਸਿੰਘ ਬੇਦੀ, ਉੱਘੇ ਵਿਦਵਾਨ ਡਾ. ਰਵੇਲ ਸਿੰਘ, ਡਾ. ਰਤਨ ਸਿੰਘ ਜੱਗੀ, ਡਾ. ਗੁਰਭਜਨ ਸਿੰਘ ਗਿੱਲ, ਡਾ. ਗੁਰਮੁਖ ਸਿੰਘ ਚੰਡੀਗੜ੍ਹ, ਡਾ. ਜਗਬੀਰ ਸਿੰਘ, ਡਾ. ਹਰਚੰਦ ਸਿੰਘ ਬੇਦੀ, ਡਾ. ਬਲਦੇਵ ਸਿੰਘ ਬੱਦਨ, ਸ. ਜਸਵੰਤ ਸਿੰਘ ਜੱਸ ਪੱਤਰਕਾਰ, ਉੱਘੇ ਬਜ਼ੁਰਗ ਕਵੀ ਸ. ਗੁਰਚਰਨ ਸਿੰਘ, ਸ. ਭਗਵਾਨ ਸਿੰਘ ਦੀਪਕ, ਡਾ. ਤਰਵਿੰਦਰ ਕੌਰ ਆਦਿ ਨਾਮ ਸ਼ਾਮਲ ਹਨ।

ਸਨਮਾਨ ਸਮਾਰੋਹ ਸਮੇਂ ਕਵੀ ਸ. ਜਸਵੰਤ ਸਿੰਘ ਸੇਖਵਾਂ, ਸ੍ਰੀ ਹਰਿੰਦਰ ਪਤੰਗਾ, ਪ੍ਰਿੰਸੀਪਲ ਜਸਵਿੰਦਰ ਸਿੰਘ, ਪ੍ਰਿੰਸੀਪਲ ਮਿਲਖੀਰਾਮ, ਡਾ. ਹਰਬੰਸ ਕੌਰ ਸੱਗੂ, ਡਾ. ਹਰਪ੍ਰੀਤ ਕੌਰ, ਬੀਬਾ ਤਰਨਪ੍ਰੀਤ ਕੌਰ, ਸੁੰਦਰਪਾਲ ਪ੍ਰੇਮੀ, ਅਨੂਪ ਸਿੰਘ ਨੂਰੀ, ਸਿਮਰਨ ਸੇਠੀ, ਸ. ਅਵਤਾਰ ਸਿੰਘ ਭੂਰਜੀ, ਸ. ਅਜੀਤ ਸਿੰਘ ਸੀਹਰਾ, ਸ. ਹਰਦੀਪ ਸਿੰਘ, ਸ. ਭਗਵਾਨ ਸਿੰਘ ਥੰਜਲ, ਸ. ਪਰਮਜੀਤ ਸਿੰਘ ਵਿਰਦੀ, ਸ. ਸ਼ੁਕਰਗੁਜਾਰ ਸਿੰਘ ਐਡਵੋਕੇਟ, ਐਸ. ਐਸ. ਕਲਸੀ, ਸ. ਕੰਵਰਜੀਤ ਸਿੰਘ, ਸ. ਜਗਦੀਪ ਸਿੰਘ ਸੋਈ, ਸ. ਕੁਲਵੰਤ ਸਿੰਘ ਖਾਲਸਾ, ਸ. ਜਸਵਿੰਦਰ ਸਿੰਘ ਰਿਐਤ ਆਦਿ ਸ਼ਖ਼ਸ਼ੀਅਤਾਂ ਹਾਜ਼ਰ ਸਨ। ੨੧ ਜਨਵਰੀ

# ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ

ਅੰਮ੍ਰਿਤਸਰ- ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧ

